Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact: 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 30 | Monday, February 14, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਅੰਬੈਸਡਰ ਬ੍ਰਿੱਜ ਖੁੱਲ੍ਹਵਾਉਣ ਲਈ ਪੁਲਿਸ ਲਾ ਰਹੀ ਹੈ ਪੂਰਾ ਜ਼ੋਰ, 30 ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ

ਵਿੰਡਸਰ, 13 ਫਰਵਰੀ (ਪੋਸਟ ਬਿਊਰੋ) : ਐਤਵਾਰ ਨੂੰ ਵਿੰਡਸਰ ਪੁਲਿਸ ਵੱਲੋਂ ਅੰਬੈਸਡਰ ਬ੍ਰਿੱਜ ਤੋਂ ਮੁਜ਼ਾਹਰਾਕਾਰੀਆਂ ਨੂੰ ਹਟਾਉਣ ਲਈ ਸਖ਼ਤ ਕਦਮ ਚੁੱਕੇ ਗਏ। ਪੁਲਿਸ ਨੇ ਆਖਿਆ ਕਿ ਹੁਣ ਲੱਗ ਰਿਹਾ ਹੈ ਕਿ ਇਹ ਅਹਿਮ ਕਰੌਸਿੰਗ ਜਲਦ ਹੀ ਖੁੱਲ੍ਹ ਜਾਵੇਗੀ।



ਵਿੰਡਸਰ ਪੁਲਿਸ ਚੀਫ ਪਾਮੇਲਾ ਮਿਜ਼ੂਨੋ ਨੇ ਆਖਿਆ ਕਿ ਪੁਲਿਸ ਅਧਿਕਾਰੀਆਂ ਨੇ 25 ਤੋਂ 30 ਗ੍ਰਿਫਤਾਰੀਆਂ ਕੀਤੀਆਂ, ਪੰਜ ਗੱਡੀਆਂ ਜ਼ਬਤ ਕੀਤੀਆਂ ਤੇ ਸੱਤ ਗੱਡੀਆਂ ਨੂੰ ਟੋਅ ਕਰਕੇ ਹਟਾਇਆ ਗਿਆ। ਇਹ ਸੱਭ ਮੁਜ਼ਾਹਰਾਕਾਰੀਆਂ ਨੂੰ ਇਲਾਕੇ ਤੋਂ ਹਟਾਉਣ ਲਈ ਕੀਤਾ ਗਿਆ। ਐਤਵਾਰ ਦੁਪਹਿਰ ਨੂੰ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਮਿਜ਼ੂਨੋ ਨੇ ਆਖਿਆ ਕਿ ਪੁਲਿਸ ਸਰਵਿਸ ਦਾ ਸਾਰਾ ਧਿਆਨ ਸੜਕਾਂ ਖੋਲ੍ਹਣ ਉੱਤੇ ਕੇਂਦਰਿਤ ਹੈ ਪਰ ਅਧਿਕਾਰੀ ਇਹ ਸੱਭ ਸੇਫ ਢੰਗ ਨਾਲ ਤੇ ਪੱਕੇ ਪੈਰੀਂ ਕਰਨਾ ਚਾਹੁੰਦੇ ਹਨ।

ਉਨ੍ਹਾਂ ਆਖਿਆ ਕਿ ਪੁਲਿਸ ਇਸ ਯੋਜਨਾ ਨੂੰ ਕਾਰਗਰ ਬਣਾਉਣ ਲਈ ਵੀ ਕੰਮ ਕਰ ਰਹੀ ਹੈ ਪਰ ਉਨ੍ਹਾਂ ਦੀ ਮੁੱਖ ਯੋਜਨਾ ਇਲਾਕੇ ਵਿੱਚ ਆਵਾਜਾਈ ਨੂੰ ਨਿਯੰਤਰਿਤ ਕਰਨ ਤੇ ਬ੍ਰਿੱਜ ਨੂੰ ਖੋਲ੍ਹਣਾ ਹੈ। ਮਿਜ਼ੂਨੋ ਨੇ ਆਖਿਆ ਕਿ ਪੁਲਿਸ ਪ੍ਰਸ਼ਾਸਨ ਦੀ ਇਸ ਕਾਰਵਾਈ ਵਿੱਚ ਕੋਈ ਵਿਘਣ ਪਾਉਣ ਵਾਲਿਆਂ ਨੂੰ ਮੁਜਰਮਾਨਾਂ ਕਾਰਵਾਈ ਦਾ ਸਾਹਮਣਾ ਕਰਨਾ ਹੋਵੇਗਾ। ਸਿਟੀ ਦੇ ਮੇਅਰ ਡ੍ਰਿਊ ਡਿਲਕਨਜ਼ ਵੱਲੋਂ ਪੁਲਿਸ ਦੇ ਕੰਮ ਦੀ ਸਰਾਹਨਾ ਕੀਤੀ ਗਈ। ਉਨ੍ਹਾਂ ਆਖਿਆ ਕਿ ਜਦੋਂ ਬਿਲਕੁਲ ਸੇਫ ਹੋਵੇਗਾ ਉਦੋਂ ਅੰਬੈਸਡਰ ਬ੍ਰਿੱਜ ਨੂੰ ਮੁੜ ਖੋਲ੍ਹਿਆ ਜਾਵੇਗਾ।

ਸ਼ਨਿੱਚਰਵਾਰ ਦੀ ਸਵੇਰ ਤੋਂ ਹੀ ਪੁਲਿਸ ਹੌਲੀ ਹੌਲੀ ਮੁਜ਼ਾਹਰਾਕਾਰੀਆਂ ਨੂੰ ਬ੍ਰਿੱਜ ਦੇ ਲਾਂਘੇ ਤੋਂ ਪਿੱਛੇ ਨੂੰ ਧੱਕ ਰਹੀ ਸੀ। ਪੁਲਿਸ ਨੇ ਇਹ ਵੀ ਆਖਿਆ ਸੀ ਕਿ ਗੱਡੀਆਂ ਨੂੰ ਟੋਅ ਕੀਤਾ ਜਾ ਰਿਹਾ ਹੈ ਤੇ ਰੈਜ਼ੀਡੈਂਟਸ ਨੂੰ ਇਸ ਇਲਾਕੇ ਵਿੱਚ ਨਹੀਂ ਆਉਣਾ ਚਾਹੀਦਾ। ਇਹ ਵੀ ਚੇਤਾਵਨੀ ਦਿੱਤੀ ਗਈ ਸੀ ਕਿ ਗੈਰਕਾਨੂੰਨੀ ਗਤੀਵਿਧੀਆਂ ਕਿਸੇ ਵੀ ਹਾਲ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਇਸ ਦੌਰਾਨ ਓਟਵਾ ਸਮੇਤ ਦੇਸ਼ ਭਰ ਵਿੱਚ ਕਈ ਥਾਂਵਾਂ ਉੱਤੇ ਮੁਜ਼ਾਹਰੇ ਜਾਰੀ ਰਹੇ।

## ਹਰ ਹਾਲ ਵਿੱਚ ਟਰੱਕਰਜ਼ ਦੇ ਮੁਜ਼ਾਹਰਿਆਂ ਨੂੰ ਖ਼ਤਮ ਕਰਵਾਕੇ ਹੀ ਸਾਹ ਲੈਣਗੇ ਟਰੂਡੋ

ਓਟਵਾ, 13 ਫਰਵਰੀ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਆਫਿਸ ਨੇ ਆਖਿਆ ਕਿ ਮੁਜ਼ਾਹਰਿਆਂ ਨੂੰ ਖ਼ਤਮ ਕਰਨ ਲਈ ਟਰੂਡੋ ਅਮਰੀਕਾ ਦੇ ਨੁਮਾਇੰਦਿਆਂ ਨਾਲ ਰਲ ਕੇ ਹਰ ਹੀਲਾ ਵਰਤਣ ਲਈ ਤਿਆਰ ਹਨ। ਇਹ ਵੀ ਦੱਸਿਆ ਗਿਆ ਕਿ ਫੈਡਰਲ ਮੰਤਰੀ ਤੇ ਉੱਘੇ ਕੈਨੇਡੀਅਨ ਅਧਿਕਾਰੀ ਅਮਰੀਕੀ ਨੁਮਾਇੰਦਿਆਂ ਨਾਲ ਰਲ ਕੇ ਟਰੱਕਰ ਕੌਨਵੌਏ ਦੇ ਮੁਜ਼ਾਹਰਿਆਂ ਨੂੰ ਨਿਯੰਤਰਿਤ ਕਰਨ ਬਾਰੇ ਵਿਚਾਰਾਂ ਕਰ ਰਹੇ ਹਨ।



ਇਨ੍ਹਾਂ ਮੁਜ਼ਾਹਰਿਆਂ ਖਿਲਾਫ ਕੈਨੇਡਾ ਤੇ ਅਮਰੀਕਾ ਵਿੱਚ ਭਾਰੀ ਸਿਆਸੀ ਦਬਾਅ ਦੇ ਚੱਲਦਿਆਂ ਦੋਵੇਂ ਸਰਕਾਰਾਂ ਇਸ ਮਸਲੇ ਨੂੰ ਜਲਦ ਤੋਂ ਜਲਦ ਹੱਲ ਕਰਨਾ ਚਾਹੁੰਦੀਆਂ ਹਨ। ਵੀਰਵਾਰ ਦੇਰ ਰਾਤ ਨੂੰ ਟਰੂਡੋ ਨੇ ਕਾਫੀ ਮੀਟਿੰਗਾਂ ਕੀਤੀਆਂ ਤੇ ਹਾਲਾਤ ਦਾ ਜਾਇਜ਼ਾ ਲਿਆ। ਕਈ ਕੈਬਨਿਟ ਮੰਤਰੀਆਂ ਤੇ ਸੀਨੀਅਰ ਅਧਿਕਾਰੀਆਂ ਨਾਲ ਇਹ ਮੁੱਦਾ ਵਿਚਾਰਿਆ ਗਿਆ। ਇੱਥੇ ਹੀ ਬੱਸ ਨਹੀਂ ਟਰੂਡੋ ਤੇ ਉਨ੍ਹਾਂ ਦੇ ਅਧਿਕਾਰੀਆਂ ਵੱਲੋਂ ਵਿਰੋਧੀ ਧਿਰਾਂ ਨੂੰ ਵੀ ਇਨ੍ਹਾਂ ਮੀਟਿੰਗਾਂ ਵਿੱਚ ਅਹਿਮ ਹਿੱਸਾ ਬਣਾਇਆ ਗਿਆ ਤੇ ਉਨ੍ਹਾਂ ਦੀ ਰਾਇ ਨੂੰ ਵੀ ਅਹਿਮੀਅਤ ਦਿੱਤੀ ਗਈ।

ਇਸ ਬਿਆਨ ਵਿੱਚ ਆਖਿਆ ਗਿਆ ਕਿ ਪ੍ਰਧਾਨ ਮੰਤਰੀ ਤੇ ਮੰਤਰੀ ਸਰਕਾਰ ਦੇ ਸਾਰੇ ਪੱਧਰਾਂ ਨਾਲ ਰਲ ਕੇ ਕਿਸੇ ਸਾਂਝੇ ਫੈਸਲੇ ਉੱਤੇ ਪਹੁੰਚਣਾ ਚਾਹੁੰਦੇ ਹਨ। ਜ਼ਿਕਰਯੋਗ ਹੈ ਕਿ ਟਰੱਕਰਜ਼ ਵੱਲੋਂ ਜਾਰੀ ਇਹ ਮੁਜ਼ਾਹਰਾ ਦੂਜੇ ਹਫਤੇ ਵੀ ਲਗਾਤਾਰ ਜਾਰੀ ਹੈ ਤੇ ਇਸ ਕਾਰਨ ਕੈਨੇਡਾ ਅਮਰੀਕਾ ਦੀ ਸਪਲਾਈ ਚੇਨ ਵੀ ਕਾਫੀ ਪ੍ਰਭਾਵਿਤ ਹੋ ਰਹੀ ਹੈ ਤੇ ਦੋਵਾਂ ਦੇਸ਼ਾਂ ਦੀਆਂ ਸਰਹੱਦਾਂ ਉੱਤੇ ਆਵਾਜਾਈ ਉੱਤੇ ਵੀ ਇਸ ਦਾ ਨਕਾਰਾਤਮਕ ਅਸਰ ਪੈ ਰਿਹਾ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI 416.994.7272
www.allkindinsurance.com

## ਨਵਜੋਤ ਸਿੱਧੂ ਨੇ ਪ੍ਰਿਅੰਕਾ ਗਾਂਧੀ ਦੇ ਸਾਹਮਣੇ ਹੀ ਮੰਚ 'ਤੇ ਬੋਲਣ ਤੋਂ ਨਾਂਹ ਕਰ ਦਿੱਤੀ

*** ਭਗਵੰਤ ਮਾਨ ਵਾਲੇ ਹਲਕੇ ਵਿਚ ਕਾਂਗਰਸ ਦੀ ਹਾਸੋਹੀਣੀ ਸਥਿਤੀ**

ਚੰਡੀਗੜ੍ਹ, 13 ਫਰਵਰੀ, (ਪੋਸਟ ਬਿਊਰੋ)- ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘਸਿੱਧੂ ਦੀ ਆਪਣੀ ਪਾਰਟੀ ਦੀਹਾਈ ਕਮਾਨ ਨਾਲ ਤਿੱਖੀ ਨਰਾਜ਼ਗੀ ਅੱਜਜੱਗ ਜ਼ਾਹਿਰ ਕਰ ਦਿੱਤੀ, ਜਦੋਂ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ



ਉਮੀਦਵਾਰ ਐਲਾਨੇ ਜਾਣ ਦੇ ਬਾਅਦ ਪਹਿਲੀ ਵਾਰ ਇੱਕੋ ਸਟੇਜ ਉੱਤੇ ਪ੍ਰਿਅੰਕਾ ਗਾਂਧੀ ਨਾਲ ਸਾਹਮਣੇ ਆਏ ਨਵਜੋਤ ਸਿੱਧੂਨੇ ਪ੍ਰਿਅੰਕਾ ਗਾਂਧੀ ਦੀ ਮੌਜੂਦਗੀ ਵਿਚ ਹੀ ਭਾਸ਼ਣ ਕਰਨ ਤੋਂ ਇਨਕਾਰ ਕਰ ਦਿੱਤਾ।

ਵਰਨਣ ਯੋਗ ਹੈ ਕਿ ਅੱਜ ਧੂਰੀ ਵਿਚ ਕਾਂਗਰਸ ਉਮੀਦਵਾਰ ਦੀ ਚੋਣ ਰੈਲੀ ਸੀ। ਏਥੋਂ ਆਮ ਆਦਮੀ ਪਾਰਟੀ ਦੇ ਪੰਜਾਬ ਦੇ ਪ੍ਰਧਾਨ ਤੇ ਮੁੱਖ ਮੰਤਰੀ ਦੇ ਅਹੁਦੇ ਲਈ ਉਮੀਦਵਾਰ ਭਗਵੰਤ ਮਾਨ ਨਾਲ ਕਾਂਗਰਸ ਦਾ ਸਿੱਧਾ ਮੁਕਾਬਲਾ ਹੈ। ...ਬਾਕੀ ਪੰਨਾ 5 'ਤੇ

## ਸਕਾਰਬਰੋ ਵਿੱਚ ਚੱਲੀ ਗੋਲੀ, 3 ਜ਼ਖ਼ਮੀ

ਸਕਾਰਬਰੋ,13 ਫਰਵਰੀ (ਪੋਸਟ ਬਿਊਰੋ) : ਐਤਵਾਰ ਨੂੰ ਸਕਾਰਬਰੋ ਵਿੱਚ ਚੱਲੀ ਗੋਲੀ ਕਾਰਨ ਤਿੰਨ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਲੇਅਟਨ ਐਵਨਿਊ ਤੇ ਪ੍ਰੌਰੀ ਡਰਾਈਵ ਇਲਾਕੇ ਵਿੱਚ ਦੁਪਹਿਰੇ 3:30 ਉੱਤੇ ਵਾਪਰੀ। ਪੈਰਾਮੈਡਿਕਸ ਨੇ ਦੱਸਿਆ ਕਿ ਜ਼ਖ਼ਮੀਆਂ ਨੂੰ



ਹਸਪਤਾਲ ਲਿਜਾਇਆ ਗਿਆ ਤੇ ਉਨ੍ਹਾਂ ਦੇ ਜ਼ਖ਼ਮ ਜਾਨਲੇਵਾ ਨਹੀਂ ਸਨ। ਅਜੇ ਤੱਕ ਕਿਸੇ ਮਸ਼ਕੂਕ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ। ਮਾਮਲੇ ਦੀ ਜਾਂਚ ਜਾਰੀ ਹੈ।

INSURANCE
Home, Auto, Business, Trucking, Life Insurance, Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

Locations: Woodbridge, Mississauga, Scarborough
YES! Immigration — Yes we can...
Celebrating 16 Years
16 ਸਾਲਾਂ ਤੋਂ ਤੁਹਾਡੀ ਸੇਵਾ ਵਿਚ
ਇੰਮੀਗਰੇਸ਼ਨ ਸੇਵਾਵਾਂ 10-20% Discount
ICCRC Raj Narang, Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor 416-724-5000

ROYAL STAR Realty Inc. Brokerage
Off: 905-793-1111 Fax: 905-793-1455
RESIDENTIAL | COMMERCIAL | INVESTMENT
Serving you from one of the Largest Offices in GTA !
GURVIR DHILLON Sales Representative
Dir: 647-409-1302
170 Steelwell Rd., Unit 200, Brampton, ON L6T 5T3
gaggi04@hotmail.com | www.royalstarrealty.com

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352) Manwinder Mangat
Aaxel InsuranceBrokers Ltd. 1332 Khalsa Dr, Unit # 11, Mississauga, ON L5S 0A2

Dubai Jewellers
10% additional discount on gold upto 50% on diamond.
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
ਨਵੇਂ ਬਣੇ ਪਲਾਜ਼ਾ ਦੇ ਵਿਚ
2700 Northpark Drive Unit #19, Brampton Ontario L6S 0E9
North Park & Airport Major Intersection
Raj & Gulshan Mob: 416-465-1200
www.dubaijewellers.ca info@dubaijewellers.ca

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
KSG Pest Control Inc. www.ksgpestcontrol.ca ksgpestcontrol@gmail.com
Amarjeet Singh Gill

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

KELLEY LAW OFFICE
Immigration, Real Estate, Family Law, Business Closing, Corporate, Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755


CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL 416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre | Avon Financial Inc.
Cell: 416-841-4218 Tel: 905-216-5563
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law, Business Law, Wills & Estates, Family Law, Power of Attorney, Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333 www.mannlawfirm.ca


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK,
TEXT & DATA PLAN
$25/mo.
1 Promenade Circle, Thornhill
379 Main St. North, Brampton
2456 Lake Shore Blvd West, Etobicoke
chatr™
AUTHORIZED DEALER
Offer subject to change without notice. Get up to 500MB of data on the Talk, Text and Data Plan. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2022

# ਦੇਸ਼ ਦਾ ਦਿਲ ਪੰਜਾਬ ਭਾਜਪਾ ਦੇ ਹੱਥ ਹੀ ਸੁਰੱਖਿਅਤ : ਅਮਿਤ ਸ਼ਾਹ



ਲੁਧਿਆਣਾ, 13 ਫਰਵਰੀ, (ਪੋਸਟ ਬਿਊਰੋ)- ਕੇਂਦਰੀ ਗ੍ਰਹਿ ਮੰਤਰੀ ਤੇ ਭਾਜਪਾ ਦੇ ਸੀਨੀਅਰ ਆਗੂ ਅਮਿਤ ਸ਼ਾਹ ਨੇਅੱਜ ਪੰਜਾਬ ਵਿੱਚ ਪਾਰਟੀ ਲਈ ਚੋਣ ਪ੍ਰਚਾਰ ਕੀਤਾ ਤਾਂ ਇਸ ਦੌਰਾਨ ਲੁਧਿਆਣਾ ਵਿਖੇ ਵਿਰੋਧੀਆਂ ਧਿਰਾਂ ਦੇ ਖਿਲਾਫ ਹਮਲਾ ਬੋਲਣ ਦੇ ਨਾਲ ਪੰਜਾਬ ਨੂੰ ਹਿੰਦੁਸਤਾਨ ਦਾ ਦਿਲ ਦੱਸਿਆ।

ਏਥੇ ਇੱਕ ਪ੍ਰੈਸ ਕਾਨਫਰੰਸ ਕਰਨ ਤੋਂ ਪਹਿਲਾਂ ਅਮਿਤ ਸ਼ਾਂਹ ਨੇ ਗੁਰੂ ਸਾਹਿਬਾਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸੀਸ ਝੁਕਾਇਆ। ਇਸ ਮੌਕੇ ਉਨ੍ਹਾਂ ਨਾਲ ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ, ਦਿੱਲੀ ਗੁਰਦੁ-ਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ, ਕੇਂਦਰੀ ਭਾਜਪਾ ਆਗੂ ਮੀਨਾਕਸ਼ੀ ਲੇਖੀ ਅਤੇ ਲੁਧਿਆਣਾ ਵਿਚ ਭਾਜਪਾ ਦੇ ਸੀਨੀਅਰ ਆਗੂ ਅਤੇ ਲੁਧਿਆਣਾ ਵਿਚਲੇ ਭਾਜਪਾ ਦੇ ਸਾਰੇ ਉਮੀਦਵਾਰ ਸਟੇਜ ਉੱਤੇ ਮੌਜੂਦ ਸਨ।

ਅਮਿਤ ਸ਼ਾਹ ਨੇ ਕਿਹਾ ਕਿ ਉਹ ਵਿਧਾਨ ਸਭਾ ਚੋਣਾਂ 2022 ਵਿੱਚ ਪ੍ਰਚਾਰ ਕਰਨ ਪਹਿਲੀ ਵਾਰੀ ਪੰਜਾਬ ਆਏ ਹਨ। ਉਨ੍ਹਾਂ ਕਿਹਾ ਕਿ ਮੈਂ ਗੁਜਰਾਤ ਵਿੱਚ ਰਹਿ ਕੇ ਹਮੇਸ਼ਾ ਪੰਜਾਬੀਆਂ ਨੂੰ ਕੁਰਬਾਨੀ ਕਰਦੇ ਵੇਖਿਆ ਅਤੇ ਕੁਰਬਾਨੀਆਂ ਦਾ ਇਤਿਹਾਸ ਵੇਖ ਕੇ ਖੁਸ਼ੀ ਹੁੰਦੀ ਸੀ।ਉਨ੍ਹਾ ਕਿਹਾ ਕਿ ਪੰਜਾਬ, ਹਿੰ-ਦੁਸਤਾਨ ਦਾ ਜਿਗਰ ਹੈ,ਅੱਜ ਦੇਸ਼ ਵਿੱਚ ਅਜਿਹਾ ਕੋਈ ਘਰ ਨਹੀਂ, ਜਿਥੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਤਸਵੀਰ ਨਾ ਲੱਗੀ ਹੋਵੇ।ਉਨ੍ਹਾ ਨੇ ਲੋਕਾਂ ਨੂੰ ਭਾਜਪਾ ਦੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਤੁਸੀਂ ਗਠਜੋੜ ਜਿਤਾਓ ਤੇ ਅਸੀਂ ਲੁਧਿਆਣਾ ਦੀ ਸਾਈਕਲ ਪੂਰੇ ਵਿਸ਼ਵ ਤੱਕ ਪੁਚਾਂਗੇ। ਅਮਿਤ ਸ਼ਾਹ ਨੇ ਕਿਹਾ ਕਿ ਐੱਨ ਡੀ ਏ ਦਾ ਚੋਣ ਮਨੋਰਥ ਪੱਤਰ ਉਹ ਦੇ ਚੁੱਕੇ ਹਨ, ਇਹ ਚੋਣਾਂ ਕੋਈ ਕਾਮੇਡੀ ਸਰਕਸ ਨਹੀਂ, ਪੰਜਾਬ ਦਾ ਭਵਿੱਖ ਸੰਵਾਰਨ ਦੀ ਵੰਗਾਰ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਜੇ ਕੋਈ ਸਰਕਾਰ ਹੈ ਤਾਂ ਉਹ ਭਾਜਪਾ ਦੀ ਮੋਦੀ ਸਰਕਾਰ ਹੈ, ਜਿਹੜੀ ਦੇਸ਼ ਨੂੰ ਸੁਰੱਖਿਅਤ ਰੱਖ ਸਕਦੀ ਹੈ ਤੇ ਪੰਜਾਬ ਦੀ ਸੁਰੱਖਿਆ ਲਈ ਐੱਨ ਡੀ ਏ ਦੀ ਸਰਕਾਰ ਜ਼ਰੂਰੀ ਹੈ।ਇਸ ਮੌਕੇ ਅਮਿਤ ਸ਼ਾਹ ਨੇ ਕਾਂਗਰਸਬਾਰੇ ਕਿਹਾ ਕਿ ਜੇ ਚਰਨਜੀਤ ਸਿੰਘ ਚੰਨੀ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਸੁਰੱਖਿਆ ਨਹੀਂ ਦੇ ਸਕਦਾ ਤਾਂ ਪੰਜਾਬ ਨੂੰ ਕੀ ਸੁਰੱਖਿਆ ਦੇਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹੀ ਸਰਕਾਰ ਚਾਹੀਦੀ ਹੈ, ਜਿਹੜੀ ਪ੍ਰਧਾਨ ਮੰਤਰੀ ਮੋਦੀ ਦੇ ਹੱਥ ਮਜਬੂਤ ਕਰੇ ਅਤੇ ਜੇ ਇੱਕ ਵਾਰ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣ ਗਈ ਤਾਂ ਖਾੜਕੂਵਾਦ ਨੂੰ ਭੁੱਲ ਜਾਓਗੇ।

# ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਜੱਥੇਦਾਰ ਅਕਾਲ ਤਖਤ ਸਾਹਿਬ ਨਾਲ ਅਚਾਨਕ ਬੰਦ ਕਮਰਾ ਮੀਟਿੰਗ

## * ਕਈ ਅਹਿਮ ਮਸਲਿਆਂ ਉੱਤੇ ਗੱਲਬਾਤ ਕਰਨ ਦੀ ਚਰਚਾ



ਚੰਡੀਗੜ੍ਹ, 13 ਫਰਵਰੀ, (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਲਈ ਪ੍ਰਚਾਰ ਕਰਨ ਵਾਸਤੇ ਪੰਜਾਬ ਆਏ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਐਤਵਾਰ ਸ਼ਾਮ ਸ੍ਰੀ ਹਰਮੰਦਿਰ ਸਾਹਿਬ ਵਿਖੇ ਮੱਥਾ ਟੇਕਣ ਦੇ ਬਾਅਦ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਨਾਲ ਬੰਦ ਕਮਰਾ ਮੀਟਿੰਗ ਕੀਤੀ। ਇਸ ਅਚਾਨਕ ਕੀਤੀ ਗਈ ਮੀਟਿੰਗ ਨੇ ਕਈ ਚਰਚੇ ਛੇੜ ਦਿੱਤੇ ਹਨ।

ਮਿਲੀ ਜਾਣਕਾਰੀ ਅਨੁਸਾਰ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ੍ਰੀ ਅਕਾਲ ਤਖਤ ਦੇਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਸ੍ਰੀ ਅਕਾਲ ਤਖਤ ਸੈਕਟਰੀਏਟ ਵਿਖੇ ਕਰੀਬ 50 ਮਿੰਟ ਬੰਦ ਕਮਰਾ ਬੈਠਕ ਕੀਤੀ। ਇਸਮੀਟਿੰਗ ਵਿੱਚ ਭਾਜਪਾ ਦੇ ਕੌਮੀ ਬੁਲਾਰੇ ਤਰੁਣ ਚੁੱਘ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਤੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਵੀ ਮੌਜੂਦ ਸਨ। ਵਿਧਾਨ ਸਭਾ ਚੋਣਾਂ ਦੌਰਾਨ ਕੀਤੀ ਇਸ ਅਚਾਨਕ ਬੈਠਕ ਦੇ ਨਾਲ ਕਈ ਤਰ੍ਹਾਂ ਦੀ ਚਰਚਾ ਛਿੜ ਗਈ ਹੈ, ਕਿਉਂਕਿ ਮਨਜਿੰਦਰ ਸਿੰਘ ਸਿਰਸਾ ਵੱਲੋਂ ਬਾਦਲ ਅਕਾਲੀ ਦਲ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਵੇਲੇ ਸ੍ਰੀ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਬੜੀ ਤਿੱਖੀ ਪ੍ਰਤੀਕਿਰਿਆ ਦਿੱਤੀ ਅਤੇ ਭਾਜਪਾ ਉੱਤੇ ਨਿਸ਼ਾਨਾ ਸੇਧਿਆ ਸੀ। ਅੱਜ ਇਸਤੋਂ ਪਹਿਲਾਂ ਕੇਂਦਰੀ ਮੰਤਰੀ ਅਮਿਤ ਸ਼ਾਹ ਨੇ ਭਾਜਪਾ ਲਈ ਲੁਧਿਆਣਾ ਅਤੇ ਪਟਿਆਲਾਵਿੱਚ ਚੋਣ ਰੈਲੀਆਂ ਕੀਤੀਆਂ ਅਤੇ ਫਿਰ ਅੰਮ੍ਰਿਤਸਰ ਵਿੱਚ ਰੈਲੀ ਕਰਨ ਪਿੱਛੋਂ ਦੁਰਗਿਆਣਾ ਮੰਦਰ ਅਤੇ ਦਰਬਾਰ ਸਾਹਿਬ ਨਤਮਸਤਕ ਹੋਏ ਸਨ।

ਜਾਣਕਾਰ ਸੂਤਰਾਂ ਅਨੁਸਾਰ ਅੱਜ ਹੋਈ ਇਸ ਬੈਠਕ ਦੇ ਵਕਤ ਸ੍ਰੀ ਅਕਾਲ ਤਖਤ ਦੇਜਥੇਦਾਰ ਨੇ ਬੰਦੀ ਸਿੰਘਾਂ ਦੀ ਰਿਹਾਈ ਦੇ ਨਾਲ ਗੁਰਦੁਆਰਾ ਗਿਆਨ ਗੋਦੜੀ ਸਾਹਿਬ ਤੇ ਗੁਰਦੁਆਰਾ ਡਾਂਗਮਾਰ ਸਮੇਤ ਵੱਖ-ਵੱਖ ਇਤਿਹ-ਾਸਿਕ ਗੁਰਦੁਆਰਾ ਸਾਹਿਬਾਨ ਬਾਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੀ ਅਤੇ ਕੇਂਦਰ ਸਰਕਾਰ ਕੋਲ ਪੈਂਡਿੰਗ ਪਈ ਫਾਈਲ ਬਾਰੇਵੀ ਗੱਲਕੀਤੀ। ਚਰਚਾ ਹੈ ਕਿ ਗਿਆਨੀ ਹਰਪ੍ਰੀਤ ਸਿੰਘ ਨੇ ਕਸ਼ਮੀਰ, ਗੁਜਰਾਤ ਅਤੇ ਉਤਰਾਖੰਡ ਸਮੇਤ ਵੱਖ-ਵੱਖ ਰਾਜਾਂਵਿਚ ਸਿੱਖਾਂ ਦੀਆਂ ਮੁਸ਼ਕਲਾਂ ਦੇ ਨਾਲ ਪੈਰਾ-ਮਿਲਟਰੀ ਫੋਰਸਾਂ ਵਿੱਚ ਗ੍ਰੰਥੀ ਸਿੰਘਾਂ ਦੀਆਂ ਖਾਲੀ ਪਈਆਂ ਪੋਸਟਾਂ ਭਰਨ ਦੀ ਵੀ ਮੰਗ ਕੀਤੀ ਹੈ।

# ਕੇਜਰੀਵਾਲ ਦਾ ਵਿਰੋਧੀ ਧਿਰ ਨੂੰ ਸਵਾਲ: ਸਭ ਮੈਨੂੰ ਗਾਲ੍ਹਾਂ ਕੱਢੀ ਜਾਂਦੇ ਹੋ, ਮੇਰਾ ਕੀ ਕਸੂਰ ਹੈ?



ਚੰਡੀਗੜ੍ਹ, 13 ਫਰਵਰੀ, (ਪੋਸਟ ਬਿਊਰੋ)- ਪੰਜਾਬ ਵਿੱਚ ਕੁਝ ਦਿਨਾਂਨੂੰ ਵੋਟਾਂ ਪੈਣੀਆਂ ਹਨ, ਇਸ ਦੇ ਆਖਰੀ ਮੋੜ ਉੱਤੇ ਚੋਣ ਪ੍ਰਚਾਰ ਜ਼ੋਰਾਂ ਉੱਤੇ ਹੈ ਅਤੇ ਇੱਕ ਦੂਸਰੇ ਉੱਤੇ ਦੋਸ਼ ਵੀ ਬਹੁਤ ਲਾਏ ਜਾ ਰਹੇ ਹਨ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਇੱਕ ਟਵੀਟ ਕਰ ਕੇ ਸਾਰੀਆਂ ਪਾਰਟੀਆਂ ਦੇ ਆਗੂਆਂਬਾਰੇ ਕਿਹਾ ਕਿ ਸਾਰੇ ਨੇਤਾ ਮਿਲ ਕੇ ਮੈਨੂੰ ਹੀ ਗਾਲ੍ਹਾਂ ਕੱਢ ਰਹੇ ਹਨ। ਉਨ੍ਹਾਂ ਨੇ ਕਿਹਾ, 'ਅਮਿਤ ਸ਼ਾਹ ਜੀ ਨੇ ਅੱਜ ਮੈਨੂੰ ਬਹੁਤ ਗਾਲ੍ਹਾਂ ਕੱਢੀਆਂ। ਚੰਨੀ ਸਾਹਿਬ, ਸੁਖਬੀਰ ਬਾਦਲ ਮੈਨੂੰ ਰੋਜ਼ ਗਾਲ੍ਹਾਂ ਕੱਢਦੇ ਹਨ। ਉਹ ਇੱਕ ਦੂਸਰੇ ਨੂੰ ਗਾਲ੍ਹਾਂ ਨਹੀਂ ਕੱਢਦੇ, ਸਿਰਫ਼ ਮੈਨੂੰ ਕੱਢਦੇ ਹਨ।' ਅਰਵਿੰਦ ਕੇਜਰੀਵਾਲ ਨੇ ਟਵੀਟ ਰਾਹੀਂ ਪੁੱਛਿਆ ਕਿ 'ਮੇਰਾ ਕੀ ਕਸੂਰ ਹੈ? ਮੈਂ ਪੰਜਾਬ ਦੇ ਲੋਕਾਂ ਨੂੰ ਰੁਜ਼ਗਾਰ ਦੇਣਾ ਚਾਹੁੰਦਾ ਹਾਂ। ਮੈਂ ਬਿਜਲੀ ਤੇ ਪਾਣੀ ਠੀਕ ਕਰਨਾ ਚਾਹੁੰਦਾ ਹਾਂ। ਮੈਂ ਸਕੂਲ ਅਤੇ ਹਸਪਤਾਲ ਠੀਕ ਕਰਨਾ ਚਾਹੁੰਦਾ ਹਾਂ।'

ਇਹੀ ਨਹੀਂ, ਅੱਜ ਇਸ ਤੋਂ ਪਹਿਲਾਂ ਅੱਜਅਰਵਿੰਦ ਕੇਜਰੀਵਾਲ ਨੇ ਕਾਂਗਰਸ ਬਾਰੇਕਿਹਾ ਕਿ ਜਿਹੜੀ ਪਾਰਟੀ ਮਿਲ ਕੇ ਚੋਣਾਂ ਨਹੀਂ ਲੜ ਸਕਦੀ, ਉਹ ਪੰਜਾਬ ਨੂੰ ਭਵਿੱਖ ਕਿਵੇਂ ਦੇ ਦੇਵੇਗੀ। ਆਮ ਆਦਮੀ ਪਾਰਟੀ ਇੱਕ ਟੀਮ ਵਾਂਗ ਪੰਜਾਬ ਦਾ ਵਿਕਾਸ ਕਰ ਸਕਦੀ ਹੈ, ਇਸ ਬਾਰੇ ਏਜੰਡਾ ਤਿਆਰ ਕਰ ਰਹੀ ਹੈ। ਕੇਜਰੀਵਾਲ ਨੇ ਦਾਅਵਾ ਕੀਤਾ ਕਿ ਪੰਜਾਬ ਕਾਂਗਰਸ ਦੇ ਮੁੱਖ ਮੰਤਰੀ ਉਮੀਦਵਾਰ ਚਰਨਜੀਤ ਸਿੰਘ ਚੰਨੀ ਚਮਕੌਰ ਸਾਹਿਬ ਅਤੇ ਭਦੌੜ ਦੋਵਾਂ ਸੀਟਾਂ ਤੋਂ ਬੁਰੀ ਤਰ੍ਹਾਂ ਹਾਰ ਰਹੇ ਹਨ ਅਤੇ ਹਾਰ ਰਹੇ ਹਨ।

# ਆਈ ਪੀ ਐੱਲ ਕ੍ਰਿਕਟ ਦੀ ਨਿਲਾਮੀ ਵਿੱਚ ਦੂਸਰੇ ਦਿਨ ਲਿਵਿੰਗਸਟੋਨ ਸਭ ਤੋਂ ਮਹਿੰਗੇ ਵਿਕੇ



ਬੈਂਗਲੁਰੂ, 13 ਫਰਵਰੀ, (ਪੋਸਟ ਬਿਊਰੋ)- ਇੰਡੀਅਨ ਪ੍ਰੀਮੀਅਰ ਲੀਗ (ਆਈਪੀਐੱਲ) ਦੀ ਮੈਗਾ ਨਿਲਾਮੀ ਲਈਅੱਜ ਦੂਸਰੇ ਦਿਨ ਐਤਵਾਰ ਨੂੰ ਸਭ ਤੋਂ ਮਹਿੰਗੇ ਵਿਕਣ ਵਾਲੇ ਖਿਡਾਰੀ ਇੰਗਲੈਂਡ ਦੇ ਬੱਲੇਬਾਜ਼ ਲਿਆਮ ਲਿਵਿੰਗਸਟੋਨ ਰਹੇ। ਉਨ੍ਹਾਂ ਨੂੰ ਪੰਜਾਬ ਕਿੰਗਜ਼ ਟੀਮ ਨੇ 11 ਕਰੋੜ 50 ਲੱਖ ਰੁਪਏ ਵਿਚ ਆਪਣੇ ਨਾਲ ਜੋੜਿਆ ਹੈ। ਇਸ ਟੀਮ ਨੇ ਵੈਸਟਇੰਡੀਜ਼ ਦੇ ਤੇਜ਼ ਗੇਂਦਬਾਜ਼ ਓਡੀਅਨ ਸਮਿਥ ਲਈ ਵੀ ਛੇ ਕਰੋੜ ਰੁਪਏ ਖ਼ਰਚੇ ਹਨ।

ਅੱਜ ਐਤਵਾਰ ਨੂੰ ਖੱਬੇ ਹੱਥ ਦੇ ਭਾਰਤ ਦੇ ਦੂਸਰੇ ਦਰਜੇ ਦੇ ਗੇਂਦਬਾਜ਼ ਖਲੀਲ ਅਹਿਮਦ ਤੇ ਚੇਤਨ ਸਕਾਰੀਆ ਲਈ ਵੀ ਫਰੈਂਚਾਈਜ਼ੀ ਨੇ ਚੰਗੀ ਬੋਲੀ ਲਾਈ। ਖਲੀਲ ਪੰਜ ਕਰੋੜ 25 ਲੱਖ ਰੁਪਏ ਅਤੇ ਸਕਾਰੀਆ ਚਾਰ ਕਰੋੜ 20 ਲੱਖ ਰੁਪਏ ਦੇ ਵਿਕੇ। ਹੋਰ ਭਾਰਤੀ ਖਿਡਾਰੀਆਂ ਵਿੱਚੋਂ ਹਰਫ਼ਨਮੌਲਾ ਸ਼ਿਵਮ ਦੁਬੇ ਨੂੰ ਛੱਕੇ ਮਾਰਨ ਦੀ ਯੋਗਤਾ ਕਾਰਨ ਚੇਨਈ ਸੁਪਰ ਕਿੰਗਜ਼ (ਸੀਐੱਸਕੇ) ਨੇ ਚਾਰ ਕਰੋੜ ਰੁਪਏ ਵਿੱਚ ਆਪਣੇ ਨਾਲ ਜੋੜਿਆ ਅਤੇ ਗੁਜਰਾਤ ਟਾਈਟਨਜ਼ ਨੇ ਭਾਰਤੀ ਟੀਮਵਿੱਚੋਂ ਬਾਹਰ ਹੋਏ ਪਏ ਹਰਫ਼ਨਮੌਲਾ ਵਿਜੇ ਸ਼ੰਕਰ ਨੂੰ ਇਕ ਕਰੋੜ 40 ਲੱਖ ਰੁਪਏ ਦਾ ਖ਼ਰੀਦ ਕਰ ਲਿਆ। ਗੁਜਰਾਤ ਟਾਈਟਨਜ਼ ਨੇ ਨੌਜਵਾਨ ਸਟਾਰ ਯੱਸ਼ ਦਿਆਲ ਨੂੰ 3.20 ਕਰੋੜ ਦਾ ਖ਼ਰੀਦਿਆ। ਪ੍ਰਯਾਗਰਾਜ ਦੇ ਯੱਸ਼ ਦਿਆਲ ਖੱਬੇ ਹੱਥ ਦੇ ਤੇਜ਼ ਗੇਂਦਬਾਜ਼ ਹਨ ਅਤੇ ਉੱਤਰ ਪ੍ਰਦੇਸ਼ ਲਈ ਘਰੇਲੂ ਕ੍ਰਿਕਟ ਖੇਡਦੇ ਹਨ।

ਇਸ ਨੀਲਾਮੀ ਦੇ ਪਹਿਲੇ ਸੈਸ਼ਨ ਦੀ ਖਿੱਚ ਅੱਜ ਐਤਵਾਰ ਨੂੰ ਲਿਵਿੰਗਸਟੋਨ ਰਹੇ ਜਿਨ੍ਹਾਂ ਨੂੰ 10 ਕਰੋੜ ਤੋਂ ਵੱਧ ਮਿਲਿਆ। ਇਕ ਸਮੇਂ ਪੰਜ ਟੀਮਾਂ ਨੇ ਉਨ੍ਹਾਂ ਦੀ ਬੋਲੀ ਲਾਈ। ਲਿਵਿੰਗਸਟੋਨ ਪਿਛਲੇ ਸੈਸ਼ਨ ਵਿਚ ਰਾਜਸਥਾਨ ਰਾਇਲਜ਼ ਵੱਲੋਂ ਖੇਡੇ ਸਨ ਤੇ ਸਲੋਅ ਪਿੱਚਾਂ ਉੱਤੇਆਸ ਮੁਤਾਬਕ ਨਹੀਂ ਖੇਡ ਸਕੇ ਸਨ। ਸੁਪਰ ਕਿੰਗਜ਼ ਨੇ ਸ੍ਰੀਲੰਕਾ ਦੇ ਸਪਿੰਨਰ ਮਹੇਸ਼ ਤੀਕਸ਼ਣਾ ਨੂੰ 70 ਲੱਖ ਰੁਪਏ ਦਾ ਖ਼ਰੀਦਿਆ।ਭਾਰਤ ਦੇ ਚੇਤੇਸ਼ਵਰ ਪੁਜਾਰਾ ਨੂੰ ਕੋਈ ਖ਼ਰੀਦਦਾਰ ਨਹੀਂ ਮਿਲਿਆ, ਪਰ ਅਜਿੰਕਿਆ ਰਹਾਣੇ ਨੂੰ ਕੋਲਕਾਤਾ ਨਾਈਟ ਰਾਈਡਰਜ਼ ਨੇ ਇਕ ਕਰੋੜ ਵਿੱਚਖਰੀਦ ਲਿਆ। ਪਿਛਲੇ ਦਿਨੀਂ ਟੈਸਟ ਸੀਰੀਜ਼ ਮੌਕੇ ਭਾਰਤੀ ਬੱਲੇਬਾਜ਼ਾਂ ਨੂੰ ਪਰੇਸ਼ਾਨ ਕਰਨ ਵਾਲੇ ਦੱਖਣੀ ਅਫਰੀਕਾ ਦੇ ਤੇਜ਼ ਗੇਂਦਬਾਜ਼ ਮਾਰਕੋ ਜੇਨਸੇਨ ਲਈ ਸਨਰਾਈਜਰਜ਼ ਹੈਦਰਾਬਾਦ ਨੇ ਚਾਰ ਕਰੋੜ 20 ਲੱਖ ਰੁਪਏ ਦੀ ਬੋਲੀ ਲਾਈ।
















## ਅੱਜ ਨਾਮਾ

ਆਗੂ ਕੇਂਦਰੀ ਬੰਨ੍ਹ ਕੇ ਲਾਈਨ ਆਉਂਦੇ,
ਲੀਡਰ ਹਰ ਪਾਸੇ ਨਜ਼ਰ ਆਉਣ ਮੀਆਂ।
ਕੁਝ ਤਾਂ ਦਿੱਲੀ ਤੋਂ ਕਰਨ ਪ੍ਰਚਾਰ ਆਏ,
ਮਿਲੇ ਵਕਤ ਦੀ ਐਸ਼ ਮਨਾਉਣ ਮੀਆਂ।
ਕੁਝ ਕੁ ਵੇਖਦੇ ਆਈ ਹੈ ਭੀੜ ਕਿ ਨਹੀਂ,
ਜੇ ਨਾ ਭੀੜ ਤਾਂ ਪੈਰ ਖਿਸਕਾਉਣ ਮੀਆਂ।
ਆਏ ਥੋੜ੍ਹੇਆ ਕਰਨ ਲਈ ਫਰਜ਼ ਪੂਰਾ,
ਜ਼ੋਰ ਪਾਰਟੀ ਲਈ ਸਾਰਾ ਲਾਉਣ ਮੀਆਂ।
ਰੌਲੇ-ਗੌਲੇ ਵਿੱਚ ਆਂਵਦੀ ਸਮਝ ਹੈ ਨਹੀਂ,
ਕੀਹਨੇ ਕੰਮ ਕੀਤਾ, ਕੀਹਨੇ ਐਸ਼ ਮੀਆਂ।
ਕੀਹਨੇ ਚੋਣਾਂ ਦੇ ਮੌਕੇ ਵੀ ਦਾਅ ਲਾਇਆ,
ਮਿਲਦਾ ਜਿੱਥੋਂ, ਕਮਾ ਲਿਆ ਕੈਸ਼ ਮੀਆਂ।

**ਤੀਸ ਮਾਰ ਖਾਂ**

# 26 ਨੂੰ ਬਰੈਂਪਟਨ ਵਿੱਚ ਲਾਇਆ ਜਾਵੇਗਾ ਕਾਊਂਸਲਰ ਕੈਂਪ

ਕਾਊਂਸਲੇਟ ਜਨਰਲ ਆਫ ਇੰਡੀਆ, ਟੋਰਾਂਟੋ ਵੱਲੋਂ ਸ਼ਨਿੱਚਰਵਾਰ ਨੂੰ ਬਰੈਂਪਟਨ ਵਿੱਚ 26 ਫਰਵਰੀ, 2022 ਨੂੰ ਕਾਊਂਸਲਰ ਕੈਂਪ ਲਾਇਆ ਜਾਵੇਗਾ। ਇਸ ਦੌਰਾਨ ਪਾਸਪੋਰਟ, ਵੀਜ਼ਾ, ਓਸੀਆਈ, ਪੀਸੀਸੀ, ਸਰੈਂਡਰ ਸਰਟੀਫਿਕੇਟ, ਅਟੈਸਟੇਸ਼ਨ, ਲਾਈਫ ਸਰਟੀਫਿਕੇਟ ਆਦਿ ਨਾਲ ਸਬੰਧਤ ਕਾਊਂਸਲਰ ਮਾਮਲਿਆਂ ਨੂੰ ਹੱਲ ਕੀਤਾ ਜਾਵੇਗਾ। ਇਸ ਕੈਂਪ ਸਬੰਧੀ ਵੇਰਵਾ ਹੇਠ ਲਿਖੇ ਅਨੁਸਾਰ ਹੋਵੇਗਾ :

| ਕਾਊਂਸਲਰ ਕੈਂਪ ਦੀ ਥਾਂ | ਮਿਤੀ | ਸਮਾਂ |
|---|---|---|
| ਨਾਨਕਸਰ ਗੁਰਦੁਆਰਾ, 64 ਟਿੰਬਰਲੇਨ ਡਰੇਲ, ਬਰੈਂਪਟਨ, ਓਨ ਐਲ6ਵਾਈ4ਵੀ7 | ਸ਼ਨਿੱਚਰਵਾਰ, 26 ਫਰਵਰੀ, 2022 | ਸਵੇਰੇ 10:00 ਵਜੇ ਤੋਂ ਦੁਪਹਿਰੇ 1:30 ਵਜੇ ਤੱਕ |

2• ਕਾਊਂਸਲਰ ਕੈਂਪ ਕਿਸੇ ਵੀ ਲੰਮੇਂ ਸਮੇਂ ਤੋਂ ਪੈਂਡਿੰਗ ਮਸਲਿਆਂ ਨੂੰ ਹੱਲ ਕਰਨ ਲਈ ਆਯੋਜਿਤ ਕੀਤਾ ਜਾਂਦਾ ਹੈ। ਇਸ ਦੌਰਾਨ ਮੌਕੇ ਉੱਤੇ ਹੀ ਕਾਊਂਸਲਰ ਸਰਵਿਸ ਮੁਹੱਈਆ ਕਰਵਾਉਣਾ ਜ਼ਰੂਰੀ ਨਹੀਂ ਹੈ। ਪਾਸ-ਪੋਰਟ, ਵੀਜ਼ਾ, ਓਸੀਆਈ, ਪੀਸੀਸੀ, ਸਰੈਂਡਰ ਸਰਟੀਫਿਕੇਟ, ਅਟੈਸਟੇਸ਼ਨ ਤੇ ਲਾਈਫ ਸਰਟੀਫਿਕੇਟ ਸਬੰਧੀ ਹਰ ਪੱਖ ਤੋਂ ਮੁਕੰਮਲ ਅਰਜ਼ੀਆਂ ਨੂੰ ਹੀ ਸਵੀਕਾਰ ਕੀਤਾ ਜਾਵੇਗਾ ਤੇ ਫੀਸ ਸਿਰਫ ਡੈਬਿਟ ਕਾਰਡ ਰਾਹੀਂ ਹੀ ਭਰਵਾਈ ਜਾਵੇਗੀ। ਇਹ ਧਿਆਨ ਰੱਖਿਆ ਜਾਵੇ ਕਿ ਫੀਸ ਕਾਊਂਸਲਰ ਜਨਰਲ ਆਫ ਇੰਡੀਆ, ਟੋਰਾਂਟੋ ਦੇ ਪੱਖ ਉੱਤੇ ਡਿਮਾਂਡ ਡਰਾਫਟ ਰਾਹੀਂ ਹੀ ਭਰੀ ਜਾਵੇ। ਬਿਨੈਕਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਦਸਤਾਵੇਜ਼ੀ ਲੋੜਾਂ ਤੇ ਨਿਰਧਾਰਤ ਫੀਸ ਨੂੰ ਸਮਝਣ ਲਈ ਹੇਠਾਂ ਦਿੱਤੇ ਗਏ ਲਿੰਕਸ ਉੱਤੇ ਜਾਣ :

Link 1: https://www.cgi-toronto.gov.in/

Link 2: https://www.blsindia-canada.com/toronto-jurisdiction/index.php

3• ਅਰਜ਼ੀਆਂ ਉੱਤੇ ਕੰਮ ਉਸ ਵੇਲੇ ਹੀ ਸ਼ੁਰੂ ਹੋਵੇਗਾ ਜੇ ਸਾਰੇ ਦਸਤਾਵੇਜ਼ ਤੇ ਫਾਰਮ ਜਮ੍ਹਾਂ ਕਰਵਾਏ ਜਾਣਗੇ। ਬਿਨੈਕਾਰਾਂ ਨੂੰ ਉੱਤੇ ਦਰਸਾਏ ਗਏ ਲਿੰਕਸ ਦੇ ਹਿਸਾਬ ਨਾਲ ਸਾਰੇ ਦਸਤਾਵੇਜ਼ਾਂ ਦੀ ਅਸਲ ਤੇ ਫੋਟੋਕਾਪੀ ਵੀ ਜਮ੍ਹਾਂ ਕਰਵਾਉਣੀ ਹੋਵੇਗੀ। ਕਿਸੇ ਵੀ ਦਸਤਾਵੇਜ਼ ਦੀ ਸੌਫਟ ਕਾਪੀ ਸਵੀਕਾਰੀ ਨਹੀਂ ਜਾਵੇਗੀ।

4• ਕੈਂਪ ਵਿੱਚ ਕ੍ਰਿਪਾ ਕਰਕੇ ਕੋਵਿਡ-19 ਸਬੰਧੀ ਸਾਰੀਆਂ ਗਾਈਡਲਾਈਨਜ਼ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ।

# ਮਜੀਠੀਆ ਪੈ ਨਿਕਲਿਆ: ਸਿੱਧੂ ਵਰਗੇ ਬਥੇਰੇ ਨਚਾਏ ਐ, ਮੇਰੇ ਸਬਰ ਦਾ ਇਮਤਿਹਾਨ ਨਾ ਲਵੇ

ਚੰਡੀਗੜ੍ਹ, 13 ਫਰਵਰੀ, (ਪੋਸਟ ਬਿਊਰੋ)- ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਅੱਜ ਐਤਵਾਰ ਨੂੰ ਆਪਣੇ ਚੋਣ ਹਲਕੇ ਅੰਮ੍ਰਿਤਸਰ ਪੂਰਬੀ ਵਿੱਚ ਵਾਰਡ ਨੰਬਰ 47 ਤੋਂ ਸਾਬਕਾ ਕੌਂਸਲਰ ਨੂੰ ਅਕਾਲੀ ਦਲ ਵਿੱਚ ਸ਼ਾਮਲ ਕਰਨ ਮੌਕੇ ਕਾਂਗਰਸੀ ਉਮੀਦਵਾਰ ਨਵਜੋਤ ਸਿੰਘ ਸਿੱਧੂ ਉੱਤੇ ਤਿੱਖਾ ਹਮਲਾ ਬੋਲਿਆ।



ਪੰਜਾਬ ਦੇ ਸਾਬਕਾ ਮੰਤਰੀ ਤੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਅਕਾਲੀ ਦਲ ਨੂੰ ਵੱਡਾ ਹੁੰਗਾਰਾ ਮਿਲਿਆ ਹੈ ਤੇ ਪੰਜਾਬ ਦੇ ਕਾਂਗਰਸ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੀ ਆਪਣੀ ਗੱਡੀਪਲਟਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨਾਲਇਸਦੇ ਸੂਬਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੇਚੋਣ ਹਲਕੇ ਦੇ ਲੋਕ ਹੀ ਨਹੀਂ ਰਹਿਣਾ ਚਾਹੁੰਦੇ। ਉਨ੍ਹਾਂ ਕਿਹਾ ਕਿ ਇਸਦੇ ਸੰਕੇਤ ਪੂਰੇ ਪੰਜਾਬ ਵਿੱਚ ਮਿਲਣ ਲੱਗ ਪਏ ਹਨ, ਕਿਉਂਕਿ ਨਵਜੋਤ ਸਿੰਘ ਸਿੱਧੂ ਦੇ ਹੰਕਾਰ ਅਤੇ ਨਫਰਤ ਦੀ ਰਾਜਨੀਤੀ ਕਰਦਾ ਹੈ, ਜਿਸ ਕਾਰਨ ਲੋਕ ਉਨ੍ਹਾਂ ਨੂੰ ਛੱਡਕੇ ਅਕਾਲੀ ਦਲ ਦੇ ਨਾਲ ਆ ਰਹੇ ਹਨ। ਮਜੀਠੀਆ ਨੇ ਕਿਹਾ ਕਿ ਕਾਂਗਰਸ ਛੱਡਣ ਵਾਲੇ ਲੋਕਾਂ ਦੀ ਲੰਬੀ ਸੂਚੀ ਹੈਅਤੇ ਪੰਜਾਬ ਦਾ ਫੇਲ ਹੋਇਆ ਕਾਂਗਰਸ ਮਾਡਲ ਅਤੇ ਪੂਰਬੀ ਹਲਕੇ ਦਾ ਵਿਕਾਸ ਨਾ ਹੋਣਾ ਇਸਦਾ ਕਾਰਨ ਹੈ। ਉਨ੍ਹਾਂ ਕਿਹਾ ਕਿ ਨਵਜੋਤ ਸਿੰਘਸਿੱਧੂ ਇੰਨੇ ਬੁਖਲਾਹਟ ਵਿੱਚ ਹਨ ਕਿ ਕਾਂਗਰਸ ਦੇ ਸਮਰਥਕਾਂ ਨੇ ਸਾਡੇ ਪ੍ਰੋਗਰਾਮ ਵੱਲ ਆਉਣ ਦਾ ਰਸਤਾ ਬੰਦ ਕਰ ਦਿੱਤਾ ਹੈ, ਜਦਕਿ ਰਸਤਾ ਆਮ ਲੋਕਾਂ ਲਈ ਹੁੰਦਾ ਹੈ, ਪਰ ਇਥੇ ਲੋਕਾਂ ਦਾ ਚੁਣਿਆ ਹੋਇਆ ਨੁਮ-ਾਇੰਦਾ ਲੋਕਾਂ ਨੂੰ ਪ੍ਰੇਸ਼ਾਨ ਕਰਦਾ ਹੈ। ਮਜੀਠੀਆ ਨੇ ਇਸ ਮੌਕੇ ਚੋਣ ਕਮਿਸ਼ਨ ਤੇ ਪੁਲਸ ਕਮਿਸ਼ਨਰ ਨੂੰ ਕਿਹਾ ਕਿ ਕਾਨੂੰਨ ਵਿਵਸਥਾ ਠੀਕ ਕਰਨ ਅਤੇ ਕਿਸੇ ਨੂੰ ਕਾਨੂੰਨ ਹੱਥਵਿੱਚ ਨਾ ਲੈਣਦੇਣ। ਤਿੱਖੇ ਸ਼ਬਦਾਂ ਵਿੱਚਮਜੀਠੀਆ ਨੇ ਨਵਜੋਤ ਸਿੰਘ ਸਿੱਧੂ ਬਾਰੇ ਕਿਹਾ ਕਿ ਅਸੀਂਸਿੱਧੂ ਵਰਗੇ ਕਈ ਨਚਾਏ ਹੋਏ ਹਨ, ਸਿੱਧੂ ਮੇਰੇ ਸਬਰ ਦਾ ਇਮਤਿਹਾਨ ਨਾ ਲਵੇ।

## ਯੂਕਰੇਨ ਵੱਲ ਕਿਸੇ ਵੀ ਸਮੇਂ ਜੰਗ ਛਿੜਨ ਦਾ ਖਤਰਾ, ਰੂਸ ਨੇ ਫੌਜ ਦੀ ਗਿਣਤੀ ਵਧਾਈ

ਵਾਸ਼ਿੰਗਟਨ, 13 ਫਰਵਰੀ, (ਪੋਸਟ ਬਿਊਰੋ)- ਯੂਕਰੇਨ ਅਤੇ ਰੂਸ ਦੇ ਸਾਂਝੇ ਬਾਰਡਰਾਂ ਉੱਤੇ ਬਣੀ ਹੋਈ ਤਣਾਅ ਦੀ ਸਥਿਤੀ ਨੂੰ ਦੇਖ ਕੇ ਅਮਰੀਕਾ ਤੇ ਉਸ ਦੇ ਸਾਥੀ ਦੇਸ਼ਾਂ ਨੇ ਆਪਣੇ ਨਾਗਰਿਕਾਂ ਤੋਂ 48 ਘੰਟੇਵਿੱਚ ਯੂਕਰੇਨ ਛੱਡਣ ਲਈ ਕਿਹਾ ਹੈ ਅਤੇਰੂਸ ਦੇ ਬਚੇ ਹੋਏ ਡਿਪਲੋਮੈਟ ਅਤੇ ਹੋਰ ਮੁਲਾਜ਼ਮਵੀ ਯੂਕਰੇਨਛੱਡਣ ਲੱਗੇ ਹਨ। ਇਸ ਦੌਰਾਨ ਯੂਕਰੇਨ ਨਾਲ ਬਣੀ ਤਣਾਅ ਭਰਪੂਰ ਸਥਿਤੀ ਉੱਤੇਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਭਾਰਤੀ ਸਮੇਂ ਮੁਤਾਬਕ ਸ਼ਨਿੱਚਰਵਾਰ ਦੇਰ ਰਾਤ ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨਾਲ ਫੋਨ ਉੱਤੇਗੱਲ ਕਰਨ ਦਾ ਫ਼ੈਸਲਾ ਕੀਤਾ। ਇਸ ਤੋਂ ਪਹਿਲਾਂ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਂ ਪਿਛਲੇ ਸੋਮਵਾਰ ਨੂੰ ਮਾਸਕੋ ਜਾ ਕੇ ਯੂਕਰੇਨਬਾਰੇਵਲਾਦੀਮੀਰ ਪੁਤਿਨ ਨਾਲ ਗੱਲਬਾਤ ਕਰ ਚੁੱਕੇ ਹਨ ਤੇ ਕਿਹਾ ਜਾ ਰਿਹਾ ਹੈ ਕਿ ਜੇ ਵਲਾਦੀਮੀਰ ਪੁਤਿਨ ਤੇ ਜੋਅ ਬਾਇਡਨਦੀਗੱਲਬਾਤ ਨਾਲ ਹੱਲ ਨਾ ਨਿਕਲਿਆ ਤਾਂ ਘੰਟੇ ਬਾਅਦ ਯੂਕਰੇਨ ਉੱਤੇਰੂਸ ਹਮਲਾ ਕਰਸਕਦਾ ਹੈ।ਯੂਕਰੇਨ ਦੀਆਂ ਸਰਹੱਦਾਂ ਉੱਤੇਰੂਸੀ ਫ਼ੌਜਾਂ ਦੀਆਂ ਵਧਦੀਆਂ ਸਰਗਰਮੀਆਂ ਵੇਖ ਕੇ ਅਮਰੀਕਾ, ਬ੍ਰਿਟੇਨ, ਜਾਪਾਨ, ਆਸਟ੍ਰੇਲੀਆ, ਨਿਊਜ਼ੀਲੈਂਡ ਆਦਿ ਨੇ ਆਪਣੇ ਲੋਕਾਂ ਨੂੰ ਯੂਕਰੇਨ ਛੱਡਣ ਨੂੰਕਹਿ ਦਿੱਤਾ ਹੈ। ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਹੈ ਕਿ ਜੰਗ ਲੱਗਣ ਪਿੱਛੋਂ ਯੂਕਰੇਨ ਤੋਂ ਨਾਗਰਿਕ ਕੱਢੇ ਨਹੀਂ ਜਾ ਸਕਣਗੇ, ਇਸ ਲਈ ਸਾਰੇ ਅਮਰੀਕੀ ਉਥੋਂ ਆ ਜਾਣ। ਅਮਰੀਕਾ ਨੇ ਕਿਹਾ ਕਿ ਯੂਕਰੇਨ ਉੱਤੇਰੂਸੀ ਹਮਲੇ ਦੀ ਸ਼ੁਰੂਆਤ ਹਵਾਈ ਤੇ ਮਿਜ਼ਾਈਲ ਹਮਲੇ ਨਾਲ ਹੋ ਸਕਦੀ ਹੈ, ਇਸ ਪਿੱਛੋਂ ਜ਼ਮੀਨੀਅਤੇ ਜਲ ਸੈਨਾ ਦੇ ਹਮਲੇ ਹੋਣਗੇਅਤੇ ਇਹ ਬੀਜਿੰਗਵਿੱਚ ਵਿੰਟਰ ਓਲੰਪਿਕ ਦੇ 20 ਫਰਵਰੀ ਨੂੰ ਸਮਾਪਤੀ ਤੋਂ ਪਹਿਲਾਂ ਹੋ ਸਕਦੇ ਹਨ। ਅਮਰੀਕਾ ਦੇ ਕੌਮੀ ਸੁਰੱਖਿਆ ਸਲਾਹਕਾਰ ਜੈਕ ਸੁਲੀਵਾਨ ਦੇ ਮੁਤਾਬਕ ਯੂਕਰੇਨ ਸਰਹੱਦ ਉੱਤੇਰੂਸੀ ਫ਼ੌਜ ਦੀ ਗਿਣਤੀ ਵਧੀ ਹੈ ਤੇ ਬਹੁਤ ਛੇਤੀ ਹਮਲੇ ਦਾ ਸ਼ੱਕ ਹੈ। ਰਾਸ਼ਟਰਪਤੀ ਬਾਇਡਨ ਨੇ ਪੋਲੈਂਡਵਿੱਚ ਤਿੰਨ ਹਜ਼ਾਰ ਅਮਰੀਕੀ ਫ਼ੌਜੀ ਹੋਰ ਭੇਜਣ ਦੇ ਲਈ ਕਿਹਾ ਹੈ।ਪਿੱਛੇ ਜਿਹੇ ਅਮਰੀਕਾ ਨੇ ਓਥੇ 1,700 ਫ਼ੌਜੀ ਭੇਜੇ ਹਨ।

## ਇਮਰਾਨ ਖਾਨ ਦਾ ਤੀਜਾ ਵਿਆਹ ਵੀ ਟੁੱਟਣ ਲੱਗਾ, ਪਤਨੀ ਘਰ ਛੱਡ ਕੇ ਲਾਹੌਰ ਜਾ ਬੈਠੀ



ਇਸਲਾਮਾਬਾਦ, 13 ਫਰਵਰੀ, (ਪੋਸਟ ਬਿਊਰੋ)- ਪਾਕਿਸਤਾਨ ਦੇ ਪ੍ਰਧਾਨ ਮੰਤਰੀ ਇਮਰਾਨ ਖਾਨ ਦਾ ਵਿਆਹ ਇੱਕ ਵਾਰ ਫਿਰਟੁੱਟਣ ਦੇ ਕੰਢੇ ਉੱਤੇ ਪਹੁੰਚ ਗਿਆ ਹੈ। ਪਾਕਿਸਤਾਨੀ ਮੀਡੀਆ ਦੇ ਮੁਤਾਬਕ ਇਮਰਾਨ ਖਾਨ ਤੇ ਉਨ੍ਹਾਂ ਦੀ ਤੀਸਰਾ ਪਤਨੀ ਬੁਸ਼ਰਾ ਬੀਬੀ ਵਿਚਾਲੇ ਮਤਭੇਦ ਕਾਫੀ ਵਧ ਜਾਣ ਕਾਰਨ ਉਹ ਇਸਲਾਮਾਬਾਦ ਛੱਡ ਕੇ ਲਾਹੌਰ ਚਲੀ ਗਈ ਅਤੇ ਆਪਣੀ ਦੋਸਤ ਸਾਨੀਆ ਸ਼ਾਹ ਨਾਲ ਰਹਿ ਰਹੀ ਹੈ। ਦੂਸਰੇ ਪਾਸੇ ਇਮਰਾਨ ਖਾਨ ਨੇ ਬੁਸ਼ਰਾ ਬੀਬੀ ਦੇ ਘਰ ਛੱਡਣ ਤੋਂ ਬਾਅਦ ਆਪਣੇ ਘਰ ਦਾ ਸਾਰਾ ਸਟਾਫ ਬਦਲ ਦਿੱਤਾ ਅਤੇ ਘਰ ਦਾ ਮਾਲੀ, ਕੁੱਕ ਅਤੇ ਡਰਾਈਵਰ ਤੱਕ ਵੀ ਬਦਲ ਲਿਆ ਹੈ। ਪਾਕਿਸਤਾਨ ਦੇ ਕਈ ਸੀਨੀਅਰ ਪੱਤਰਕਾਰਾਂ ਨੇ ਇਸ ਖਬਰ ਦੀ ਪੁਸ਼ਟੀ ਕੀਤੀ ਹੈ।

ਵਰਨਣ ਯੋਗ ਹੈ ਕਿ ਇਮਰਾਨ ਖਾਨ ਦੀ ਤਹਿਰੀਕੇ ਇਨਸਾਫ ਪਾਰਟੀ ਦੇ ਪਾਰਲੀਮੈਂਟ ਮੈਂਬਰ ਆਮਿਰ ਮਲਿਕ ਨੇ ਪਿਛਲੇ ਨਵੰਬਰਵਿੱਚ ਸੰਕੇਤ ਦਿੱਤਾ ਸੀ ਕਿ ਬਨੀ ਗਾਲਾਵਿੱਚ ਹੰਗਾਮਾ ਹੋਇਆ ਸੀ ਅਤੇ ਇਮਰਾਨ ਖਾਨ ਆਪਣੀ ਤੀਸਰੀ ਬੀਵੀ ਬੁਸ਼ਰਾ ਨਾਲ ਨਾਰਾਜ਼ ਸਨ। ਓਦੋਂ ਬੁਸ਼ਰਾ ਬੀਬੀ ਦੀ ਕਰੀਬੀ ਦੋਸਤ ਫਰਾਹ ਖਾਨ ਨੇ ਇਮਰਾਨ ਖਾਨ ਤੇ ਉਨ੍ਹਾਂ ਦੀ ਪਤਨੀ ਵਿਚਾਲੇ ਕਿਸੇ ਤਰ੍ਹਾਂ ਦੇ ਮਤਭੇਦਾਂ ਦੀਆਂ ਗੱਲਾਂ ਦਾ ਟਵਿਟਰ ਉੱਤੇ ਖੰਡਨ ਕੀਤਾ ਸੀ। ਫਰਾਹ ਖਾਨ ਨੇ ਦੱਸਿਆ ਸੀ ਕਿ ਬੁਸ਼ਰਾ ਬੀਬੀ ਇਸਲਾਮਾਬਾਦਵਿੱਚ ਪ੍ਰਧਾਨ ਮੰਤਰੀ ਇਮਰਾਨ ਦੀ ਰਿਹਾਇਸ਼ 'ਬਨੀ ਗਾਲਾ'ਵਿੱਚ ਹੀ ਰਹਿ ਰਹੀ ਹੈ। ਐਕਸਪ੍ਰੈਸ ਟ੍ਰਿਬਿਊਨ ਦੀ ਰਿਪੋਰਟ ਹੈ ਕਿ ਬੁਸ਼ਰਾ ਬੀਬੀ ਓਦੋਂ ਫਰਾਹ ਖਾਨ ਦੇ ਘਰ ਠਹਿਰੀ ਹੋਈ ਸੀ। ਫਰਾਹ ਖਾਨ ਨੇ ਇਸ ਵਾਰ ਵੀ ਕਿਹਾ ਹੈ ਕਿ ਇਮਰਾਨ ਖਾਨ ਅਤੇ ਬੁਸ਼ਰਾ ਬੀਬੀ ਦੇ ਜੋੜੇ ਨੂੰ ਲੈ ਕੇ ਝੂਠਾ ਪ੍ਰਚਾਰ ਕੀਤਾ ਜਾ ਰਿਹਾ ਹੈ।ਉਸ ਨੇ ਅੱਗੇ ਕਿਹਾ ਕਿ ਕਿਸੇ ਨੂੰ ਰਾਜਨੀਤੀ ਵਿੱਚ ਇੰਨਾ ਨੀਵਾਂ ਨਹੀਂ ਝੁਕਣਾ ਚਾਹੀਦਾ ਕਿ ਉਹ ਲੋਕਾਂ ਦੀ ਨਿੱਜੀ ਜ਼ਿੰਦਗੀ ਬਾਰੇ ਝੂਠੀਆਂ ਅਫਵਾਹਾਂ ਵੀ ਫੈਲਾਉਣ ਲੱਗ ਜਾਵੇ।

## ਭਗਵੰਤ ਮਾਨ ਦਾ ਐਲਾਨ: ਪਰਲ ਤੇ ਕਰਾਊਨ ਵਰਗੀਆਂ ਕੰਪਨੀਆਂ ਦੀ ਜਾਇਦਾਦ ਜ਼ਬਤ ਕਰਕੇ ਲੋਕਾਂ ਦੇ ਪੈਸੇ ਵਾਪਸ ਕਰਾਂਗੇ

ਧੂਰੀ, 13 ਫਰਵਰੀ, (ਪੋਸਟ ਬਿਊਰੋ)- ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਅਹੁਦੇ ਦੇ ਉਮੀਦਵਾਰ ਅਤੇ ਪਾਰਲੀਮੈਂਟ ਮੈਂਬਰ ਭਗਵੰਤ ਮਾਨ ਨੇ ਕਿਹਾ ਹੈ ਕਿ ਉਨ੍ਹਾਂ ਦੀ ਸਰਕਾਰ ਬਣੀ ਤਾਂ ਪਰਲ ਤੇ ਕਰਾਊਨ ਵਰਗੀ ਹਰ ਉਸ ਕੰਪਨੀ ਦੀ ਜਾਇਦਾਦ ਜ਼ਬਤ ਕਰਾਂਗੇ, ਜਿਸ ਨੇ ਲੋਕਾਂ ਦੇ ਪੈਸੇ ਮਾਰੇ ਹੋਏ ਹਨ।

ਆਪਣੇ ਚੋਣ ਹਲਕੇ ਧੂਰੀ ਦੇ ਵੱਖ-ਵੱਖ ਪਿੰਡਾਂ ਵਿੱਚ ਪ੍ਰਚਾਰ ਦੌਰਾਨ ਭਗਵੰਤ ਮਾਨ ਦੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤਾਂ ਪੰਜਾਬ ਵਿਚੋਂ ਮਾਫੀਆ ਰਾਜ ਖ਼ਤਮ ਕਰਾਂਗੇ ਤੇ ਪਰਲ ਅਤੇ ਕਰਾਊਨ ਵਰਗੀਆਂ ਆਮ ਲੋਕਾਂ ਦੇ ਪੈਸੇ ਮਾਰ ਚੁੱਕੀਆਂ ਚਿੱਟਫੰਡ ਕੰਪਨੀਆਂ ਦੀਆਂ ਜਾਇਦਾਦਾਂ ਜ਼ਬਤ ਕਰਕੇ ਉਨ੍ਹਾਂ ਤੋਂ ਲੋਕਾਂ ਦਾ ਪੈਸਾ ਵਾਪਸ ਕਰਵਾਇਆ ਜਾਵੇਗਾ, ਜਿਹੜਾ ਹਾਲੇ ਤੱਕ ਕਿਸੇ ਨੇ ਨਹੀਂ ਕਰਵ-ਾਇਆ।

ਇਸ ਚੋਣ ਪ੍ਰਚਾਰ ਦੌਰਾਨਭਗਵੰਤ ਮਾਨ ਨੇ ਵੱਖ-ਵੱਖ ਥਾਂਈਂ ਲੋਕਾਂ ਨੂੰ ਸੰਬੋਧਨ ਕੀਤਾ ਤੇ ਆਪਣੇ ਸਾਥੀ ਅਤੇ ਅਦਾਕਾਰ ਕਰਮਜੀਤ ਅਨਮੋਲ ਨਾਲ ਲੋਕ-ਕਵੀ ਸੰਤ ਰਾਮ ਉਦਾਸੀ ਦਾ ਗੀਤ 'ਚੜ੍ਹਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵੇਹੜੇ' ਗਾ ਕੇ ਲੋਕਾਂ ਨੂੰ ਪੰਜਾਬਵਿੱਚ 10 ਮਾਰਚ ਨੂੰਆਮ ਆਦਮੀ ਪਾਰਟੀ ਦੀ ਸਰਕਾਰ ਦੇ ਰੂਪ ਵਿੱਚ'ਨਵਾਂ ਸੂਰਜ' ਦਾ ਚੜ੍ਹਾਉਣ ਦੀ ਅਪੀਲ ਕੀਤੀ।ਉਨ੍ਹਾ ਕਿਹਾ, "10 ਮਾਰਚ ਨੂੰ ਪੰਜਾਬ ਵਿੱਚਉਹ ਸੂਰਜ ਚੜ੍ਹੇਗਾ, ਜਿਹੜਾ ਹਰ ਘਰ ਨੂੰ ਚਾਨਣ ਕਰੇਗਾ, ਭ੍ਰਿਸ਼ਟਾਚਾਰ ਤੇ ਮਾਫੀਆ ਖ਼ਤਮ ਕਰੇਗਾ, ਹਰ ਨੌਜਵਾਨ ਨੂੰ ਰੋਜ਼ਗਾਰ ਦੇਵੇਗਾ, ਹਰ ਘਰ ਵਿੱਚ ਸੁੱਖ ਦਾ ਪਸਾਰਾ ਕਰੇਗਾ।" ਉਨ੍ਹਾ ਕਿਹਾ ਕਿ ਕਿ ਇਸ ਇਲਾਕੇ ਨੇ ਪੰਜਾਬ ਸਰਕਾਰ ਦਾ ਧੁਰਾ ਬਣਨਾ ਹੈ, ਸਰਕਾਰ ਧੂਰੀ ਦੇ ਲੋਕਾਂ ਦੁਆਲੇ ਘੁੰਮੇਗੀ। ਇਸ ਲਈ 20 ਫਰਵਰੀ ਕਿਸਮਤ ਲਿਖਣ ਦਾ ਮੌਕਾ ਹੈ। ਜਿਨ੍ਹਾਂ ਨੂੰ ਲੋਕਾਂ ਨੇ ਪਹਿਲਾਂ ਲਿਖ ਕੇ ਆਪਣੀ ਕਿਸਮਤ ਦਿੱਤੀ ਸੀ, ਉਨਾਂ ਨੇ ਆਪਣੇ ਮਹਿਲ ਉਸਾਰੇ, ਕਈ-ਕਈ ਪੁਸ਼ਤਾਂ ਲਈ ਜਾਇਦਾਦ ਇਕੱਠੀ ਕੀਤੀ, ਪਰ ਲੋਕ ਗਰੀਬ ਹੋ ਗਏ।ਭਗਵੰਤ ਮਾਨ ਨੇ ਵਾਅਦਾ ਕੀਤਾ ਕਿ ਲੋਕਾਂ ਦਾ ਪੈਸਾ ਲੁੱਟ ਚੁੱਕੀਆਂ ਚਿੱਟ-ਫੰਡ ਕੰਪਨੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀਅਤੇ ਪਰਲ ਅਤੇ ਕਰਾਊਨ ਆਦਿ ਕੰਪਨੀਆਂ ਦੀਆਂ ਜਾਇਦਾਦਾਂ ਜ਼ਬਤ ਕਰ ਕੇ ਆਮ ਲੋਕਾਂ ਦਾ ਇੱਕ-ਇੱਕ ਪੈਸਾ ਉਨਾਂ ਨੂੰ ਵਾਪਸ ਕਰਵਾਇਆ ਜਾਵੇਗਾ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Towing Service Car Paint Starts $799*upto 100% Deductible Paid*
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NEED A LAWYER ??
Red Seal NOTARY
KAUR LAW OFFICE
REAL ESTATE LAWYER
• Residential & Commercial
• Sale/Purchase of House
• Mortgage & Refinancing
• Drafting/Reviewing Agreements
• Title Transfer
• 2nd Mortgage
IMMIGRATION
Skilled Worker Category
Spousal & Family Sponsorship
• Student Permits Visa & Renewals
• PR Renewal/ Citizenship Application
FAMILY LAWYER
• Child & Spousal support
• Custody & Access
• Divorce
• Equalization
BUSINESS LAW
• Incorporation & Shareholder agreements
• Sales & Purchase of Assets & Shares
• Notarization & Affidavits
WILLS & ESTATE
• Wills
• Certificate of Estate Trustee with/without Will
• Power of attorney for Property & Personal Care
MANJEET KAUR
LL.B., (London UK)
Barrister, Solicitor & Notary Public
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special on Sale
● ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
● ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
● ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
● ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer Marketing: | Aman Warraich Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਭਾਜਪਾ ਵੱਲੋਂ ਪੰਜਾਬ ਦੇ ਲੋਕਾਂ ਨੂੰ ਮੁਫਤ ਬਿਜਲੀ, ਕਿਸਾਨਾਂ ਦੇ ਕਰਜ਼ੇ ਮੁਆਫ ਕਰਨ ਸਣੇ ਕਈ ਵਾਅਦੇ

## * ਗੱਠਜੋੜ ਦਾ ਚੋਣ ਮਨੋਰਥ ਪੱਤਰ ਕੇਂਦਰੀ ਮੰਤਰੀ ਹਰਦੀਪ ਪੁਰੀ ਵੱਲੋਂ ਜਾਰੀ

ਜਲੰਧਰ, 13 ਫਰਵਰੀ, (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਲਈ ਭਾਜਪਾ, ਪੰਜਾਬ ਲੋਕ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ (ਯੂਨਾਈਟਿਡ) ਦੇ ਗਠਜੋੜ ਨੇ ਅੱਜ ਸ਼ਨੀਵਾਰ ਆਪਣਾ ਚੋਣ ਮਨੋਰਥ ਪੱਤਰ ਜਾਰੀ ਕੀਤਾ, ਜਿਸ ਵਿੱਚ ਮੁਫਤੀ ਬਿਜਲੀ ਸਮੇਤ ਕਈ ਵਾਅਦੇ ਕੀਤੇ ਗਏ ਹਨ।

ਭਾਜਪਾ ਗੱਠਜੋੜ ਦਾ 11 ਨੁਕਤਿਆਂ ਦਾ ਚੋਣ ਮਨੋਰਥ ਪੱਤਰ, ਜਿਸ ਨੂੰ ਉਨ੍ਹਾਂ 'ਸੰਕਲਪ ਪੱਤਰ' ਕਿਹਾ ਹੈ, ਅੱਜ ਏਥੇਕੇਂਦਰੀ ਮੰਤਰੀ ਤੇ ਭਾਜਪਾ ਆਗੂ ਹਰਦੀਪ ਸਿੰਘ ਪੁਰੀ ਨੇ ਜਾਰੀ ਕੀਤਾ ਤੇ ਕਿਹਾ ਕਿ ਇੱਕ ਦਿਨ ਪਹਿਲਾਂ ਭਾਜਪਾ ਅਤੇ ਇਸ ਦੀਆਂ ਸਹਿਯੋਗੀ ਪਾਰਟੀਆਂ, ਪੰਜਾਬ ਲੋਕ ਕਾਂਗਰਸ ਤੇ ਸ਼੍ਰੋਮਣੀ ਅਕਾਲੀ ਦਲ (ਯੂਨਾਈਟਿਡ) ਨੇ ਇਸ ਦੀ ਸਹਿਮਤੀ ਜਤਾਈ ਹੈ। ਇਸ ਸੰਕਲਪ ਪੱਤਰਵਿੱਚ ਕਰਜ਼ਾ ਮੁਆਫ਼ੀ, ਫਲਾਂ, ਸਬਜ਼ੀਆਂ, ਦਾਲਾਂ ਤੇ ਤੇਲ ਦੇ ਬੀਜਾਂ ਲਈ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਸਮੇਤ ਕਈ ਵਾਅਦੇ ਕਰ ਕੇ ਕਿਹਾ ਗਿਆ ਹੈ ਕਿ ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ ਹੇਠ ਅੱਜ ਤੱਕ ਪੈਂਡਿੰਗ ਚੱਲਦੇ ਸਿੰਜਾਈ ਪ੍ਰੋਜੈਕਟਾਂ ਪੂਰੇ ਕੀਤੇਜਾਣਗੇ ਤੇ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ।ਗੱਠਜੋੜ ਨੇ ਕਿਹਾ ਕਿ ਪੰਜਾਬ ਦੀਆਂ ਚੋਣਾਂ ਜਿੱਤਣਪਿੱਛੋਂ ਸਭ ਨੂੰ 300 ਯੂਨਿਟ ਤੱਕ ਬਿਜਲੀ ਮੁਫਤ ਦੇਣਗੇ ਤੇ ਇਸ ਤੋਂ ਵੱਧ ਯੂਨਿਟ ਹੋਏ ਤਾਂ 3 ਰੁਪਏ ਯੂਨਿਟ ਚਾਰਜ ਕੀਤਾ ਜਾਵੇਗਾ। ਉਦਯੋਗਾਂ ਲਈ ਬਿਜਲੀ ਸਿਰਫ 4 ਰੁਪਏ ਯੂਨਿਟ ਦੇ ਹਿਸਾਬ ਨਾਲਦਿੱਤੀ ਜਾਵੇਗੀ।ਉਨ੍ਹਾ ਕਿਹਾ ਕਿ ਜੇ ਭਾਜਪਾ ਪੰਜਾਬ ਵਿੱਚ ਚੋਣਾਂ ਜਿੱਤ ਗਈ ਤਾਂ ਅਗਲੇ ਪੰਜ ਸਾਲਾਂ ਵਿੱਚ ਪੰਜਾਬ ਦੇ ਬੁਨਿਆਦੀ ਢਾਂਚੇ ਉੱਤੇ 1 ਲੱਖ ਕਰੋੜ ਰੁਪਏ ਖਰਚ ਕੀਤੇ ਜਾਣਗੇ।

ਇਹੀ ਨਹੀਂ, ਭਾਜਪਾ ਗੱਠਜੋੜ ਦੇ ਇਸ ਸੰਕਲਪ ਪੱਤਰਮੁਤਾਬਕ ਜਿਨ੍ਹਾਂ ਕਿਸਾਨਾਂ ਕੋਲ ਪੰਜ ਏਕੜ ਤੋਂ ਘੱਟ ਜ਼ਮੀਨ ਹੈ, ਉਨ੍ਹਾਂ ਦਾ ਕਰਜ਼ਾ ਮੁਆਫ਼ ਕੀਤਾ ਜਾਵੇਗਾ ਅਤੇ ਅਨੁਸੂਚਿਤ ਜਾਤੀ, ਪੱਛੜੀ ਸ਼੍ਰੇਣੀ ਤੇ ਆਰਥਿਕ ਤੌਰ ਉੱਤੇ ਕਮਜ਼ੋਰ ਲੋਕਾਂ ਦਾ 50 ਹਜ਼ਾਰ ਰੁਪਏ ਤੱਕ ਪੁਰਾਣਾ ਕਰਜ਼ਾ ਮੁਆਫ਼ ਕੀਤਾ ਜਾਵੇਗਾ।ਉਨ੍ਹਾ ਕਿਹਾ ਹੈ ਕਿ ਜੇ ਸਰਕਾਰ ਬਣੀ ਤਾਂ ਔਰਤਾਂ ਨੂੰ ਸਰਕਾਰੀ ਨੌਕਰੀਆਂਵਿੱਚ 35 ਫੀਸਦੀ ਰਾਖਵਾਂਕਰਨ ਅਤੇ ਲੋਕਾਂ ਨੂੰ ਸਾਲ ਵਿੱਚ 150 ਘੰਟੇ ਕੰਮ ਦੀ ਗਾਰੰਟੀ ਦਿੱਤੀ ਜਾਵੇਗੀ।ਬੇਰੁਜ਼ਗਾਰਨੌਜਵਾਨਾਂ ਨੂੰ 4000 ਰੁਪਏ ਮਹੀਨਾ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇਗਾ।

# ਭਾਰਤ ਦੇ ਅੱਜ ਤੱਕ ਦੇ ਸਭ ਤੋ ਵੱਡੇ ਬੈਂਕਿੰਗ ਘੁਟਾਲੇ ਦਾ ਪਰਦਾ ਫਾਸ਼

## * 28 ਬੈਂਕਾਂ ਨੂੰ 22,842 ਕਰੋੜ ਦਾ ਰਗੜਾ ਲਾ ਦਿੱਤਾ ਗਿਆ

ਨਵੀਂ ਦਿੱਲੀ, 13 ਫਰਵਰੀ, (ਪੋਸਟ ਬਿਊਰੋ)- ਭਾਰਤ ਦੀ ਕੇਂਦਰੀ ਜਾਂਚ ਏਜੰਸੀਸੀਬੀਆਈ ਨੇ ਦੇਸ਼ ਦੇ ਸਭ ਤੋਂ ਵੱਡੇ ਬੈਂਕ ਫਰਾਡਵਿੱਚ ਏਬੀਜੀ ਸ਼ਿਪਯਾਰਡ ਲਿਮਿਟਿਡ ਅਤੇ ਕੰਪਨੀ ਦੇ ਉਸ ਵਕਤ ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਰਿਸ਼ੀ ਕਮਲੇਸ਼ ਅਗਰਵਾਲ ਅਤੇ ਹੋਰ ਅਣਪਛਾਤੇ ਪਬਲਿਕ ਸਰਵੈਂਟਸ ਤੇ ਬਾਹਰੀ ਲੋਕਾਂ ਵਿਰੁੱਧ ਕੇਸ ਦਰਜ ਕੀਤਾ ਹੈ। ਅਧਿਕਾਰੀਆਂ ਨੇ ਅੱਜ ਸ਼ਨੀਵਾਰ ਦੱਸਿਆ ਕਿ ਇਹ ਕੇਸ ਭਾਰਤੀ ਸਟੇਟ ਬੈਂਕ ਦੀ ਅਗਵਾਈ ਵਾਲੇ ਬੈਂਕਾਂ ਦੇ ਇੱਕਗਰੁੱਪ ਤੋਂ 22,842 ਕਰੋੜ ਰੁਪਏ ਦੀ ਧੋਖਾਧੜੀ ਦੇ ਸਬੰਧ ਵਿੱਚ ਦਰਜ ਕੀਤਾ ਗਿਆ ਅਤੇ ਅੱਜ ਤੱਕ ਦਾ ਸੀ ਬੀ ਆਈਵੱਲੋਂ ਦਰਜ ਕੀਤਾ ਗਿਆ ਸਭ ਤੋਂ ਵੱਡਾ ਬੈਂਕ ਫਰਾਡ ਦਾ ਕੇਸ ਹੈ।

ਇਸ ਵਿੱਚ ਸੀ ਬੀ ਆਈ ਨੇ ਰਿਸ਼ੀ ਕਮਲੇਸ਼ ਅਗਰਵਾਲ ਤੋਂ ਇਲਾਵਾ ਓਦੋਂ ਵਾਲੇ ਕਾਰਜਕਾਰੀ ਡਾਇਰੈਕਟਰ ਸੰਥਾਨਮ ਮੁਥਾਸਵਾਮੀ, ਡਾਇਰੈਕਟਰਜ਼ ਅਸ਼ਵਨੀ ਕੁਮਾਰ, ਸੁਸ਼ੀਲ ਕੁਮਾਰ ਅਗਰਵਾਲ ਅਤੇ ਰਵੀ ਵਿਮਲ ਨੇਵੇਤੀਆ ਤੇ ਇਕ ਹੋਰ ਕੰਪਨੀ ਏਬੀਜੀ ਇੰਟਰਨੈਸ਼ਨਲ ਪ੍ਰਾਈਵੇਟ ਲਿਮਿਟਿਡ ਉੱਤੇ ਅਪਰਾਧਿਕ ਸਾਜ਼ਿਸ਼, ਫਰਾਡ, ਵਿਸ਼ਵਾਸ ਦੀ ਅਪਰਾਧਿਕ ਉਲੰਘਣਾ ਅਤੇ ਅਧਿਕਾਰਤ ਦੁਰ-ਵਿਹਾਰ ਦਾ ਕੇਸ ਦਰਜ ਕੀਤਾ ਅਤੇ ਜਾਂਚ ਲਈ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰਿਆਂ ਦੇ ਖਿਲਾਫ਼ ਆਈਪੀਸੀ (ਇੰਡੀਨ ਪੀਨਲ ਕੋਡ) ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦਾ ਕੇਸ ਦਰਜ ਹੋਇਆ ਹੈ।ਮਿਲੀ ਜਾਣਕਾਰੀ ਅਨੁਸਾਰ ਬੈਂਕ ਦੇ ਕੰਸੋਰਟੀਅਮ ਨੇ ਪਹਿਲਾਂ 8 ਨਵੰਬਰ 2019 ਨੂੰ ਸ਼ਿਕਾਇਤ ਕੀਤੀ ਸੀ, ਜਿਸ ਉੱਤੇਸੀ ਬੀ ਆਈ ਨੇ 12 ਮਾਰਚ 2020 ਨੂੰ ਕੁਝ ਸਪੱਸ਼ਟੀਕਰਨ ਮੰਗੇ ਤਾਂ ਬੈਂਕਾਂ ਦੇ ਗਰੁੱਪ ਨੇ ਉਸੇ ਸਾਲ ਅਗਸਤ ਵਿੱਚਇੱਕਨਵੀਂਸ਼ਿਕਾਇਤ ਦਰਜ ਕਰਵਾਈ ਅਤੇ ਡੇਢ ਸਾਲ ਤੋਂ ਵੱਧ ਜਾਂਚ ਮਗਰੋਂਸੀ ਬੀ ਆਈ ਨੇ ਇਸ ਉੱਤੇ ਕਾਰਵਾਈ ਕੀਤੀ ਸੀ। ਅਧਿਕਾਰੀਆਂਮੁਤਾਬਕ ਭਾਰਤੀ ਸਟੇਟ ਬੈਂਕ (ਐੱਸਬੀਆਈ) ਦੇ ਨਾਲ 28 ਬੈਂਕਾਂ ਤੇ ਵਿੱਤੀ ਸੰਸਥਾਵਾਂ ਨੇ ਇਸ ਕੰਪਨੀ ਨੂੰ 2468.51 ਕਰੋੜ ਰੁਪਏ ਦੇ ਕਰਜ਼ੇ ਮਨਜ਼ੂਰ ਕੀਤੇ ਸਨ। ਉਨ੍ਹਾਂ ਕਿਹਾ ਕਿ ਫੋਰੈਂਸਿਕ ਆਡਿਟ ਤੋਂ ਪਤਾ ਲੱਗਾ ਕਿ ਸਾਲ 2012-17 ਦੌਰਾਨ ਦੋਸ਼ੀਆਂ ਨੇ ਮਿਲੀਭੁਗਤ ਨਾਲ ਗੈਰ-ਕਾਨੂੰਨੀ ਕੰਮ ਕੀਤੇ, ਜਿਨ੍ਹਾਂਵਿੱਚ ਫੰਡਾਂ ਦੀ ਦੁਰਵਰਤੋਂ ਅਤੇ ਵਿਸ਼ਵਾਸ ਦੀ ਅਪਰਾਧਿਕ ਉਲੰਘਣਾ ਸ਼ਾਮਲ ਹੈ।

ਸੀ ਬੀ ਆਈਨੇ ਇਸ ਕੇਸ ਵਿੱਚ ਅੱਜ ਮੁੰਬਈ, ਪੁਣੇ, ਭਰੂਚ, ਸੂਰਤ ਵਿੱਚ 13 ਥਾਂਛਾਪੇ ਮਾਰੇ ਤੇ ਸ਼ਨੀਵਾਰ ਦੇਰ ਸ਼ਾਮ ਤੱਕ ਕਈ ਪ੍ਰਾਈਵੇਟ ਵਿਅਕਤੀਆਂ ਅਤੇ ਕੰਪਨੀ ਦੇ ਡਾਇਰੈਕਟਰਾਂ ਦੇ ਦਫ਼ਤਰਾਂ ਦੀ ਤਲਾਸ਼ੀ ਲਈ। ਇਸ ਦੌਰਾਨ ਕਈ ਮਹੱਤਵਪੂਰਨ ਦਸਤਾਵੇਜ਼, ਇਲੈਕਟ੍ਰਾਨਿਕ ਯੰਤਰ, ਮੋਬਾਈਲ ਫੋਨ, ਬੈਂਕਿੰਗ ਕੰਪਿਊਟਰ ਆਦਿ ਜ਼ਬਤ ਕੀਤੇ ਗਏ ਤੇਸੀ ਬੀ ਆਈ ਟੀਮ ਇਸ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਇਸ ਕੇਸਵਿੱਚਸੀ ਬੀ ਆਈ ਜਲਦੀ ਹੀ ਕਈ ਦੋਸ਼ੀਆਂ ਨੂੰ ਪੁੱਛਗਿੱਛ ਲਈ ਨੋਟਿਸ ਭੇਜ ਕੇ ਉਨ੍ਹਾਂ ਨੂੰ ਸੀ ਬੀ ਆਈ ਹੈੱਡਕੁਆਰਟਰ ਵਿਖੇ ਦਿੱਲੀ ਬੁਲਾਵੇਗੀ ਅਤੇ ਅਗਲੇ ਦਿਨਾਂ ਵਿੱਚ ਕਈ ਗ੍ਰਿਫਤਾਰੀਆਂ ਵੀ ਹੋ ਸਕਦੀਆਂ ਹਨ।

# ਐੱਨ ਸੀ ਬੀ ਅਤੇ ਨੇਵੀ ਵੱਲੋਂ ਵੱਡੀ ਕਾਰਵਾਈ ਵਿੱਚ 2000 ਕਰੋੜ ਦੇ ਨਸ਼ੀਲੇ ਪਦਾਰਥ ਜ਼ਬਤ

ਨਵੀਂ ਦਿੱਲੀ, 13 ਫਰਵਰੀ, (ਪੋਸਟ ਬਿਊਰੋ)- ਭਾਰਤ ਸਰਕਾਰ ਦੇ ਨਾਰਕੋਟਿਕਸ ਕੰਟਰੋਲ ਬਿਊਰੋ ਤੇ ਸਮੁੰਦਰੀ ਫੌਜ (ਨੇਵੀ) ਨੇ ਇੱਕ ਸਾਂਝੀਵੱਡੀ ਕਾਰਵਾਈ ਵਿੱਚ 763 ਕਿਲੋਗ੍ਰਾਮ ਤੋਂ ਵੱਧ ਡਰੱਗਜ਼ ਜ਼ਬਤ ਕੀਤੀ ਹੈ। ਜ਼ਬਤ ਕੀਤੇ ਗਏ ਨਸ਼ੀਲੇ ਪਦਾਰਥਾਂ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੀਮਤ 2000 ਕਰੋੜ ਰੁਪਏ ਦੱਸੀ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਫੜੇ ਗਏ ਨਸ਼ੀਲੇ ਪਦਾਰਥਾਂ ਵਿੱਚ 529 ਕਿਲੋਗ੍ਰਾਮ ਹਸ਼ੀਸ਼ (ਚਰਸ) ਅਤੇ 234 ਕਿਲੋ ਕ੍ਰਿਸਟਲ ਮੈਥਾਮਫੇਟਾਮਾਈਨ ਤੇ ਕੁਝ ਹੈਰੋਇਨਸ਼ਾਮਲ ਹੈ।ਪਤਾ ਲੱਗਾ ਹੈ ਕਿ ਨਸ਼ੇ ਦੀ ਇਹ ਖੇਪ ਪਾਕਿਸਤਾਨ ਤੋਂ ਆਈ ਸੀ। ਦੋਵਾਂ ਫੋਰਸਾਂ ਦੇ ਅਫਸਰਾਂ ਨੇ ਅੱਜ ਸ਼ਨੀਵਾਰ ਦੱਸਿਆ ਕਿ ਇਹਏਦਾਂ ਦਾ ਪਹਿਲਾ ਆਪ੍ਰੇਸ਼ਨ ਸੀ, ਜਿਸ ਵਿਚ ਸਮੁੰ-ਦਰ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇਨਪੁਟ ਮਿਲਣ ਉੱਤੇ ਐੱਨ ਸੀ ਬੀਦੇ ਡਿਪਟੀ ਡਾਇਰੈਕਟਰ ਜਨਰਲ ਸੰਜੇ ਕੁਮਾਰ ਸਿੰਘ ਦੀ ਅਗਵਾਈ ਵਿੱਚਨੇਵੀ ਦੀ ਖੁਫੀਆ ਯੂਨਿਟ ਨਾਲ ਸਾਂਝੀ ਕਾਰਵਾਈ ਕੀਤੀ ਗਈ। ਐੱਨਸੀਬੀਦੇ ਸੂਤਰਾਂ ਮੁਤਾਬਕ ਏਜੰਸੀ ਨੂੰ ਸੂਹ ਮਿਲੀ ਸੀ ਕਿ ਵੱਡੀ ਮਾਤਰਾਵਿੱਚ ਨਸ਼ੀਲੇ ਪਦਾਰਥ ਨਾਲ ਦੋ ਵੱਡੀਆਂ ਕਿਸ਼ਤੀਆਂ ਅਰਬ ਸਾਗਰ ਤੋਂ ਗੁਜਰਾਤ ਜਾਂ ਮੁੰਬਈ ਜਾਣੀਆਂ ਸਨ। ਅਧਿਕਾਰੀਆਂ ਨੇ ਸੁਰੱਖਿਆ ਕਾਰਨਾਂ ਕਰ ਕੇ ਉਸ ਅਸਲੀ ਥਾਂ ਬਾਰੇ ਨਹੀਂ ਦੱਸਿਆ, ਜਿੱਥੇ ਨਸ਼ੀਲੇ ਪਦਾਰਥ ਨਾਲ ਜਾਂਦੇ ਜਹਾਜ਼ਾਂ ਨੂੰ ਨੇਵੀ ਦੇ ਜਵਾਨਾਂ ਰੋਕਿਆ ਸੀ।ਐੱਨ ਸੀ ਬੀ ਨੇ ਕਿਹਾ ਕਿ ਇਨ੍ਹਾਂ ਨਸ਼ੀਲੇ ਪਦਾਰਥਾਂ ਦੀ ਜ਼ਬਤੀ ਨੇ ਗੁਆਂਢੀ ਦੇਸ਼ ਤੋਂ ਬਾਹਰੇ ਡਰੱਗ ਸਿੰਡੀਕੇਟਾਂ ਅਤੇ ਭਾਰਤ ਤੇ ਹੋਰ ਦੇਸ਼ਾਂਵਿੱਚ ਨਸ਼ੀਲੇ ਪਦਾਰਥ ਭੇਜਣ ਲਈ ਸਮੁੰਦਰੀ ਰਸਤੇ ਵਰਤਣ ਵਾਲੇ ਗਰੋਹਾਂ ਨੂੰ ਵੱਡਾ ਝਟਕਾ ਦਿੱਤਾ ਹੈ।

ਅਸਲ ਵਿੱਚ ਤਸਕਰੀ ਰੋਕਣ ਲਈ ਐੱਨ ਸੀ ਬੀ ਤੇ ਭਾਰਤੀ ਸਮੁੰਦਰੀ ਫੌਜ ਪਿਛਲੇ ਕਈ ਦਿਨਾਂ ਤੋਂ ਸਮੁੰਦਰ ਉੱਤੇ ਨਜ਼ਰ ਰੱਖ ਰਹੀਆਂ ਸਨ।ਸਮੁੰਦਰੀ ਫੌਜ ਦੇ ਜਹਾਜ਼ ਨੇ ਦੋ ਕਿਸ਼ਤੀਆਂ ਵੇਖੀਆਂ ਤਾਂ 200 ਨਾਟੀਕਲ ਮੀਲ ਤੱਕ ਪਿੱਛਾ ਕੀਤਾ, ਜਿਸ ਕਾਰਨਦੋਸ਼ੀ ਕਿਸ਼ਤੀਆਂ ਛੱਡ ਕੇ ਭੱਜ ਗਏ।ਐੱਨ ਸੀ ਬੀ ਅਨੁਸਾਰ ਕਿਸ਼ਤੀਆਂ ਦੀ ਤਲਾਸ਼ੀਤੋਂ 525 ਕਿਲੋਗ੍ਰਾਮ ਉੱਚ ਕਆਲਟੀ ਵਾਲੀ ਹਸ਼ੀਸ਼ ਤੇ 234 ਕਿਲੋ ਵਧੀਆ ਕੁਆਲਿਟੀ ਕ੍ਰਿਸਟਲ ਮੈਥਾਮਫੇਟਾਮਾਈਨ ਮਿਲੀ, ਜਿਸ ਦੀ ਸੰਸਾਰ ਬਾਜ਼ਾਰ ਵਿੱਚ ਕੀਮਤ ਲਗਭਗ 2,000 ਕਰੋੜ ਰੁਪਏ ਦੱਸੀ ਜਾਂਦੀ ਹੈ।

# ਨਵਜੋਤ ਸਿੱਧੂ ਨੇ ਪ੍ਰਿਅੰਕਾ ਗਾਂਧੀ ਦੇ ਸਾਹਮਣੇ ਹੀ ਮੰਚ 'ਤੇ ਬੋਲਣ ਤੋਂ ਨਾਂਹ ਕਰ ਦਿੱਤੀ

...ਪੰਨਾ 1 ਦਾ ਬਾਕੀ

ਇਸ ਮੌਕੇ ਕਾਂਗਰਸ ਉਮੀਦਵਾਰ ਦੇ ਹੱਕ ਵਿੱਚ ਬੋਲਣ ਲਈ ਜਦੋਂ ਸਟੇਜ ਸੈਕਟਰੀ ਨੇ ਕਈ ਵਿਸ਼ੇਸ਼ਣ ਲਾ ਕੇ ਪੂਰੇ ਜੋਸ਼ ਨਾਲ ਨਵਜੋਤ ਸਿੰਘ ਸਿੱਧੂ ਨੂੰ ਸੱਦਾ ਦਿੱਤਾ ਤਾਂ ਸਿੱਧੂ ਨੇ ਸਟੇਜ ਵੱਲ ਜਾਣ ਦੀ ਥਾਂ ਉੱਠ ਕੇ ਕਹਿ ਦਿੱਤਾ ਕਿ ਨਹੀਂ ਬੋਲਣਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਬੋਲਣ ਲਈ ਕਹੋ। ਕਈ ਆਗੂਆਂ ਨੇ ਮੱਠੀ ਸੁਰ ਵਿੱਚ ਸਿੱਧੂ ਨੂੰ ਕੁਝ ਮਿੰਟ ਸਟੇਜ ਉੱਤੇ ਜਾਣ ਨੂੰ ਕਿਹਾ, ਪਰ ਉਹ ਨਹੀਂ ਗਏ ਤੇ ਕਾਂਗਰਸ ਜਨਰਲ ਸੈਕਟਰੀ ਪ੍ਰਿਅੰਕਾ ਗਾਂਧੀ ਦੇ ਸਾਹਮਣੇ ਹੀ ਸਟੇਜ ਉੱਤੇ ਭਾਸ਼ਣ ਦੇਣ ਤੋਂ ਨਾਂਹ ਕਰ ਕੇ ਬੈਠ ਗਏ। ਪ੍ਰਿਅੰਕਾ ਗਾਂਧੀ ਨਾਲ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਨਵਜੋਤ ਸਿੰਘ ਸਿੱਧੂ ਸਮੇਤ ਕਾਂਗਰਸ ਦੇ ਕਈ ਲੀਡਰ ਇਸ ਰੈਲੀ ਦੀ ਸਟੇਜਉੱਤੇ ਮੌਜੂਦ ਸਨ। ਪਿਛਲੇ ਦਿਨੀਂ ਜਦੋਂ ਲੁਧਿਆਣਾ ਦੀ ਰੈਲੀ ਵਿੱਚ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਨੇ ਪੰਜਾਬ ਵਾਸਤੇ ਮੁੱਖ ਮੰਤਰੀ ਦੇ ਅਹੁਦੇ ਦੇ ਕਾਂਗਰਸ ਉਮੀਦਵਾਰ ਵਜੋਂ ਚਰਨਜੀਤ ਸਿੰਘ ਚੰਨੀ ਦੇ ਨਾਂਅ ਦਾ ਐਲਾਨ ਕੀਤਾ ਸੀ, ਓਦੋਂ ਤੋਂ ਨਵਜੋਤ ਸਿੰਘ ਸਿੱਧੂ ਨਾਰਾਜ਼ ਹਨ। ਉਨ੍ਹਾ ਨੂੰ ਮੁੱਖ ਮੰਤਰੀ ਚਿਹਰਾ ਨਾ ਐਲਾਨਣ ਕਾਰਨ ਉਨ੍ਹਾ ਦੀ ਪਤਨੀ ਨਵਜੋਤ ਕੌਰ ਸਿੱਧੂ ਵੀ ਜਨਤਕ ਤੌਰ ਉੱਤੇਸਿਰਫ ਨਵਜੋਤ ਸਿੰਘ ਸਿੱਧੂ ਨੂੰ ਮੁੱਖ ਮੰਤਰੀ ਲਈ ਸਭ ਤੋਂ ਸਹੀ ਉਮੀਦਵਾਰ ਕਹੀ ਜਾ ਰਹੀ ਹੈ ਅਤੇ ਉਨ੍ਹਾਂ ਦੀ ਧੀ ਰਾਬੀਆ ਨੇ ਵੀ ਜਨਤਕ ਤੌਰ ਉੱਤੇ ਇਹੋ ਕਿਹਾ ਹੈ।ਨਵਜੋਤ ਸਿੰਘ ਸਿੱਧੂ ਦੀ ਹਾਈਕਮਾਨ ਨਾਲ ਨਾਰਾਜ਼ਗੀ ਦਾ ਪਤਾ ਏਥੋਂ ਵੀ ਲਗਦਾ ਹੈ ਕਿ ਧੂਰੀ ਦੀ ਰੈਲੀ ਤੋਂ ਪਹਿਲਾਂ ਅੱਜ ਫਰੀਦਕੋਟ ਜ਼ਿਲੇ ਵਿੱਚ ਵੀ ਪ੍ਰਿਅੰਕਾ ਗਾਂਧੀ ਦੀ ਰੈਲੀ ਸੀ, ਜਿੱਥੇ ਪੰਜਾਬ ਦੀ ਕਾਂਗਰਸਦੇ ਬਾਕੀ ਸਾਰੇ ਆਗੂ ਉਚੇਚੇ ਪਹੁੰਚੇ, ਪਰ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਓਥੇ ਨਹੀਂ ਸਨ ਗਏ।

# ਨਵਜੋਤ ਸਿੱਧੂ ਦੀ ਬੇਟੀ ਰਾਬੀਆ ਨੇ ਵਿਆਹ ਨਾਲ ਚੋਣਾਂ ਜਿੱਤਣ ਵਾਲੀ ਸ਼ਰਤ ਜੋੜੀ

ਅੰਮ੍ਰਿਤਸਰ, 13 ਫਰਵਰੀ, (ਪੋਸਟ ਬਿਊਰੋ)- ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਹਲਕਾ ਅੰਮ੍ਰਿਤਸਰ ਪੂਰਬੀ ਤੋਂ ਇਸ ਪਾਰਟੀ ਦੇ ਉਮੀਦਵਾਰ ਨਵਜੋਤ ਸਿੰਘ ਸਿੱਧੂ ਦੀ ਬੇਟੀ ਰਾਬੀਆ ਸਿੱਧੂ ਅਕਸਰ ਆਪਣੀਆਂ ਇੰਸਟਾਗ੍ਰਾਮ ਪੋਸਟਾਂ ਨਾਲ ਸੁਰਖੀਆਂ ਵਿੱਚ ਰਹਿੰਦੀ ਹੈ, ਪਰ ਉਹ ਇਨ੍ਹਾਂ ਦਾ ਪ੍ਰਗਟਾਵਾ ਆਪਣੇ ਪਿਤਾ ਦੀ ਚੋਣ ਮੁਹਿੰਮ ਵਿੱਚ ਵੀ ਕਰਦੀ ਹੈ। ਅੱਜ ਅੰਮ੍ਰਿਤਸਰ ਪੂਰਬੀ ਹਲਕੇ ਵਿੱਚ ਆਪਣੇ ਪਿਤਾ ਵਾਸਤੇ ਘਰ-ਘਰ ਪ੍ਰਚਾਰ ਕਰਦੀ ਹੋਈ ਰਾਬੀਆ ਨੇ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਉੱਤੇ ਤਿੱਖੇ ਹਮਲੇ ਕੀਤੇ। ਆਪਣੇ ਪਿਤਾ ਨਵਜੋਤ ਸਿੰਘ ਸਿੱਧੂ ਦੇ ਚੋਣ ਪ੍ਰਚਾਰ ਦੌਰਾਨ ਰਾਬੀਆ ਨੇ ਵਿਆਹ ਬਾਰੇ ਕਿਹਾ ਕਿ ਉਹ ਉਦੋਂ ਤੱਕ ਵਿਆਹ ਨਹੀਂ ਕਰੇਗੀ, ਜਦੋਂ ਤੱਕ ਉਸ ਦੇ ਪਿਤਾ ਦੀ ਜਿੱਤ ਨਹੀਂ ਹੋ ਜਾਂਦੀ। ਪੱਤਰਕਾਰਾਂ ਨੇ ਉਸ ਤੋਂ ਉਸ ਦੇ ਵਿਆਹ ਬਾਰੇ ਪੁੱਛਿਆ ਸੀ, ਜਵਾਬ ਵਿੱਚ ਉਸ ਨੇ ਇਹ ਗੱਲ ਕਹਿ ਦਿੱਤੀ। ਚੋਣ ਪ੍ਰਚਾਰ ਮੌਖੇ ਰਾਬੀਆ ਸਿਆਸੀ ਆਗੂ ਵਾਂਗ ਗੱਲਾਂ ਕਰਦੀ ਹੈ। ਉਹ ਆਪਣੇ ਪਿਤਾ ਦੇ ਵਿਰੋਧੀ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਉੱਤੇ ਆਪਣੇ ਪਿਤਾ ਵਾਂਗ ਹਮਲਾਵਰ ਹੋ ਕੇਨਿਸ਼ਾਨਾ ਸਾਧਦੀ ਤੇ ਕਹਿੰਦੀ ਹੈ ਕਿ ਜੇ ਮਜੀਠੀਆ ਜਿੱਤਦਾ ਹੈ ਤਾਂ ਏਥੇ ਨਸ਼ਿਆਂ ਦਾ ਕਾਰੋਬਾਰ ਫੈਲਾ ਦੇਵੇਗਾ। ਰਾਬੀਆ ਨੇ ਆਪਣੇ ਪਿਤਾ ਨਵਜੋਤ ਸਿੰਘ ਸਿੱਧੂ ਦੇ ਪੰਜਾਬ ਮਾਡਲ ਦੀ ਚਰਚਾ ਵਿੱਚ ਕਿਹਾ ਕਿ ਉਨ੍ਹਾ ਨੂੰ ਪੰਜਾਬ ਦਾ ਦਰਦ ਹੈ, ਉਹ ਪੰਜਾਬ ਨੂੰ ਵਧਦਾ-ਫੁੱਲਦਾ ਦੇਖਣਾ ਚਾਹੁੰਦੇ ਹਨ, ਪੰਜਾਬ ਵੱਲ ਉਨ੍ਹਾਂ ਦੀ ਸੋਚ ਇਮਾਨਦਾਰ ਹੈ। ਆਪਣੀ ਗਲੈਮਰਸ ਲੁੱਕ ਕਾਰਨ ਲੋਕਾਂ ਤੱਕ ਪਹੁੰਚਣਯੋਗ ਰਾਬੀਆ ਨੇ ਕਿਹਾ ਕਿ ਉਸ ਦੇ ਪਿਤਾ ਨੇ ਪੰਜਾਬ ਮਾਡਲ ਲਈ ਕਈ ਸਾਲ ਲਾਏ ਹਨ ਤੇ ਇਸ ਵਿੱਚ ਹਰ ਵਰਗ ਲਈ ਕੁਝ ਨਾ ਕੁਝ ਹੈ।

# ਨਾਮਜ਼ਦਗੀ ਕਾਗਜ਼ਾਂ ਵਿੱਚ ਭਗੌੜੇ ਹੋਣ ਦੀ ਸੂਚਨਾ ਛੁਪਾਉਣ ਕਾਰਨ ਦੋ ਉਮੀਦਵਾਰਾਂ ਦੇ ਖ਼ਿਲਾਫ਼ ਕੇਸ ਦਰਜ

ਚੰਡੀਗੜ੍ਹ, 13 ਫਰਵਰੀ, (ਪੋਸਟ ਬਿਊਰੋ)- ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਲੜ ਰਹੇ ਦੋ ਉਮੀਦਵਾਰਾਂ ਦੇ ਖ਼ਿਲਾਫ਼ ਨਾਮਜ਼ਦਗੀ ਕਾਗਜ਼ਾਂਵਿੱਚਆਪਣੇ ਭਗੌੜੇ ਹੋਣ ਦੀ ਸੂਚਨਾ ਲੁਕਾਉਣ ਦੇ ਕੇਸ ਦਰਜ ਕੀਤੇ ਗਏ ਹਨ।

ਇਸ ਬਾਰੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਡਾ. ਕਰੁਣਾ ਰਾਜੂ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਸਨੌਰ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਪਠਾਣਮਾਜਰਾ, ਜਿਸਦਾ ਪੂਰਾ ਨਾਮ ਹਰਮੀਤ ਸਿੰਘ ਢਿੱਲੋਂ ਪੁੱਤਰ ਹਰਦੇਵ ਸਿੰਘ ਵਾਸੀ ਪਠਾਣਮਾਜਰਾ, ਪਟਿਆਲਾ ਹੈ, ਵਿਰੁੱਧ ਬਰਨਾਲਾ ਵਿਖੇ ਆਈ ਪੀ ਸੀ(ਇੰਡੀਅਨ ਪੀਨਲ ਕੋਡ) ਦੀ ਧਾਰਾ 174 ਦੇਕੇਸ ਨੰਬਰ 509 ਮਿਤੀ 20 ਦਸੰਬਰ 2019 ਵਿੱਚ ਅਮਰਿੰਦਰਪਾਲ ਸਿੰਘ ਚੀਫ ਜੁਡੀਸ਼ਲ ਮੈਜਿਸਟਰੇਟ ਬਰਨ-ਾਲਾ ਦੀ ਅਦਾਲਤ ਤੋਂ ਭਗੌੜਾ ਕਰਾਰ ਦੇਣ ਦੀ ਸ਼ਿਕਾਇਤ ਮਿਲੀਤੇ ਨਾਮਜ਼ਦਗੀ ਕਾਗਜ਼ਾਂ ਵਿੱਚ ਝੂਠੀ ਸੂਚਨਾ ਲਈਉਸਵਿਰੁੱਧ ਕਾਰਵਾਈ ਦੀ ਮੰਗ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਇਸ ਦੀ ਜਾਂਚ ਜ਼ਿਲ੍ਹਾ ਚੋਣ ਅਫ਼ਸਰ ਪਟਿਆਲਾ ਅਤੇ ਐੱਸ ਐੱਸ ਪੀ ਪਟਿਆਲਾ ਨੇ ਕੀਤੀ ਤਾਂ ਸ਼ਿਕਾਇਤ ਸਹੀ ਨਿਕਲੀ ਤੇ ਹਰਮੀਤ ਸਿੰਘ ਦੇ ਖਿਲਾਫ਼ ਥਾਣਾ ਜੁਲਕਾਂ ਵਿੱ-ਚਲੋਕ ਪ੍ਰਤੀਨਿਧਤਾ ਐਕਟ ਦਾ ਕੇਸ ਦਰਜ ਕੀਤਾ ਗਿਆ ਹੈ।

ਮੁੱਖ ਚੋਣ ਅਫ਼ਸਰ ਡਾਕਟਰ ਕਰੁਣਾ ਰਾਜੂ ਨੇ ਦੱਸਿਆ ਕਿ ਮਲੇਰਕੋਟਲਾ ਹਲਕੇ ਤੋਂ ਇੱਕ ਅਜ਼ਾਦ ਉਮੀਦਵਾਰ ਮੁਹੰਮਦ ਸ਼ਕੀਲ ਨੇ ਚੋਣ ਲੜਨ ਲਈ ਭਰੇ ਕਾਗਜ਼ਾਂਵਿੱਚ ਭਗੌੜਾ ਹੋਣ ਦੀਗੱਲ ਲੁਕਾਈ ਹੈ। ਉਨ੍ਹਾਂ ਕਿਹਾ ਕਿ ਮੁਹੰਮਦ ਸ਼ਕੀਲ ਦੇ ਖਿਲਾਫ਼ ਥਾਣਾ ਸਿਟੀ-2 ਮਲੇਰਕੋਟਲਾ ਵਿੱਚ 30 ਅਪਰੈਲ 2007 ਨੂੰ ਇੱਕ ਸ਼ਿਕਾਇਤਉੱਤੇ ਆਈ ਪੀ ਸੀ ਦੀ ਧਾਰਾ 307 (ਇਰਾਦਾ ਕਤਲ), 326, 120ਬੀ ਅਤੇ 34 ਹੇਠ ਕੇਸ ਦਰਜ ਕੀਤਾ ਗਿਆ ਸੀ। ਇਸ ਵਿੱਚ ਮੁਹੰਮਦ ਸ਼ਕੀਲ ਪੁੱਤਰ ਮੁਹੰਮਦ ਰੁਲਦੂ ਵਾਸੀ ਮੁਹੱਲਾ ਸਾਦੇਵਾਲ ਨੂੰ ਅਦਾਲਤ ਨੇ 13 ਦਸੰਬਰ 2019 ਨੂੰ ਭਗੌੜਾ ਕਰਾਰ ਦੇ ਦਿੱਤਾ ਸੀ। ਡਾ. ਰਾਜੂ ਨੇ ਕਿਹਾ ਕਿ ਇਸ ਕਾਰਨ ਮੁਹੰਮਦ ਸ਼ਕੀਲਉੱਤੇਲੋਕ ਪ੍ਰਤੀਨਿਧਤਾ ਐਕਟ ਦਾ ਕੇਸ ਦਰਜ ਕਰ ਕੇ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।ਲੋਕ ਪ੍ਰਤੀਨਿਧਤਾ ਐਕਟ 1950, 1951, 1989 ਦੀ ਧਾਰਾ 125ਏ ਹੇਠ 3 ਮਹੀਨੇ ਸਜ਼ਾ ਜਾਂ ਜੁਰਮਾਨਾ ਜਾਂ ਫਿਰ ਦੋਵੇ ਹੋ ਸਕਦੇ ਹਨ।

# ਮਨੀ ਲਾਂਡਰਿੰਗ ਕੇਸ: ਪ੍ਰਸਿੱਧ ਪੱਤਰਕਾਰ ਰਾਣਾ ਅਯੂਬ ਦੇ 1.77 ਕਰੋੜ ਰੁਪਏ ਈ ਡੀ ਵੱਲੋਂ ਜ਼ਬਤ

ਨਵੀਂ ਦਿੱਲੀ, 13 ਫਰਵਰੀ, (ਪੋਸਟ ਬਿਊਰੋ)- ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਮਨੀ ਲਾਂਡਰਿੰਗ ਕੇਸਵਿੱਚਪੱਤਰਕਾਰ ਰਾਣਾ ਅਯੂਬ ਦੇ 1.77 ਕਰੋੜ ਰੁਪਏ ਤੋਂ ਵੱਧ ਜ਼ਬਤ ਕੀਤੇ ਅਤੇ ਦੋਸ਼ ਲਾਇਆ ਕਿ ਉਸ ਨੇ ਰਾਹਤ ਕਾਰਜਾਂ ਲਈ ਇਕੱਠੇ ਕੀਤੇ ਚੰਦੇ ਦੀ ਵਰਤੋਂ ਆਨਲਾਈਨ ਕਰਾਊਡਫੰਡਿੰਗ ਪਲੇਟਫਾਰਮ ਕੇਟੋ ਤੋਂ ਨਿੱਜੀ ਖਰਚ ਲਈ ਕੀਤੀ ਹੈ।ਇਸ ਦੀ ਜਾਂਚ ਦੌਰਾਨ ਏਜੰਸੀ ਨੇ ਪਾਇਆ ਕਿ ਅਯੂਬ ਨੇ ਰਾਹਤ ਕਾਰਜਾਂ ਉੱਤੇ ਖਰਚ ਕਰਨ ਦਾ ਦਾਅਵਾ ਕਰਨ ਲਈ ਕੁਝ ਸੰਸਥਾਵਾਂ ਦੇ ਨਾਮ ਉੱਤੇ ਜਾਅਲੀ ਬਿੱਲ ਬਣਾਏ ਅਤੇ ਆਨਲਾਈਨ ਪਲੇਟਫਾਰਮ ਉੱਤੇਇਕੱਠੇ ਕੀਤੇ ਫੰਡਾਂ ਤੋਂ 50 ਲੱਖ ਰੁਪਏ ਦੀ ਫਿਕਸਡ ਡਿਪਾਜ਼ਿਟ ਵੀ ਕੀਤੀ ਸੀ।

ਗਾਜ਼ੀਆਬਾਦ ਪੁਲਿਸ ਨੇ ਪਹਿਲੇਕੇਸ ਦੇ ਆਧਾਰ ਉੱਤੇ ਪਿਛਲੇ ਸਾਲ ਸਤੰਬਰ ਵਿੱਚ ਰਾਣਾਅਯੂਬ ਦੇਵਿਰੁੱਧ ਜਾਂਚ ਸ਼ੁਰੂ ਕੀਤੀ ਸੀ, ਜਿਸ ਵਿੱਚਸ਼ਿਕਾਇਤਕਰਤਾ ਵਿਕਾਸ ਸੰਕ੍ਰਿਤਾਯਨ ਨੇ ਉਸ ਉੱਤੇਜਨਤਕ ਪੈਸਾ ਗੈਰ-ਕਾਨੂੰਨੀ ਢੰਗ ਨਾਲ ਪ੍ਰਾਪਤ ਕਰਨ ਦਾ ਦੋਸ਼ ਲਾਇਆ ਸੀ।ਓਦੋਂ ਰਾਣਾਅਯੂਬ ਨੇ ਦਾਅਵਾ ਕੀਤਾ ਸੀ ਕਿ ਉਸ ਉੱਤੇ ਫੰਡਾਂ ਦੀ ਦੁਰਵਰਤੋਂ ਦੇ ਦੋਸ਼ ਬੇਬੁਨਿਆਦ ਹਨ। ਉੱਤਰ ਪ੍ਰਦੇਸ਼ ਪੁਲਿਸ ਨੇਕੇ-ਸਵਿੱਚਦੱਸਿਆ ਸੀ ਕਿ ਰਾਣਾ ਅਯੂਬ ਨੇ ਪਹਿਲਾਂ ਝੁੱਗੀਆਂ ਵਿੱਚ ਰਹਿੰਦੇ ਲੋਕਾਂ ਤੇ ਕਿਸਾਨਾਂ ਲਈ, ਫਿਰ ਆਸਾਮ, ਬਿਹਾਰ ਅਤੇ ਮਹਾਰਾਸ਼ਟਰ ਲਈ ਰਾਹਤ ਕਾਰਜ ਅਤੇ ਅਪ੍ਰੈਲ 2020 ਤੋਂ ਜੂਨ 2021 ਤੱਕ ਭਾਰਤ ਵਿੱਚ ਕੋਰੋਨਾ ਪੀੜਤਾਂ ਦੀ ਮਦਦ ਲਈ ਫੰਡ ਇਕੱਠੇ ਕੀਤੇ, ਪਰਵਿਦੇਸ਼ੀ ਯੋਗਦਾਨ ਰੈਗੂਲੇਸ਼ਨ ਐਕਟ ਅਨੁਸਾਰ ਸਰਕਾਰ ਦੇ ਪ੍ਰਵਾਨਗੀ ਸਰਟੀਫਿਕੇਟ ਅਤੇ ਰਜਿਸਟ੍ਰੇਸ਼ਨ ਲੈਣ ਤੋਂ ਬਿਨਾਂ ਇਹ ਸਭ ਕੀਤਾ ਸੀ। ਈ ਡੀ ਦੀ ਜਾਂਚ ਵਿੱਚ ਪਤਾ ਲੱਗਾ ਕਿ ਰਾਣਾ ਅਯੂਬ ਨੇ ਇਨ੍ਹਾਂ ਤਿੰਨ ਮਿਸ਼ਨਾਂ ਲਈ ਕੀਟੋ ਉੱਤੇ ਕੁੱਲ 2.69 ਕਰੋੜ ਰੁਪਏ ਇਕੱਠੇ ਕੀਤੇ ਅਤੇ ਇਹ ਵੱਡੇ ਪੱਧਰ ਉੱਤੇ ਉਸ ਦੀ ਭੈਣ ਇਫਤ ਸ਼ੇਖ ਤੇ ਪਿਤਾ ਮੁਹੰਮਦ ਅਯੂਬ ਦੇ ਬੈਂਕ ਖਾਤਿਆਂ ਵਿੱਚ ਕਢਾਏ ਗਏ। ਇਕ ਅਧਿਕਾਰੀ ਮੁਤਾਬਕ ਇਸ ਵਿੱਚੋਂ ਉਸ ਨੇ ਆਪਣੇ ਬੈਂਕ ਖਾਤੇ ਵਿੱਚ 72 ਲੱਖ ਰੁਪਏ, ਭੈਣ ਦੇ ਖਾਤੇ ਵਿੱਚ 37.15 ਲੱਖ ਅਤੇ ਪਿਤਾ ਦੇ ਖਾਤੇ ਵਿੱਚ 1.60 ਕਰੋੜ ਰੁਪਏ ਭੇਜੇ ਸਨ।

# ਹਿਜਾਬ ਨੂੰ ਲੈ ਕੇ ਸੁਨੀਲ ਜਾਖੜ ਦਾ ਨਰਿੰਦਰ ਮੋਦੀ ਉੱਤੇ ਹਮਲਾ

## * ਕੱਲ੍ਹ ਨੂੰ ਸਿੱਖਾਂ ਦੀ ਪੱਗ ਉੱਤੇ ਵੀ ਸਵਾਲ ਉਠਾਉਣਗੇ: ਜਾਖੜ

ਚੰਡੀਗੜ੍ਹ, 13 ਫਰਵਰੀ, (ਪੋਸਟ ਬਿਊਰੋ)- ਕਰਨਾਟਕ ਦੇ ਹਿਜਾਬ ਵਿਵਾਦ ਬਾਰੇ ਹੌਲੀ-ਹੌਲੀ ਹੋਰ ਰਾਜਾਂ ਵਿੱਚ ਵੀ ਵਿਵਾਦ ਗੱਲਾਂ ਹੋਣ ਲੱਗੀਆਂ ਹਨ। ਇਸ ਬਾਰੇ ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਹੈ ਕਿ ਜੇ ਅੱਜ ਹਿਜਾਬ ਉੱਤੇ ਸਵਾਲ ਕੀਤੇ ਜਾਂਦੇ ਹਨ ਤਾਂ ਕੱਲ੍ਹ ਨੂੰਸਿੱਖਾਂ ਦੀ ਪੱਗ ਉੱਤੇ ਸਵਾਲ ਹੋ ਸਕਦੇ ਹਨ, ਇਸ ਲਈ 14 ਫਰਵਰੀ ਨੂੰ ਪੰਜਾਬ ਆ ਰਹੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਸ ਬਾਰੇ ਜਵਾਬ ਦੇਣਾ ਹੋਵੇਗਾ। ਸੁਨੀਲ ਜਾਖੜ ਨੇ ਹਿਜਾਬ ਮੁੱਦੇ ਉੱਤੇ ਅਤੇ ਅਕਾਲ ਤਖ਼ਤ ਦੀ ਚੁੱਪ ਉੱਤੇ ਵੀ ਸਵਾਲ ਚੁੱਕੇ ਹਨ। ਅੱਜ ਗੜ੍ਹਸ਼ੰਕਰ ਹਲਕੇ ਵਿੱਚ ਸੁਨੀਲ ਜਾਖੜ ਨੇ ਕਿਹਾ ਕਿ ਭਾਜਪਾ ਦੀਇੱਛਾ ਹੈ ਕਿ ਉਸ ਦੀਆਂ ਪੰਜਾ-ਬਵਿੱਚ ਬੇਸ਼ੱਕ ਪੰਜ ਸੀਟਾਂ ਆਉਣ, ਪਰ ਕਿਸੇ ਧਿਰ ਨੂੰ ਬਹੁਮਤ ਨਾ ਮਿਲੇ, ਤਾਂ ਜੋ ਰਾਸ਼ਟਰਪਤੀ ਰਾਜ ਲਾਗੂ ਕਰ ਕੇ ਅਸਿੱਧੇ ਤੌਰ ਉੱਤੇ ਆਪਣਾ ਰਾਜ ਕਾਇਮ ਕਰ ਸਕੇ। ਗੜ੍ਹਸ਼ੰਕਰ ਤੋਂ ਕਾਂਗਰਸ ਦੇ ਉਮੀਦਵਾਰ ਅਮਰਪ੍ਰੀਤ ਸਿੰਘ ਲਾਲੀ ਦੇ ਹੱਕਵਿੱਚ ਬੀਤ ਖੇਤਰ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਜਾਖੜ ਨੇ ਕਿਹਾ ਕਿ ਅਕਾਲੀ ਦਲ, ਆਮ ਆਦਮੀ ਪਾਰਟੀ ਅਤੇ ਭਾਜਪਾ ਗਠਜੋੜ ਇੱਕੋ ਥੈਲੀ ਦੇ ਚੱਟੇ-ਵੱਟੇ ਹਨ ਅਤੇ ਤਿੰਨਾਂ ਦਾ ਇੱਕੋ ਏਜੰਡਾ ਹੈ।ਉਨ੍ਹਾ ਕਿਹਾ ਕਿ ਕਿਸਾਨੀ ਅੰਦੋਲਨ ਵਿੱਚ ਪੰਜਾਬ ਦੇ 750 ਕਿਸਾਨ ਮਾਰੇ ਗਏ, ਇਸ ਲਈ ਪੰਜਾਬ ਵਾਸੀ ਭਾਜਪਾ ਦੇ ਜ਼ੁਲਮ ਨੂੰ ਭੁਲਾ ਨਹੀਂ ਸਕਦੇ। ਉਨ੍ਹਾਂ ਕਿਹਾ ਕਿ ਪੰਜਾਬਵਿੱਚ ਹਿੰਦੂ, ਸਿੱਖ ਤੇ ਸ਼ਡਿਊਲਟ ਕਾਸਟ ਦੀ ਰਾਜਨੀਤੀ ਸਭ ਤੋਂ ਪਹਿਲਾਂ ਭਾਜਪਾ ਨੇ ਐੱਸਸੀ ਮੁੱਖ ਮੰਤਰੀ ਬਣਾਉਣ ਦਾ ਵਾਅਦਾ ਕਰ ਕੇਸ਼ੁਰੂ ਕੀਤੀ ਸੀ,ਫਿਰ ਸੁਖਬੀਰ ਸਿੰਘ


# ਜ਼ਰੂਰ ਜਾਣੋ; ਗਿਆਨ ਗੰਗਾ

|| ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ||

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM

Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM
TV-nri 7:30am- 8:30am,TV-nri 8:30pm- 9:30pm

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:

satlokashramcanada@gmail.com
satsahibusa@gmail.com

647-739-4641
346-714-0224

# ਸੰਕੇਤ ਕੀ ਮਿਲਦੇ ਨੇ ਅਸਲੋਂ ਬਦਲੀ ਹੋਈ ਪੰਜਾਬ ਦੀ ਚੋਣ ਮੁਹਿੰਮ ਦੇ!


ਪੰਜਾਬ ਦੀ ਪਹਿਲੀ ਚੋਣ ਮੁਹਿੰਮ ਅਸੀਂ ਉਸ ਵੇਲੇ ਵੇਖੀ ਸੀ, ਜਦੋਂ ਸਕੂਲ ਪੜ੍ਹਦੇ ਸਾਂ ਅਤੇ ਪੜ੍ਹਾਉਣ ਵਾਲਿਆਂ ਦੀ ਅੱਖ ਬਚਾ ਕੇ ਉਸ 'ਕੁਰਬਾਨੀ ਵਾਲੇ' ਸੰਤ ਫਤਹਿ ਸਿੰਘ ਦੇ 'ਦਰਸ਼ਨ' ਕਰਨ ਗਏ ਸਾਂ, ਜਿਸ ਬਾਰੇ ਸੁਣਦੇ ਸਾਂ ਕਿ ਉਹ ਸਿੱਖ ਪੰਥ ਲਈ ਤਿੰਨ ਵਾਰੀ ਮਰਨ-ਵਰਤ ਰੱਖ ਚੁੱਕਾ ਹੈ। ਇਹ ਗੱਲ ਚੋਖਾ ਚਿਰ ਬਾਅਦ ਸਾਨੂੰ ਸਮਝ ਪਈ ਕਿ ਮਰਨਾ ਹੋਵੇ ਤਾਂ 'ਤਿੰਨ ਮਰਨ-ਵਰਤ' ਨਹੀਂ ਰੱਖਣੇ ਪੈਂਦੇ, ਜਿਹੜਾ ਬੰਦਾ ਇਸ ਤਰ੍ਹਾਂ ਮੁੜ-ਮੁੜ 'ਮਰਨ-ਵਰਤ' ਰੱਖਦਾ ਰਹਿੰਦਾ ਹੋਵੇ, ਉਹ ਮਰਦਾ ਨਹੀਂ ਹੁੰਦਾ, ਐਵੇਂ ਫੋਕੇ ਖੇਖਣ ਕਰਦਾ ਹੁੰਦਾ ਹੈ। ਇਹ ਗੱਲ ਆਪਣੀ ਥਾਂ, ਪਰ ਉਸ ਦੇ 'ਦਰਸ਼ਨ' ਦੇ ਬਹਾਨੇ ਉਸ ਪਹਿਲੀ ਚੋਣ ਮੁਹਿੰਮ ਤੋਂ ਬਾਅਦ ਇਸ ਵਕਤ ਅਸੀਂ ਬਾਰਵੀਂ ਚੋਣ ਮੁਹਿੰਮ ਚੱਲਦੀ ਵੇਖ ਰਹੇ ਹਾਂ। ਏਨੇ ਸਮੇਂ ਵਿੱਚ ਚੋਣਾਂ ਦੀਆਂ ਮੁਹਿੰਮਾਂ ਦਾ ਸਿਆਸੀ ਰੰਗ ਵੀ ਚੋਖਾ ਬਦਲ ਗਿਆ, ਚੋਣ ਮੁਹਿੰਮ ਚਲਾਉਂਦੀਆਂ ਰਾਜਸੀ ਪਾਰਟੀਆਂ ਵੀ ਬਦਲ ਗਈਆਂ ਅਤੇ ਮੁੱਦੇ ਵੀ ਏਨੇ ਬਦਲ ਗਏ ਕਿ ਯਕੀਨ ਕਰਨਾ ਔਖਾ ਜਾਪਦਾ ਹੈ।

ਉਸ ਵਕਤ ਚੋਣ ਲੜਦੀਆਂ ਸਿਆਸੀ ਧਿਰਾਂ ਵਿੱਚ ਰਿਪਬਲੀਕਨ ਪਾਰਟੀ ਵੀ ਹੁੰਦੀ ਸੀ, ਜਿਹੜੀ ਚੋਣ ਮੈਦਾਨ ਤੋਂ ਛੇਤੀ ਬਾਹਰ ਹੋ ਗਈ ਤੇ ਕਮਿਊਨਿਸਟਾਂ ਦੀਆਂ ਦੋ ਵੱਡੀਆਂ ਧਿਰਾਂ ਵੀ ਚੋਖਾ ਪ੍ਰਭਾਵ ਰੱਖਦੀਆਂ ਸਨ। ਇੱਕ ਮੌਕੇ ਜਦੋਂ ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ ਨੇ ਪੰਜਾਬ ਦੀ ਕਮਾਨ ਸਾਂਭੀ ਸੀ, ਓਦੋਂ ਇੱਕ ਕਮਿਊਨਿਸਟ ਪਾਰਟੀ ਦੇ ਦਸ ਵਿਧਾਇਕ ਅਤੇ ਦੂਸਰੀ ਦਾ ਇੱਕ ਭਾਵੇਂ ਵੱਖੋ-ਵੱਖ ਬੈਠਦੇ ਸਨ, ਮਿਲਾ ਕੇ ਗਿਆਰਾਂ ਹੁੰਦੇ ਸਨ। ਜਿਹੜੀ ਧਿਰ ਦੇ ਦਸ ਵਿਧਾਇਕ ਸਨ, ਉਸ ਨੂੰ ਇਹ ਮਿਹਣਾ ਮਾਰਿਆ ਜਾਂਦਾ ਸੀ ਕਿ ਇਹ ਕਾਂਗਰਸ ਦੀ ਮਦਦ ਨਾਲ ਜਿੱਤਾਏ ਹਨ, ਆਪਣੇ ਸਿਰ ਜਿੱਤਣ ਜੋਗੀ ਨਹੀਂ। ਅਗਲੀ ਵਾਰੀ ਫਿਰ ਕਾਂਗਰਸ ਨਾਲ ਜੁੜ ਕੇ ਉਸ ਪਾਰਟੀ ਦੇ ਸੱਤ ਜਿੱਤ ਗਏ ਤੇ ਦੂਸਰੀ ਦੇ ਅਕਾਲੀਆਂ ਨਾਲ ਮਿਲ ਕੇ ਅੱਠ ਜਿੱਤਣ ਨਾਲ ਪੰਦਰਾਂ ਹੋ ਗਏ, ਪਰ ਮਿਹਣਾ ਉਹੋ ਵੱਜਦਾ ਰਿਹਾ। ਉਸ ਤੋਂ ਅਗਲੀ ਵਾਰੀ ਦੋਵਾਂ ਦੀ ਅਕਾਲੀ ਦਲ ਨਾਲ ਚੋਣ ਸਾਂਝ ਵਿੱਚ ਪਹਿਲੀ ਧਿਰ ਦੇ ਨੌਂ ਤੇ ਦੂਸਰੀ ਦੇ ਪੰਜ ਜਿੱਤਣ ਵਿੱਚ ਕਾਮਯਾਬ ਹੋ ਗਏ, ਪਰ ਪੰਜ ਸਾਲ ਪਿੱਛੋਂ ਸੰਤ ਹਰਚੰਦ ਸਿੰਘ ਲੌਂਗੋਵਾਲ ਦੇ ਕਤਲ ਪਿੱਛੋਂ ਹੋਈਆਂ ਚੋਣਾਂ ਵਿੱਚ ਪਹਿਲੀ ਪਾਰਟੀ ਦਾ ਇੱਕ ਵਿਧਾਇਕ ਰਹਿ ਗਿਆ ਤੇ ਦੂਸਰੀ ਇੱਕ ਤੋਂ ਵੀ ਵਾਂਝੀ ਹੋ ਗਈ। ਉਸ ਤੋਂ ਬਾਅਦ ਇਨ੍ਹਾਂ ਦੋਵਾਂ ਕਮਿਊਨਿਸਟ ਧਿਰਾਂ ਦੀ ਹਾਲਤ ਵਿਗੜਦੀ ਗਈ ਅਤੇ ਹੌਲੀ-ਹੌਲੀ ਇਹ ਹਾਲ ਹੋ ਗਿਆ ਕਿ ਅੱਜਕੱਲ੍ਹ ਦੋਵਾਂ ਦਾ ਪੰਜਾਬ ਦੀ ਵਿਧਾਨ ਸਭਾ ਵਿੱਚ ਖਾਤਾ ਖਾਲੀ ਹੈ। ਉਨ੍ਹਾਂ ਦੀ ਥਾਂ ਨਵੀਆਂ ਸਿਆਸੀ ਧਿਰਾਂ ਉੱਠਣ ਲੱਗ ਪਈਆਂ ਹਨ।

ਨਵੀਆਂ ਧਿਰਾਂ ਵਿੱਚੋਂ ਦਸ ਸਾਲ ਪਹਿਲਾਂ ਮਨਪ੍ਰੀਤ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਪੀਪਲਜ਼ ਪਾਰਟੀ ਵੀ ਬਣੀ ਸੀ, ਜਿਹੜੀ ਸੌ ਤੋਂ ਵੱਧ ਸੀਟਾਂ ਜਿੱਤਣ ਦੇ ਦਾਅਵੇ ਤੋਂ ਤੁਰੀ ਅਤੇ ਨਤੀਜੇ ਵਿੱਚ ਇੱਕ ਵੀ ਸੀਟ ਜਿੱਤਣ ਜੋਗੀ ਨਹੀਂ ਸੀ ਨਿਕਲੀ। ਉਸ ਪਾਰਟੀ ਦਾ ਮੁਖੀ ਬਾਅਦ ਵਿੱਚ ਕਾਂਗਰਸ ਵਿੱਚ ਜਾ ਰਲਿਆ ਤੇ ਅਕਾਲੀ-ਭਾਜਪਾ ਸਰਕਾਰ ਦੇ ਸਮੇਂ ਖਜ਼ਾਨਾ ਮੰਤਰੀ ਰਹਿ ਚੁੱਕਾ ਉਹੀ ਆਗੂ ਫਿਰ ਕਾਂਗਰਸ ਦਾ ਖਜ਼ਾਨਾ ਮੰਤਰੀ ਵੀ ਬਣ ਗਿਆ। ਪੰਜ ਸਾਲ ਪਹਿਲਾਂ ਆਮ ਆਦਮੀ ਪਾਰਟੀ ਨੇ ਪੰਜਾਬ ਵਿਧਾਨ ਸਭਾ ਦੀ ਪਹਿਲੀ ਚੋਣ ਲੜੀ ਤਾਂ ਉਸ ਦੇ ਆਗੂ ਵੀ ਮਨਪ੍ਰੀਤ ਸਿੰਘ ਬਾਦਲ ਵਾਂਗ ਸੌ ਤੋਂ ਵੱਧ ਸੀਟਾਂ ਜਿੱਤਣ ਦੇ ਦਾਅਵੇ ਕਰਦੇ ਸਨ ਤੇ ਉਨ੍ਹਾਂ ਦੇ ਵਿਰੋਧੀ ਆਗੂ ਵੀ ਉਨ੍ਹਾਂ ਦੀ ਸਰਕਾਰ ਬਣ ਜਾਣ ਜਾਂ ਅੱਧੇ ਸੈਂਕੜੇ ਦੇ ਨੇੜੇ ਸੀਟਾਂ ਜਿੱਤ ਜਾਣ ਤੱਕ ਮੰਨੀ ਬੈਠੇ ਸਨ। ਨਤੀਜੇ ਵਿੱਚ ਉਹ ਮਸਾਂ ਵੀਹ ਸੀਟਾਂ ਤੀਕਰ ਸਿਮਟ ਗਈ ਤੇ ਫਿਰ ਪਾਟਕ ਦਾ ਸ਼ਿਕਾਰ ਹੋ ਗਈ ਸੀ। ਕਾਂਗਰਸ ਵਿੱਚੋਂ ਆਏ ਇੱਕ ਬੰਦੇ ਦਾ ਪਾਇਆ ਪਾਟਕ ਇਸ ਪਾਰਟੀ ਦੀ ਹਾਲਤ ਵਿਗਾੜਨ ਲਈ ਰਾਜਸੀ ਸਦਾਚਾਰ ਦੀ ਨੀਵਾਣ ਦੀਆਂ ਆਖਰੀ ਹੱਦਾਂ ਛੋਹਣ ਤੱਕ ਗਿਆ, ਪਰ ਕਿਸੇ ਤਰ੍ਹਾਂ ਇਹ ਪਾਰਟੀ ਆਪਣਾ ਭੋਗ ਪੈਣ ਤੋਂ ਬਚਾ ਕੇ ਅੱਜ ਇੱਕ ਵਾਰੀ ਫਿਰ ਚੋਣ ਮੈਦਾਨ ਵਿੱਚ ਖੜੀ ਹੈ।



ਏਥੇ ਆ ਕੇ ਅਸੀਂ ਇਸ ਵਕਤ ਹੋ ਰਹੀਆਂ ਚੋਣਾਂ ਦੀ ਚਰਚਾ ਕਰਨਾ ਚਾਹੁੰਦੇ ਹਾਂ। ਅਸੀਂ ਕਦੇ ਵੀ ਸਿਆ-ਸਤ ਦੇ ਜੋਤਸ਼ੀ ਬਣਨ ਦਾ ਭਰਮ ਨਹੀਂ ਰੱਖਿਆ, ਪਰ ਹਾਲਾਤ ਕਈ ਵਾਰੀ ਕੁਝ ਏਦਾਂ ਦੇ ਮੋੜ ਕੱਟਣ ਲੱਗਦੇ ਹਨ ਕਿ ਤਜਰਬੇ ਦੇ ਆਧਾਰ



ਜਤਿੰਦਰ ਪੰਨੂ

ਉੱਤੇ ਕੁਝ ਸੰਕੇਤ ਸਮਝ ਆਉਣ ਲੱਗਦੇ ਹਨ। ਏਦਾਂ ਦੇ ਸੰਕੇਤ ਇਸ ਵਕਤ ਵੀ ਚੋਣ ਮੁਹਿੰਮ ਦੀ ਗਰਮਾ-ਗਰਮੀ ਦੇ ਵਿਚਾਲਿਉਂ ਉੱਠਦੇ ਮਹਿਸੂਸ ਹੁੰਦੇ ਹਨ। ਇਸ ਵਾਰੀ ਜਦੋਂ ਚੋਣਾਂ ਦੀ ਮੁਹਿੰਮ ਸ਼ੁਰੂ ਹੋਈ ਸੀ ਤਾਂ ਉਸ ਵਕਤ ਜਿਹੜਾ ਰੌਂਅ ਭਾਸ਼ਣਾਂ ਦੀ ਕੁੜੱਤਣ ਦਾ ਨਜ਼ਰ ਪੈਂਦਾ ਸੀ, ਉਸ ਦੀ ਕੁੜੱਤਣ ਤਾਂ ਅਜੇ ਵੀ ਹੈ ਅਤੇ ਪਹਿਲਾਂ ਨਾਲੋਂ ਸਗੋਂ ਵਧ ਗਈ ਹੈ, ਪਰ ਉਸ ਦਾ ਰੁਖ ਬਦਲਿਆ ਜਾਪਣ ਲੱਗ ਪਿਆ ਹੈ। ਕਾਂਗਰਸ ਪਾਰਟੀ ਦੇ ਆਗੂਆਂ ਵਿੱਚ 'ਮੈਂ ਵੱਡਾ ਆਗੂ' ਵਾਲੀ ਜੰਗ ਇਸ ਹੱਦ ਤੱਕ ਚਲੀ ਗਈ ਹੈ ਕਿ ਉਹ ਆਪਣੇ ਇਸ ਕੁਪੱਤ ਕਾਰਨ ਹੋਰ ਕੁਝ ਵੇਖਣਾ ਹੀ ਨਹੀਂ ਚਾਹੁੰਦੇ। ਹਾਲਤ ਇਹ ਹੈ ਕਿ ਵੱਡੇ ਲੀਡਰਾਂ ਵਿੱਚ ਮੁੱਖ ਮੰਤਰੀ ਦੇ ਉਮੀਦਵਾਰ ਲਈ ਛਿੜੀ ਜੰਗ ਵਿੱਚ ਉਨ੍ਹਾਂ ਲੀਡਰਾਂ ਦੇ ਪਰਵਾਰ ਦੇ ਜੀਅ ਵੀ ਆਪੋ-ਆਪਣਾ ਰਾਗ ਅਲਾਪਣ ਲੱਗੇ ਹਨ ਅਤੇ ਚੋਣਾਂ ਜਿੱਤਣ ਵੱਲ ਧਿਆਨ ਘੱਟ ਤੇ ਆਪਸੀ ਖਹਿਬੜ ਵਿੱਚ ਵੱਧ ਲੱਗਾ ਪਿਆ ਹੈ। ਇਸ ਦੇ ਲੀਡਰ ਜਿੱਤਣਾ ਹੀਂ ਨਹੀਂ ਚਾਹੁੰਦੇ ਤਾਂ ਲੋਕ ਕਿਉਂ ਜਿਤਾਉਣਗੇ!

ਆਮ ਆਦਮੀ ਪਾਰਟੀ ਸਾਰਾ ਤਾਣ ਲਾਈ ਜਾਂਦੀ ਹੈ, ਉਸ ਦੇ ਹੱਕ ਦੀ ਲਹਿਰ ਚੱਲਣ ਦੇ ਚਰਚੇ ਵੀ ਕਈ ਲੋਕ ਕਰਦੇ ਹਨ ਅਤੇ ਲੋਕਾਂ ਵਿੱਚ ਇਹ ਪ੍ਰਭਾਵ ਵੀ ਮਿਲਦਾ ਹੈ, ਪਰ ਕਿਰਿਆ ਦੇ ਉਲਟ ਪ੍ਰਤੀਕਿਰਿਆ ਦੀ ਧਾਰਨਾ ਕਿਸੇ ਨੂੰ ਯਾਦ ਨਹੀਂ। ਮੁਹਿੰਮ ਵਿੱਚ ਰੁੱਝੀ ਹੋਈ ਆਮ ਆਦਮੀ ਪਾਰਟੀ ਆਸੇ-ਪਾਸੇ ਦੇ ਉਨ੍ਹਾਂ ਵਰਤਾਰਿਆਂ ਬਾਰੇ ਸੋਚਣ ਦੀ ਵਿਹਲ ਨਹੀਂ ਕੱਢਦੀ, ਜਾਂ ਉਸ ਨੂੰ ਸਮਝ ਨਹੀਂ ਪੈਂਦੀ, ਜਿਹੜੇ ਅੰਦਰੋ-ਅੰਦਰ ਆਪਣੀ ਛਾਪ ਛੱਡਣ ਲੱਗੇ ਹਨ।

ਪਿਛਲੇਰੇ ਹਫਤੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਜਦੋਂ ਬਿਮਾਰ ਪਏ ਤਾਂ ਉਨ੍ਹਾਂ ਨੂੰ ਹਸਪਤਾਲ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਫੋਨ ਕੀਤਾ ਸੀ। ਉਸ ਫੋਨ ਤੋਂ ਪਹਿਲੇ ਦਿਨ ਤੱਕ ਭਾਜਪਾ ਵਿਰੁੱਧ ਅਕਾਲੀ ਲੀਡਰਾਂ ਦੇ ਬੋਲ ਬਹੁਤ ਕੁੜੱਤਣ ਵਾਲੇ ਸਨ, ਪਰ ਉਸ ਤੋਂ ਬਾਅਦ ਅਕਾਲੀ ਦਲ ਦੇ ਆਗੂਆਂ ਦੀ ਬੋਲੀ ਵਿੱਚ ਵਾਹਵਾ ਫਰਕ ਕਈ ਲੋਕਾਂ ਨੇ ਨੋਟ ਕੀਤਾ ਹੈ। ਦੂਸਰੀ ਗੱਲ ਕਿ ਪਹਿਲੇ ਸਮੇਂ ਵਿੱਚ ਭਾਰਤੀ ਜਨ ਸੰਘ ਅਤੇ ਫਿਰ ਉਹੀ ਆਗੂ ਭਾਰਤੀ ਜਨਤਾ ਪਾਰਟੀ ਬਣਨ ਦੇ ਬਾਅਦ ਵੀ ਪੰਜਾਬ ਅਤੇ ਸਿੱਖਾਂ ਦੇ ਮਸਲਿਆਂ ਨੂੰ ਟਾਲਣ ਜਾਂ ਹਿੰਦੂਤੱਵ ਦੀ ਝੰਡਾ-ਬਰਦਾਰੀ ਕਰਦਿਆਂ ਘੱਟ-ਗਿਣਤੀਆਂ ਵੱਲ ਸੰਭਲ ਕੇ ਨਹੀਂ ਸਨ ਬੋਲਿਆ ਕਰਦੇ, ਉਹੀ ਭਾਜਪਾ ਲੀਡਰ ਇਸ ਵਾਰੀ ਸਾਰਾ ਜ਼ੋਰ ਇਹ ਦੱਸਣ ਉੱਤੇ ਲਾ ਰਹੇ ਹਨ ਕਿ ਉਹ ਸਿੱਖੀ ਅਤੇ ਸਿੱਖਾਂ ਦਾ ਬਹੁਤ ਸਤਿਕਾਰ ਕਰਦੇ ਹਨ। ਭਾਜਪਾ ਦੀ ਅਗਵਾਈ ਕਰਨ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਿੱਖਾਂ ਦੇ ਹਿੱਤਾਂ ਦੇ ਪਹਿਰੇਦਾਰ ਵਜੋਂ ਪੇਸ਼ ਕਰਨ ਲਈ ਉਚੇਚੀ ਲਿਖੀ ਇੱਕ ਕਿਤਾਬ ਵੀ ਉਹ ਵੰਡਦੇ ਹਨ ਅਤੇ ਭਾਸ਼ਣਾਂ ਵਿੱਚ ਵੀ ਦੱਸਣਾ ਨਹੀਂ ਭੁੱਲਦੇ ਕਿ ਕਾਂਗਰਸ ਰਾਜ ਵਿੱਚ ਸਿੱਖਾਂ ਨਾਲ ਧੱਕੇ ਹੋਏ ਸਨ, ਨਰਿੰਦਰ ਮੋਦੀ ਨੇ ਇਨਸਾਫ ਦਿਵਾਉਣ ਲਈ ਕਦਮ ਚੁੱਕੇ ਹਨ। ਪਿਛਲੇ ਸਾਲ ਵਿੱਚ ਕਈ ਸਿੱਖ ਆਗੂ ਅੱਗੜ-ਪਿੱਛੜ ਜਦੋਂ ਭਾਜਪਾ ਦੇ ਨਾਲ ਜੁੜਨ ਲੱਗੇ ਤਾਂ ਕਈ ਲੋਕਾਂ ਨੂੰ ਇਹ ਹਾਸੋਹੀਣੀ ਜਿਹੀ ਗੱਲ ਜਾਪਦੀ ਸੀ, ਅਸੀਂ ਓਦੋਂ ਵੀ ਕਿਹਾ ਸੀ ਕਿ ਭਾਜਪਾ ਵੱਲ ਸਿੱਖ ਚਿਹਰਿਆਂ ਦੀ ਦੌੜ ਅਗਲੀਆਂ ਵਿਧਾਨ ਸਭਾ ਚੋਣਾਂ ਦਾ ਨਕਸ਼ਾ ਬਦਲਣ ਤੱਕ ਜਾ ਸਕਦੀ ਹੈ। ਉਸ ਦਾ ਅਸਰ ਅੱਜ ਦਿਖਾਈ ਦੇਂਦਾ ਹੈ ਅਤੇ ਇਹੋ ਅਸਰ ਚੋਣਾਂ ਪਿੱਛੋਂ ਓਹੋ ਜਿਹੇ ਨਤੀਜੇ ਪੇਸ਼ ਕਰ ਸਕਦਾ ਹੈ, ਜਿਨ੍ਹਾਂ ਦੀ ਇਸ ਵਕਤ ਗੱਲ ਵੀ ਕਰੀਏ ਤਾਂ ਬਹੁਤ ਸਾਰੇ ਸੱਜਣ ਮਜ਼ਾਕ ਉਡਾਉਂਦੇ ਹਨ। ਇਹ ਨਤੀਜੇ ਵੋਟ ਮਸ਼ੀਨਾਂ ਵਿੱਚੋਂ ਵੀ ਨਿਕਲ ਸਕਦੇ ਹਨ ਅਤੇ ਮਸ਼ੀਨਾਂ ਦੇ ਫਤਵੇ ਤੋਂ ਬਾਅਦ ਸਰਕਾਰ ਬਣਾਉਣ ਦੀ ਪ੍ਰਕਿਰਿਆ ਦੇ ਰੂਪ ਵਿੱਚ ਵੀ ਸਾਹਮਣੇ ਆ ਸਕਦੇ ਹਨ, ਜਿਸ ਦੇ ਸਾਫ ਸੰਕੇਤ ਦਿੱਸਣ ਲੱਗੇ ਹਨ।

ਅਸੀਂ ਇਹ ਨਹੀਂ ਕਹਿੰਦੇ ਕਿ ਏਹੀ ਹੋਵੇਗਾ, ਜਿੱਦਾਂ ਸੰਕੇਤ ਅਸੀਂ ਕੀਤਾ ਹੈ, ਪਰ ਪੱਤਰਕਾਰੀ ਜਗਤ ਦੇ ਕਈ ਧਨੰਤਰਾਂ ਨਾਲ ਹੋਈ ਸਾਡੀ ਨਿੱਜੀ ਪੱਧਰ ਦੀ ਗੱਲਬਾਤ ਦਾ ਨਿਚੋੜ ਇਹੋ ਹੈ, ਜੋ ਅਸੀਂ ਪਾਠਕਾਂ ਦੇ ਸਾਹਮਣੇ ਰੱਖਣ ਦੀ ਕੋਸ਼ਿਸ਼ ਕੀਤੀ ਹੈ। ਇਸ ਸੰਭਾਵਨਾ ਵਿੱਚ ਵਾਧਾ ਕਰਨ ਵਾਲਾ ਇੱਕ ਹੋਰ ਪੱਖ ਸਿਰਸੇ ਦੇ ਡੇਰੇ ਵਾਲਾ ਵੀ ਹੈ, ਜਿਸ ਦੀ ਚਰਚਾ ਅਸੀਂ ਨਹੀਂ ਕਰ ਰਹੇ, ਕਿਉਂਕਿ ਸਾਰਿਆਂ ਨੂੰ ਪਤਾ ਹੈ ਕਿ ਉਨ੍ਹਾਂ ਨੇ ਕਿਸ ਪਾਸੇ ਵਗਣਾ ਹੈ।

# ਸਿੱਖਿਆ ਦਾ ਨਿੱਜੀਕਰਨ

ਕਿਸੇ ਵੀ ਸਰਕਾਰ ਲਈ ਸਿੱਖਿਆ ਇੱਕ ਮਹੱਤਵਪੂਰਨ ਖੇਤਰ ਹੋਣਾ ਚਾਹੀਦਾ ਹੈ। ਸਗੋਂ ਹਰ ਸਰਕਾਰ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਵੀ ਵਿਸ਼ੇਸ਼ ਜ਼ੋਰ ਦਿੰਦੀ ਹੈ। ਸਾਲਾਨਾ ਬਜਟ ਭਾਵ ਆਮ ਬਜਟ ਵਿੱਚ ਸਰਕਾਰਾਂ ਇਸ ਮਦ ਵਿੱਚ ਵਿਸ਼ੇਸ਼ ਉਪਬੰਧ ਜਾਂ ਰਕਮ ਅਲਾਟ ਕਰਦੀਆਂ ਹਨ। ਹਾਲਾਂਕਿ ਇਸ ਵਾਰ ਭਾਰਤ ਵਿੱਚ ਪੇਸ਼ ਕੀਤੇ ਗਏ ਬਜਟ ਵਿੱਚ ਸਿੱਖਿਆ ਦੇ ਸਬੰਧ ਵਿੱਚ ਇਸ ਖੇਤਰ ਪ੍ਰਤੀ ਸਰਕਾਰ ਦਾ ਨਾਂਹਪੱਖੀ ਰਵੱਈਆ ਸਾਫ਼ ਦੇਖਿਆ ਜਾ ਸਕਦਾ ਹੈ। ਰਾਈਟ ਟੂ ਐਜੂਕੇਸ਼ਨ (ਆਰ.ਟੀ.ਈ.) ਫੋਰਮ ਨੇ 2022-23 ਲਈ ਪੇਸ਼ ਕੀਤੇ ਗਏ ਆਮ ਬਜਟ 'ਤੇ ਕਿਹਾ ਹੈ ਕਿ ਇਹ ਅਜਿਹਾ ਬਜਟ ਹੈ ਜੋ ਆਰਟੀਈ ਐਕਟ ਦੀ ਅਣਦੇਖੀ ਕਰਦਾ ਹੈ, ਸਿੱਖਿਆ 'ਚ ਅਸਮਾਨਤਾ ਵਧਾਉਂਦਾ ਹੈ ਅਤੇ ਨਿੱਜੀਕਰਨ 'ਤੇ ਜ਼ੋਰ ਦਿੰਦਾ ਹੈ। ਇਸ ਫੋਰਮ ਨੇ ਬਜਟ ਵਿੱਚ ਡਿਜੀਟਲ ਲਰਨਿੰਗ ਅਤੇ ਈ-ਵਿਦਿਆ ਨਾਲ ਸਬੰਧਤ ਪ੍ਰਸਤਾਵ ਨੂੰ ਨਿਰਾਸ਼ਾਜਨਕ ਦੱਸਿਆ ਹੈ। ਵਾਂਝੇ ਵਰਗਾਂ ਸਮੇਤ ਅੱਸੀ ਫੀਸਦੀ ਬੱਚਿਆਂ ਦੇ ਸਕੂਲੋਂ ਬਾਹਰ ਹੋਣ ਦਾ ਖਤਰਾ ਦੱਸਿਆ ਜਾਂਦਾ ਹੈ। ਦਰਅਸਲ ਪਿਛਲੇ ਡੇਢ ਸਾਲ ਤੋਂ ਸਕੂਲ ਬੰਦ ਪਏ ਹਨ, ਜਿਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਦਾ ਕਾਫੀ ਨੁਕਸਾਨ ਹੋਇਆ ਹੈ। ਪੇਸ਼ ਕੀਤੇ ਬਜਟ ਵਿੱਚ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਮਹਾਂਮਾਰੀ ਦੇ ਗੰਭੀਰ ਪ੍ਰਭਾਵਾਂ ਨੂੰ ਸਵੀਕਾਰ ਕੀਤਾ, ਪਰ ਸਕੂਲਾਂ ਦੇ ਸੁਰੱਖਿਅਤ ਸੰਚਾਲਨ, ਉਨ੍ਹਾਂ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਅਤੇ ਕੋਵਿਡ ਮਹਾਂਮਾਰੀ ਜਾਂ ਹੋਰ ਐਮਰਜੈਂਸੀ ਦੀ ਸਥਿਤੀ ਵਿੱਚ ਸਰਕਾਰੀ ਤਿਆਰੀ ਦੀ ਕੋਈ ਝਲਕ ਨਹੀਂ ਦਿੱਤੀ। ਅਸਲ ਵਿੱਚ ਬਜਟ ਦੀਆਂ ਅੱਧ-ਪਚੱਧੀਆਂ ਅਤੇ ਦੂਰ ਅੰਦੇਸ਼ੀ ਵਿਵਸਥਾਵਾਂ ਨੂੰ ਪੜ੍ਹ ਕੇ ਇਹੀ ਕਿਹਾ ਜਾ ਸਕਦਾ ਹੈ ਕਿ ਸਰਕਾਰ ਸਕੂਲੀ ਸਿੱਖਿਆ ਪ੍ਰਤੀ ਬਿਲਕੁਲ ਵੀ ਗੰਭੀਰ ਨਹੀਂ ਹੈ। ਬੱਜਟ ਵਿੱਚ ਬੱਚਿਆਂ ਦੇ ਬੁਨਿਆਦੀ ਹੱਕਾਂ ਦੀ ਅਣਦੇਖੀ ਕੀਤੀ ਗਈ ਹੈ। ਇਸ ਸਬੰਧੀ ਆਰਟੀਈ ਫੋਰਮ ਦੇ ਕੋਆਰਡੀਨੇਟਰ ਮਿੱਤਰਰੰਜਨ ਦਾ ਕਹਿਣਾ ਹੈ ਕਿ ਸਮਗਰ ਸਿੱਖਿਆ ਅਭਿਆਨ ਦੀ ਵੰਡ ਵਿੱਚ 6,333 ਕਰੋੜ ਰੁਪਏ ਦੇ ਵਾਧੇ ਦਾ ਐਲਾਨ



ਕੀਤਾ ਗਿਆ ਹੈ। ਵਿੱਤੀ ਸਾਲ 2021-22 ਵਿੱਚ 31,050 ਕਰੋੜ ਰੁਪਏ ਦੀ ਅਲਾਟਮੈਂਟ ਦੇ ਮੁਕਾਬਲੇ ਇਸ ਵਾਰ 37,383 ਕਰੋੜ ਰੁਪਏ ਅਲਾਟ ਕੀਤੇ ਗਏ ਹਨ, ਪਰ ਇਹ ਰਕਮ ਮਹਾਂਮਾਰੀ ਤੋਂ ਪਹਿਲਾਂ 2020-21 ਵਿੱਚ ਅਲਾਟ ਕੀਤੇ ਗਏ ਬਜਟ (38,860 ਕਰੋੜ ਰੁਪਏ) ਤੋਂ ਘੱਟ ਹੈ। ਮਿਡ-ਡੇ-ਮੀਲ ਸਕੀਮ ਲਈ ਅਲਾਟ ਕੀਤੀ ਰਾਸ਼ੀ ਵੀ ਘਟਾ ਦਿੱਤੀ ਗਈ ਹੈ। ਅਜਿਹੀ ਸਥਿਤੀ ਉਦੋਂ ਹੈ ਜਦੋਂ ਦੇਸ਼ ਬਾਲ ਕੁਪੋਸ਼ਣ ਦੀ ਸਮੱਸਿਆ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੈ। ਹੁਣ ਮਿਡ ਡੇ ਮੀਲ ਸਕੀਮ ਦਾ ਨਾਂ ਬਦਲ ਕੇ ਪ੍ਰਧਾਨ ਮੰਤਰੀ ਪੋਸ਼ਣ ਸ਼ਕਤੀ ਨਿਰਮਾਣ ਯੋਜਨਾ ਕਰ ਦਿੱਤਾ ਗਿਆ ਹੈ। ਵਿੱਤੀ ਸਾਲ 2020-21 ਯਾਨੀ ਪਿਛਲੇ ਸਾਲ ਦੇ ਬਜਟ ਵਿੱਚ, ਇਸ ਯੋਜਨਾ ਵਿੱਚ 11,500 ਕਰੋੜ ਰੁਪਏ ਦੀ ਅਲਾਟਮੈਂਟ ਕੀਤੀ ਗਈ ਸੀ, ਜਿਸ ਨੂੰ ਇਸ ਬਜਟ ਵਿੱਚ ਘਟਾ ਕੇ 10,233.75 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਕੋਵਿਡ-19 ਮਹਾਂਮਾਰੀ ਨੇ ਹਾਸ਼ੀਏ 'ਤੇ ਰਹਿ ਗਏ ਭਾਈਚਾਰਿਆਂ ਦੇ ਬੱਚਿਆਂ, ਖਾਸ ਤੌਰ 'ਤੇ ਲੜਕੀਆਂ ਦੀ ਸਿੱਖਿਆ 'ਤੇ ਮਾੜਾ ਪ੍ਰਭਾਵ ਪਾਇਆ ਹੈ ਅਤੇ ਦੇਸ਼ ਦੀਆਂ ਲਗਭਗ ਇਕ ਕਰੋੜ ਲੜਕੀਆਂ ਦੇ ਸਕੂਲ ਛੱਡਣ ਦਾ ਖਤਰਾ ਹੈ, ਪਰ ਇਸ ਸਬੰਧ ਵਿਚ ਬਣਾਈ ਗਈ ਯੋਜਨਾ (ਪ੍ਰੇਰਨਾ ਲਈ ਰਾਸ਼ਟਰੀ ਯੋਜਨਾ) ਗਰਲਜ਼ ਫਾਰ ਸੈਕੰਡਰੀ ਐਜੂਕੇਸ਼ਨ) ਨੂੰ ਸਰਕਾਰ ਨੇ ਖਤਮ ਕਰ ਦਿੱਤਾ ਹੈ। ਪਿਛਲੇ ਬਜਟ ਵਿੱਚ ਇਸ ਸਕੀਮ ਦੀ ਰਾਸ਼ੀ 110 ਕਰੋੜ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਗਈ ਸੀ, ਇਸ ਵਾਰ ਇਸ ਨੂੰ ਰੱਦ ਕਰ ਦਿੱਤਾ ਗਿਆ ਹੈ। ਇੱਕ ਹੋਰ ਖੋਜ ਦੱਸਦੀ ਹੈ ਕਿ ਮਹਾਂਮਾਰੀ ਦੇ ਦੌਰਾਨ, ਪੇਂਡੂ ਖੇਤਰਾਂ ਵਿੱਚ ਸਿਰਫ 8 ਪ੍ਰਤੀਸ਼ਤ ਬੱਚੇ ਆਨਲਾਈਨ ਪੜ੍ਹਾਈ ਕਰਨ ਦੇ ਯੋਗ ਸਨ, ਜਦੋਂ ਕਿ 14-18 ਉਮਰ ਵਰਗ ਦੇ 80 ਪ੍ਰਤੀਸ਼ਤ ਪੇਂਡੂ ਬੱਚੇ ਅਤੇ ਸ਼ਹਿਰੀ ਗਰੀਬ ਬੱਚੇ (ਜਿਨ੍ਹਾਂ ਵਿੱਚ ਵੱਡੀ ਗਿਣਤੀ ਲੜਕੀਆਂ ਸਨ)। ਸਰੋਤਾਂ ਤੱਕ ਪਹੁੰਚ ਕਰਨ ਵਿੱਚ ਅਸਮਰੱਥ ਸਨ। ਸਿੱਖਿਆ ਦੀ ਅਣਹੋਂਦ ਵਿੱਚ ਸਿੱਖਿਆ ਦੇ ਖੇਤਰ ਤੋਂ ਬਾਹਰ ਹੋਣ ਦਾ ਖ਼ਤਰਾ ਹੈ। ਫੋਰਮ ਦਾ ਕਹਿਣਾ ਹੈ ਕਿ ਸਿੱਖਿਆ ਮੰਤਰਾਲੇ ਇਨ੍ਹਾਂ ਸਥਿਤੀਆਂ ਵਿੱਚ ਸਿੱਖਣ ਦੇ ਨੁਕਸਾਨ ਦੀ ਭਰਪਾਈ ਲਈ ਡਿਜੀਟਲ ਹੱਲ ਲੱਭ ਰਿਹਾ ਹੈ। ਡਿਜੀਟਲ ਸਿੱਖਿਆ ਨੂੰ ਉਤਸ਼ਾਹਿਤ ਕਰਨ ਦਾ ਮਤਲਬ ਹੈ ਕਿ ਸਰਕਾਰ ਨਿੱਜੀ ਨਿਵੇਸ਼ ਯਾਨੀ ਪੀਪੀਪੀ ਰਾਹੀਂ ਸਿੱਖਿਆ ਨੂੰ ਮੰਡੀ ਦੇ ਹਵਾਲੇ ਕਰਨ 'ਤੇ ਜ਼ੋਰ ਦੇ ਰਹੀ ਹੈ। ਦੂਜੇ ਪਾਸੇ ਮਹੱਤਵਪੂਰਨ ਕਾਨੂੰਨ ਆਰਟੀਈ ਦੀ ਪਾਲਣਾ ਦੇ ਸਬੰਧ ਵਿੱਚ ਫੋਰਮ ਨੇ ਕਿਹਾ ਹੈ ਕਿ ਦੇਸ਼ ਵਿੱਚ ਆਰਟੀਈ ਐਕਟ ਲਾਗੂ ਹੋਣ ਦੇ 11 ਸਾਲ ਬਾਅਦ ਵੀ ਸੰਸਦ ਵਿੱਚ ਸਰਕਾਰ ਦੇ ਜਵਾਬ ਅਨੁਸਾਰ ਇਸ ਦੀ ਪਾਲਣਾ ਕੀਤੀ ਗਈ ਹੈ। ਸਿਰਫ 25.5 ਫੀਸਦੀ। ਸਥਿਤੀ ਇਹ ਹੈ ਕਿ ਸਕੂਲਾਂ ਵਿੱਚ 11,09,486 ਅਧਿਆਪਕਾਂ ਦੀ ਘਾਟ ਹੈ। ਫਿਰ ਵੀ ਸਰਕਾਰ ਨੇ ਬਜਟ ਵਿੱਚ ਇਸ ਵਿਸ਼ੇ 'ਤੇ ਕੋਈ ਖਾਸ ਚਿੰਤਾ ਨਹੀਂ ਦਿਖਾਈ। ਹਾਲਾਂਕਿ, ਉਮੀਦ ਕੀਤੀ ਜਾਂਦੀ ਹੈ ਕਿ ਸਰਕਾਰ ਦੇਸ਼ ਦੇ ਭਵਿੱਖ ਯਾਨੀ ਬੱਚਿਆਂ ਦੀ ਸਿੱਖਿਆ 'ਤੇ ਧਿਆਨ ਕੇਂਦਰਿਤ ਕਰੇਗੀ ਅਤੇ ਇਸ ਆਈਟਮ ਲਈ ਵਿੱਤੀ ਫੰਡਾਂ ਦੀ ਵੰਡ ਨੂੰ ਵਧਾਏਗੀ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ*
*ਮਲੋਟ ਪੰਜਾਬ।*

# ਕੀ ਰਾਜਸੀ ਅਨਿਸ਼ਚਿਤਤਾ ਵੱਲ ਵੱਧ ਰਿਹੈ ਪੰਜਾਬ ?

ਕਹਿੰਦੇ ਨੇ ਕਿ ਬਦਲਾਅ ਕੁਦਰਤ ਦਾ ਨਿਯਮ ਹੈ, ਪਰ ਭਾਰਤ ਦੇ ਰਾਜਨੀਤਕ ਮਾਹੌਲ ਉਪਰ ਨਜ਼ਰ ਮਾਰਿਆਂ, ਸੱਤਾ ਉਪਰ ਕਾਬਜ਼ ਸਰਕਾਰਾਂ/ਪਾਰਟੀਆਂ ਦਾ ਬਦਲਾਵ ਹਮੇਸ਼ਾ ਹੀ ਲੋੜੀਂਦਾ ਲਗਦਾ ਹੈ। ਹਾਲਾਂਕਿ ਕੇਂਦਰ ਵਿਚ ਲੰਮੇ ਅਰਸੇ ਤੋਂ ਕਾਬਜ਼ ਕਾਂਗਰਸ ਅਤੇ ਇਸ ਦੇ ਭਾਈਵਾਲੀਆਂ ਦੇ ਬਦਲ ਵਜੋਂ ਲੋਕਾਂ ਨੇ 2014 ਵਿਚ ਬੀ.ਜੇ.ਪੀ. ਨੂੰ ਸੱਤਾ ਵਿਚ ਲਿਆਂਦਾ, ਪਰ ਲੋਕਾਈ ਦੇ ਬੁਨਿਆਦੀ ਮਸਲਿਆਂ ਦਾ ਕੋਈ ਹਲ ਨਾ ਹੋਇਆ। ਬਲਕਿ ਬੇਰੁਜ਼ਗਾਰੀ, ਗ਼ਰੀਬੀ, ਭੁੱਖਮਰੀ, ਸਮਾਜਿਕ ਨਾ-ਬਰਾਬਰੀ, ਫਿਰਕਾਪ੍ਰੱਸਤੀ, ਮਹਿੰਗਾਈ ਵਰਗੀਆਂ ਸਮਸਿਆਵਾਂ ਹੋਰ ਵੀ ਜੱਟਿਲ ਹੋ ਗਈਆਂ। ਕਾਂਗਰਸ ਦੇ ਰਾਜ ਕਾਲ ਤੋਂ ਸ਼ੁਰੂ ਹੋਈਆਂ ਨਿੱਜੀਕਰਨ ਦੀਆਂ ਨੀਤੀਆਂ ਹੋਰ ਭਿਆਨਕ ਰੂਪ ਧਾਰਨ ਕਰ ਗਈਆਂ। ਮੁਨਾਫ਼ੇ ਵਾਲੇ ਜਨਤਕ ਅਦਾਰੇ ਧੜਾ-ਧੜ ਨਿੱਜੀ ਹੱਥਾਂ ਵਿਚ ਦਿਤੇ ਜਾਣ ਲੱਗੇ। ਐਸੇ ਨਿਰਾਸ਼ਾਜਨਕ ਮਹੌਲ ਵਿਚੋਂ ਉਪਜਦਾ ਹੈ ਬੌਧਿਕ ਨਿਕਾਸੀ (ਨਗ਼ਜਅ ਣਗ਼ਜਅ) ਅਤੇ ਅਰਾਜਕਤਾ ਦਾ ਵਰਤਾਰਾ ਅਤੇ ਫਿਰ ਤੋਂ ਸੱਤਾ ਪਰਿਵਰਤਨ ਦੀ ਤਾਂਘ। ਪਰ 'ਸੱਤਾ ਪਰਿਵਰਤਨ' ਮਗਰੋਂ ਵੀ ਲੋਕਾਂ ਦੇ ਪਲੇ ਕੁੱਝ ਨਹੀਂ ਪੈਂਦਾ ਅਤੇ ਫੇਰ ਲੋੜ ਮਹਿਸੂਸ ਹੁੰਦੀ ਹੈ ਇਕ ਹੋਰ ਬਦਲ ਦੀ, ਇਕ ਹੋਰ ਪਰਿਵਰਤਨ ਦੀ। ਪਰ ਬਦਲਿਆ ਜਾਂਦਾ ਹੈ ਸਿਰਫ਼ ਮਖ਼ੌਟਾ। ਮਖ਼ੌਟੇ ਪਿਛਲੇ ਚਿਹਰਿਆਂ, ਕਿਰਦਾਰਾਂ ਅਤੇ ਰਾਜਨੀਤਿਕ ਖ਼ਾਸੇ ਵਿਚ ਕੋਈ ਤਬਦੀਲੀ ਨਹੀਂ ਹੁੰਦੀ।

ਪੰਜਾਬੀ ਆਪਣੇ ਜੁਝਾਰੂ ਸੁਭਾਅ ਅਤੇ ਪਹਿਲ ਕਦਮੀਆਂ ਕਰਕੇ ਪੂਰੀ ਦੁਨੀਆਂ ਵਿਚ ਜਾਣੇ ਜਾਂਦੇ ਹਨ। ਪੰਜਾਬ ਦੀ 2017 ਤੋਂ ਪਹਿਲੋਂ ਅਕਾਲੀਆਂ ਅਤੇ ਕਾਂਗਰਸੀਆਂ ਦੀ ਉਤਰ ਕਾਟੋ ਮੈਂ ਚੜ੍ਹਾਂ ... ਦੀ ਲੂੰਬੜ ਚਾਲ ਨੂੰ ਪਲਟਾ ਦਿੰਦਿਆਂ ਦਿੱਲੀ ਵਿਚ ਜਨਮੀ ਆਮ ਆਦਮੀ ਪਾਰਟੀ (ਆਪ) ਨੂੰ ਲੋਕ ਪੱਖੀ ਰਾਜਨੀਤਕ ਬਦਲਾਅ ਸਮਝਦਿਆਂ, ਪੰਜਾਬੀਆਂ ਨੇ ਸਿਰ ਮੱਥੇ ਰੱਖਿਆ ਅਤੇ ਆਪ ਨੂੰ ਪੰਜਾਬ ਦੀ ਇਕ ਪ੍ਰਮੁੱਖ ਰਾਜਨੀਤਕ ਧਿਰ ਵਜੋਂ ਸਥਾਪਿਤ ਕਰ ਦਿਤਾ। ਭਾਵੇਂ ਕਿ ਆਪ ਸਰਕਾਰ ਨਹੀਂ ਬਣਾ ਸਕੀ ਜਿਸਦਾ ਸ਼ਾਇਦ ਇਕ ਕਾਰਨ ਅੰਦਰ ਖਾਤੇ ਕਾਂਗਰਸੀਆਂ ਅਤੇ ਅਕਾਲੀਆਂ ਦਾ ਆਪ ਦੇ ਵਿਰੁੱਧ ਇਕ ਹੋ ਜਾਣਾ ਵੀ ਸੀ ਅਤੇ ਦੂਜਾ ਕਾਰਨ ਆਪ ਦੇ ਦਿੱਲੀ ਬੈਠੇ ਆਕਾਵਾਂ ਦਾ ਸੂਬਾਈ ਲੀਡਰਸ਼ਿਪ ਉਤੇ ਨਾ-ਵਿਸਵਾਸ਼ੀ ਵੀ ਸੀ। ਇਸ ਸਥਿਤੀ ਵਿਚ 2017 ਵਿਚ ਕਾਂਗਰਸ ਦੀ ਸਰਕਾਰ ਬਣਦੀ ਹੈ ਜੋ ਲਗਭੱਗ ਚਾਰ ਸਾਲ ਤੋਂ ਉਪਰ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਚਲਦੀ ਹੈ। ਪਰ ਕਾਂਗਰਸ ਦੀ ਹਾਈ ਕਮਾਨ ਕਿਸੇ 'ਗੁੱਝੀ' ਰਾਜਨੀਤਕ ਸਮਝ ਤਹਿਤ ਕੈਪਟਨ ਨੂੰ ਬਦਲ ਚੰਨੀ ਨੂੰ ਮੁੱਖ ਮੰਤਰੀ ਥਾਪ ਦਿੰਦੀ ਹੈ। ਭਾਵ ਕਾਂਗਰਸ ਵਲੋਂ ਆਪ ਹੀ ਕੈਪਟਨ ਨੂੰ ਇਕ ਨਾਕਾਮ ਮੁੱਖ ਮੰਤਰੀ ਗਰਦਾਨਿਆ ਜਾਂਦਾ ਹੈ।2017 ਤੋਂ ਮਗਰੋਂ ਹੁਣ ਆਮ ਆਦਮੀ ਪਾਰਟੀ ਵੀ ਰਵਾਇਤੀ ਪਾਰਟੀਆਂ ਦੀ ਕਤਾਰ ਵਿਚ ਸ਼ਾਮਿਲ ਹੋ ਗਈ ਹੈ। ਖ਼ਾਸਕਰ, ਇਸ ਵਾਰ ਟਿਕਟ ਵੰਡ ਦੌਰਾਨ ਦੂਜੀਆਂ ਰਵਾਇਤੀ ਪਾਰਟੀਆਂ ਦੇ 'ਬਾਗੀ' ਨੇਤਾਵਾਂ ਨੂੰ ਆਪਣੇ ਕਲਾਵੇ ਵਿਚ ਲਿਆਉਣਾ। ਜ਼ਮੀਨੀ ਪੱਧਰ ਦੇ ਵਰਕਰਾਂ/ਲੀਡਰਾਂ ਨੂੰ ਭੁੱਲ, ਧਨਾਢਾਂ ਅਤੇ ਇਕ ਦਿਨ ਪਹਿਲਾਂ ਹੀ ਪਾਰਟੀ ਦਾ ਪੱਲਾ ਫੜ੍ਹਨ ਵਾਲਿਆਂ ਨੂੰ ਟਿਕਟਾਂ ਵੰਡਣ ਜਾਂ ਦੰਦ-ਕਥਾਵਾਂ ਮੁਤਾਬਿਕ ਵੇਚਣ ਕਾਰਨ। ਅਜਿਹੇ ਲੋਕ ਕੇਜਰੀਵਾਲ ਲਈ ਕਦੇ 'ਕਚਰਾ' ਹੋਇਆ ਕਰਦੇ ਸਨ।

ਇਸੇ ਪਿਠਭੂਮੀ ਵਿਚ ਪੰਜਾਬ ਦੇ ਕਿਸਾਨਾਂ ਵਲੋਂ ਮੁੱਢ ਬਝਦਾ ਹੈ ਕੇਂਦਰ ਵਲੋਂ ਲਿਆਂਦੇ ਗਏ ਤਿੰਨ ਮਾਰੂ ਖੇਤੀ ਕਾਨੂੰਨਾਂ ਵਿਰੁੱਧ ਇਕ ਲੋਕ-ਸੰਘਰਸ਼ ਦਾ। ਪੰਜਾਬ ਦੀਆਂ ਕਿਸਾਨ ਜੱਥੇਬੰਦੀਆਂ, ਜੋ ਪੂਰੇ ਇਕ ਵਰ੍ਹੇ ਦਿੱਲੀ ਦੀਆਂ ਬਰੂਹਾਂ ਉੱਤੇ ਦੂਰ-ਅੰਦੇਸ਼ੀਆਂ ਅਤੇ ਪਹਿਲ-ਕਦਮੀਆਂ ਸਦਕਾ ਜੋਸ਼ ਅਤੇ ਹੋਸ਼ ਨਾਲ ਡਟੀਆ ਰਹੀਆਂ। ਇਹ ਜੱਥੇਬੰਦੀਆਂ ਹਿੰਦੋਸਤਾਨ ਹੀ ਨਹੀਂ, ਬਲਕਿ ਕੁੱਲ ਸੰਸਾਰ ਦੀ ਕਿਰਤੀ ਜਮਾਤ ਲਈ ਇਕ ਚਾਨਣ ਮੁਨਾਰਾ ਬਣਦੀਆਂ ਹਨ। ਹਰ ਤਬਕੇ ਦੇ ਸਹਿਯੋਗ ਸਕਦਾ ਇਹ ਕਿਸਾਨੀ ਸੰਘਰਸ਼ ਕੇਂਦਰ ਵਿਚ ਕਾਬਜ਼ ਭਾਜਪਾ ਸਰਕਾਰ ਦੀਆਂ ਗੋਡਣੀਆਂ ਲਵਾ ਦਿੰਦਾ ਹੈ। ਕੁਦਰਤੀ ਹੀ, ਇਹ ਲਾਮਿਸਾਲ ਮੁਕਾਮ ਵੱਖ-ਵੱਖ ਥਾਵਾਂ ਉਪਰ ਸੰਘਰਸ਼ਸ਼ੀਲ ਲੋਕਾਂ ਇਕ ਆਸ ਦੀ ਕਿਰਨ ਅਤੇ ਰਾਹ ਦਸੇਰਾ ਬਣਦਾ ਹੈ। ਕਿਉਂ ਜੋ 2022 ਦੀਆਂ ਚੋਣਾਂ ਸਾਹਮਣੇ ਸਨ, ਸਮੁੱਚੇ ਪੰਜਾਬੀ ਕਿਸਾਨ ਆਗੂਆਂ ਅਤੇ ਜੱਥੇਬੰਦੀਆਂ ਤੋਂ ਇਹ ਤਵੱਕੋ ਕੀਤੀ ਕਿ ਉਹ ਚੁਣਾਵੀ ਮੈਦਾਨ ਵਿਚ ਨਿਤਰਣ ਅਤੇ ਸੱਤਾ ਹਾਸਿਲ ਕਰਕੇ ਲੋਕਾਈ ਦੇ ਬੁਨਿਆਦੀ ਦੁੱਖਾਂ ਤਕਲੀਫ਼ਾਂ ਦਾ ਨਿਵਾਰਣ ਕਰਨ। ਇਸੇ ਲੋਕ-ਭਾਵਨਾ ਵਿਚੋਂ ਜਨਮਦਾ ਹੈ ਸੰਯੁਕਤ ਸਮਾਜ ਮੋਰਚਾ। ਪਰ ਇਹ ਮੋਰਚਾ, ਕਿਸਾਨ ਮੋਰਚੇ ਦੀਆਂ ਸਾਰੀਆਂ ਭਾਈਵਾਲ ਜੱਥੇਬੰਦੀਆਂ ਨਾਲ ਚੁਣਾਵੀ ਪਿੜ ਵਿਚ ਉਤਰਨ ਲਈ ਸਹਿਮਤੀ ਨਹੀਂ ਬਣਾ ਸਕਿਆ। ਸਗੋਂ ਸੰਯੁਕਤ ਕਿਸਾਨ ਮੋਰਚੇ ਦੀ ਲੀਡਰਸ਼ਿਪ ਵਲੋਂ ਚੋਣਾਂ ਵਿਚ ਹਿਸਾ ਲੈਣ ਵਾਲੀਆਂ ਕਿਸਾਨ ਜੱਥੇਬੰਦੀਆਂ ਨੂੰ ਮੁਅਤਲ ਕਰਨ ਤਕ ਦਾ ਗ਼ੈਰ-ਵਾਜਿਬ ਅਤੇ ਮੰਦਭਾਗਾ ਫ਼ੈਸਲਾ ਲਿਆ ਜਾਂਦਾ ਹੈ ਜੋ ਮੇਰੀ ਜਾਚੇ ਆਉਂਦੇ ਸਮੇਂ ਵਿਚ ਕਿਸਾਨੀ ਸੰਘਰਸ਼ ਦੌਰਾਨ ਉੱਭਰੀ ਅਤੇ ਉੱਸਰੀ ਕਿਸਾਨ-ਮਜ਼ਦੂਰ ਏਕਤਾ ਨੂੰ ਢਾਹ ਲਾ ਸਕਦਾ ਹੈ। ਇਸ ਪਾਟੋਧਾੜ ਦੀ ਸਥਿੱਤੀ ਵਿਚ ਸੰਯੁਕਤ ਸਮਾਜ ਮੋਰਚਾ ਐਲਾਨ ਕਰਦਾ ਹੈ ਸਾਰੀਆਂ 117 ਸੀਟਾਂ ਉਪਰ ਚੋਣ ਲੜਨ ਦਾ। ਹਰਿਆਣੇ ਦੇ ਕਿਸਾਨ ਨੇਤਾ ਚੜੂਨੀ ਦੀ ਜੱਥੇਬੰਦੀ ਅਤੇ ਪੰਜਾਬ ਦੀਆਂ ਕੁੱਝ ਕਮਿਊਨਿਸਟ ਪਾਰਟੀਆਂ ਵੀ ਸੰਯੁਕਤ ਸਮਾਜ ਮੋਰਚਾ ਦਾ ਹਿੱਸਾ ਬਣਦੀਆਂ ਹਨ।

ਆਪਣੀਆਂ ਗੈਰ-ਸਿਧਾਂਤਕ ਚੁਣਾਵੀ ਜੁਗਾੜਬਾਜੀਆਂ ਲਈ ਜਾਣੀ ਜਾਂਦੀ ਬੀ.ਜੇ.ਪੀ. ਵਲੋਂ, ਕਿਸਾਨੀ ਸੰਘਰਸ਼ ਦੇ ਦਬਾਅ ਅਧੀਨ ਤਿੰਨ ਕਾਲੇ ਕਾਨੂੰਨਾਂ ਨੂੰ 'ਵਾਪਿਸ' ਕਰ ਲੈਣ ਮਗਰੋਂ, ਕੈਪਟਨ ਅਮਰਿੰਦਰ ਸਿੰਘ ਦੀ 'ਪੰਜਾਬ ਲੋਕ ਕਾਂਗਰਸ' ਅਤੇ ਸੁਖਦੇਵ ਸਿੰਘ ਢੀਂਡਸਾ ਦੇ 'ਸੰਯੁਕਤ ਅਕਾਲੀ ਦਲ' ਨਾਲ ਹੱਥ ਮਿਲ-ਾਇਆ ਜਾਂਦਾ ਹੈ। ਜ਼ਮੀਨੀ ਪੱਧਰ ਉਪਰ ਪ੍ਰਭਾਵਸ਼ਾਲੀ ਜਨ-ਆਧਾਰ ਰੱਖਣ ਵਾਲੀਆਂ ਕਿਸਾਨ ਜੱਥੇਬੰਦੀਆਂ ਐਲਾਨੀਆਂ ਤੌਰ ਉਪਰ ਚੁਣਾਵੀ ਪਿੜ ਦਾ ਹਿੱਸਾ ਨਹੀਂ ਬਣਦੀਆਂ ਅਤੇ ਚੋਣਾਂ ਨੂੰ ਲੋਕ ਸੰਘਰਸ਼ ਦਾ ਹਿੱਸਾ ਹੀ ਨਹੀਂ ਮੰਨਦੀਆਂ ਪਰ ਨਾਲ ਹੀ ਜੱਥੇਬੰਦੀ ਨਾਲ ਜੁੜੇ ਜਨ-ਸਮੂਹ ਨੂੰ ਆਪਣੀ ਮਰਜ਼ੀ ਅਨੁਸਾਰ ਕਿਸੇ ਵੀ ਰਾਜਨੀਤਕ ਧਿਰ/ਪਾਰਟੀ ਨੂੰ ਵੋਟਾਂ ਪਾਉਣ ਦੀ ਖੁਲ੍ਹ ਵੀ ਦਿੰਦੀ ਹੈ। ਇਹ ਪਹੁੰਚ ਮੇਰੀ ਸਮਝ ਤੋਂ ਪਰੇ ਹੈ। ਜੇ ਸੰਘਰਸ਼ਸ਼ੀਲ ਜੱਥੇਬੰਦੀਆਂ/ਧਿਰਾਂ ਦੀਆਂ ਸਾਰੀਆਂ ਹੀ ਮੰਗਾਂ ਸਰਕਾਰਾਂ ਵੱਲ ਸੇਧਿਤ ਹਨ ਤਾਂ ਸੱਤਾ ਹਾਸਲ ਕਰ, ਇਹ ਕਾਰਜ ਆਪ ਕਰ ਲੈਣ ਵਿਚ ਕੀ ਸੰਕੋਚ ਹੈ?

ਇਸ ਸਮੂਚੇ ਮਾਹੌਲ ਵਿਚ ਚਿਹਰਿਆਂ ਦੀ ਰਾਜਨੀਤੀ ਵੀ ਸਰਗਰਮ ਹੈ ਅਤੇ ਬੇਅਸੂਲੀਆਂ ਦਲ-ਬਦਲੀਆਂ ਦਾ ਦੌਰ ਵੀ। ਵੱਖ-ਵੱਖ ਪਾਰਟੀਆਂ ਵਲੋਂ ਆਪੋ-ਆਪਣੇ ਮੁੱਖ ਮੰਤਰੀ ਦੇ ਚਿਹਰੇ ਐਲਾਨੇ ਜਾ ਰਹੇ ਹਨ। ਪਰ ਕੀ ਨਿਜ਼ਾਮ ਦੀ ਸਿਫ਼ਤੀ ਤਬਦੀਲੀ ਤੋਂ ਬਿਨਾਂ ਕੇਵਲ ਚਿਹਰਿਆਂ ਦਾ ਕੋਈ ਮਹੱਤਵ ਹੈ? ਯਕੀਨਣ, ਨਹੀਂ।

ਪੰਜਾਬ ਦੇ ਰਾਜਸੀ ਪਿੜ ਵਿਚ ਇਸ ਵੇਲੇ ਜੇ ਕੋਈ ਘੱਟੋ-ਘੱਟ ਸਿਧਾਂਤਿਕ ਧਿਰ ਉਭਰਦੀ ਨਜ਼ਰ ਆਉਂਦੀ ਹੈ ਤਾਂ ਉਹ ਮੇਰੀ ਜਾਚੇ ਸੰਯੁਕਤ ਸਮਾਜ ਮੋਰਚਾ ਹੀ ਹੈ। ਸ਼ਾਇਦ ਇਸ ਲਈ ਵੀ ਕਿ ਸੰਯੁਕਤ ਸਮਾਜ ਮੋਰਚੇ ਦਾ ਰਾਜਨੀਤਕ ਸਫ਼ਰ ਹਾਲੇ ਸ਼ੁਰੂ ਹੀ ਹੋਇਆ ਹੈ। ਪਰ ਕਿਥੇ ਹੈ ਉਹ ਜਨ-ਉਤਸ਼ਾਹ ਇਸ ਮੋਰਚੇ ਦੇ ਹੱਕ ਵਿਚ, ਜੋ ਕਿਸਾਨੀ ਸੰਘਰਸ਼ ਦੌਰਾਨ ਹਰ ਚੌਂਕ, ਹਰ ਸ਼ਹਿਰ, ਹਰ ਪਿੰਡ, ਹਰ ਗੱਡੀ, ਹਰ ਘਰ ਸਾਨੂੰ ਨਜ਼ਰ ਆਉਂਦਾ ਸੀ? ਕਿਥੇ ਹੈ ਉਹ ਜਨ-ਹਮਾਇਤ, ਜੋ ਕਿਸਾਨ ਜੱਥੇਬੰਦੀਆਂ ਨੂੰ ਚੁਣਾਵੀ ਪਿੜ ਵਿਚ ਨਿਤਾਰਣ ਲਈ ਉਤਾਵਲੀ ਸੀ? ਇਸ ਵਾਰ ਇਸ ਬਹੁ-ਕੋਣੀ ਚੁਣਾਵੀ ਪਿੜ ਵਿਚ ਕੀ ਸੰਯੁਕਤ ਸਮਾਜ ਮੋਰਚਾ ਇਕ ਸਿਆਸੀ ਧਿਰ ਵਜੋਂ ਉਭਰ ਸਕੇਗਾ ਜਾਂ ਫੇਰ ਪੰਜਾਬ ਇਕ ਅਨਿਸ਼ਚਿਤਤਾ ਵਾਲੇ ਸਿਆਸੀ ਭਵਿੱਖ ਵਲ ਵਧੇਗਾ? ਇਹ ਤਾਂ ਆਉਣ ਵਾਲਾ ਸਮਾਂ ਹੀ ਦਸੇਗਾ।

ਪਰ ਜੇ ਲੋਕ-ਪੱਖੀ ਰਾਜਨੀਤਕ ਧਿਰਾਂ ਅਤੇ ਲੋਕ-ਸੰਘਰਸ਼ਾਂ ਨੂੰ ਪ੍ਰਣਾਈਆਂ ਹੋਈਆਂ ਜੱਥੇਬੰਦੀਆਂ ਸਿਆਸੀ ਪਿੜ ਵਿਚ ਇਕਜੁੱਟਤਾ ਅਤੇ ਇਕਮੁੱਠਤਾ ਨਾਲ ਨਿਤਰਣ ਤਾਂ ਯਕੀਨਣ ਪੰਜਾਬ ਅਤੇ ਹਿੰਦੋਸਤਾਨ ਦੇ ਰਾਜਸੀ ਦ੍ਰਿਸ਼ ਵਿਚ ਲੋਕ-ਪੱਖੀ ਅਤੇ ਸਿਫ਼ਤੀ ਤਬਦੀਲੀ ਆ ਸਕਦੀ ਹੈ।

*-ਰੰਜੀਵਨ ਸਿੰਘ, ਐਡਵੋਕੇਟ*
*ਪੰਜਾਬ ਅਤੇ ਹਰਿਆਣਾ ਹਾਈ ਕੋਰਟ*
*2249, ਫੇਜ਼-10, ਮੁਹਾਲੀ (ਪੰਜਾਬ)*
*ਮੁਬਾ: 98150-68816*

# ਬਾਲ ਮਨਾਂ ਦੀ ਘਾੜਤ

ਛੋਟੇ ਬੱਚਿਆਂ ਦਾ ਹਿਰਦਾ ਬਹੁਤ ਕੋਮਲ ਹੁੰਦਾ ਹੈ। ਨੰਨ੍ਹੇ ਮੁੰਨੇ ਬੱਚਿਆਂ ਦੇ ਮਨ ਫੁੱਲਾਂ ਵਾਂਗ ਕੋਮਲ ਤੇ ਪਿਆਰੇ ਹੁੰਦੇ ਹਨ। ਬਾਲ ਅਵਸਥਾ ਇੱਕ ਅਜਿਹੀ ਅਵਸਥਾ ਹੈ ਜਿਸ ਵਿੱਚ ਬੱਚੇ ਦੀ ਮਾਨਸਿਕਤਾ ਹਾਲੇ ਪੂਰੀ ਤਰ੍ਹਾਂ ਮਜ਼ਬੂਤ ਨਹੀਂ ਹੋਈ ਹੁੰਦੀ, ਉਸਦੀ ਚੇਤਨਤਾ ਹਾਲੇ ਬਣ ਰਹੀ ਹੁੰਦੀ ਹੈ ਅਤੇ ਫਿਰ ਉਸਦਾ ਵਿਕਾਸ ਹੋਵੇਗਾ। ਬੱਚਿਆਂ ਵਿੱਚ ਕਿਸੇ ਵੀ ਆਦਤ ਨੂੰ ਗ੍ਰਿਹਣ ਕਰਨ ਦੀ ਸ਼ਮਤਾ ਵਿਕਸਿਤ ਮਨੁੱਖ ਦੇ ਮੁਕਾਬਲੇ ਜਿਆਦਾ ਹੁੰਦੀ ਹੈ। ਉਸਦੀ ਚੀਜ਼ਾਂ ਨੂੰ ਵਰਤਣ ਪ੍ਰਤੀ ਖਿੱਚ, ਜਿਸ ਕੰਮ ਤੋਂ ਰੋਕਿਆ ਜਾਣਾ.... ਉਸੇ ਕੰਮ ਨੂੰ ਕਰਨ ਪ੍ਰਤੀ ਉਤਸੁਕਤਾ ਕਈ ਗੁਣਾ ਤੀਬਰ ਹੁੰਦੀ ਹੈ।

ਮਾਪਿਆਂ ਲਈ ਉਹਨਾਂ ਦੇ ਬੱਚਿਆਂ ਦਾ ਬਚਪਨ ਸਭ ਤੋਂ ਵੱਡੀ ਜਿੰਮੇਵਾਰੀ ਹੁੰਦੀ ਹੈ। ਇਸ ਵਿੱਚ ਘਰ ਦਾ ਮਾਹੌਲ, ਪਰਿਵਾਰ ਦੇ ਜੀਆਂ ਦਾ ਵਿਵਹਾਰ, ਮਾਪਿਆਂ ਦੀਆਂ ਰੁਚੀਆਂ, ਮਾਪਿਆਂ ਦੀਆਂ ਕ੍ਰਿਆਵਾਂ ਬਹੁਤ ਅਹਿਮ ਹੁੰਦੀਆਂ ਹਨ। ਅਸੀਂ ਸਾਰੇ ਜਾਣਦੇ ਹਾਂ ਕਿ ਇਸ ਅਵਸਥਾ ਵਿੱਚ ਬੱਚੇ ਗੱਲਾਂ ਦੇ ਅਰਥ ਭਾਵੇਂ ਘੱਟ ਸਮਝਦੇ ਹਨ ਪਰ ਉਹਨਾਂ ਨੂੰ ਸਿੱਖਣ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ। ਕਿਸੇ ਵੀ ਵਿਅਕਤੀ ਦੀ ਸ਼ਖਸੀਅਤ ਦੀ ਉਸਾਰੀ ਵਿੱਚ ਬਚਪਨ ਦੀਆਂ ਆਦਤਾਂ ਬਹੁਤ ਵੱਡੀ ਭੂਮਿਕਾ ਨਿਭਾਉਂਦੀਆਂ ਹਨ। ਇਸ ਅਵਸਥਾ ਵਿੱਚ ਪਰਿਵਾਰ ਦੇ ਜੀਆਂ ਨੂੰ ਬਹੁਤ ਸਾਰੀਆਂ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ, ਜਿਵੇਂ ਕਿ ਬੱਚਿਆਂ ਸਾਹਮਣੇ ਕਦੇ ਵੀ ਲੜਾਈ ਝਗੜਾ ਨਾ ਕਰਨਾ, ਗਲਤ ਸ਼ਬਦਾਵਲੀ ਦੀ ਵਰਤੋਂ ਨਾ ਕਰਨਾ, ਬੱਚਿਆਂ ਨੂੰ ਗੁਰਬਾਣੀ ਸਰਵਣ ਕਰਾਉਣੀ। ਘਰ ਪਰਿਵਾਰ ਵਿੱਚ ਸੁਚੱਜੇ ਤਰੀਕੇ ਨਾਲ ਵਿਚਰਿਆ ਜਾਵੇ, ਹਰ ਕੰਮ ਯੋਜਨਾਬੱਧ ਤਰੀਕੇ ਨਾਲ ਕੀਤਾ ਜਾਵੇ ਤਾਂ ਜੋ ਬੱਚੇ ਦੇ ਮਨ ਦਾ ਵਿਕਾਸ ਉਸੇ ਤਰ੍ਹਾਂ ਕੀਤਾ ਜਾ ਸਕੇ। ਮੈਂ ਅਜਿਹੇ ਬਹੁਤ ਸਾਰੇ ਮਾਪੇ ਦੇਖੇ ਹਨ ਜੋ ਬਿਨਾ ਕੁਝ ਸੋਚੇ ਸਮਝੇ ਬੱਚਿਆਂ ਦੇ ਸਾਹਮਣੇ ਬਹਿਸਦੇ ਰਹਿੰਦੇ ਹਨ ਫਿਰ ਜਦੋਂ ਬੱਚੇ ਦੀ ਕੋਈ ਮੰਗ ਜਾਂ ਜਰੂਰਤ ਪੂਰੀ ਨਹੀਂ ਕੀਤੀ ਜਾਂਦੀ ਤਾਂ ਬੱਚੇ ਦੇ ਦਿਮਾਗ ਵੱਲੋਂ ਹੂਬਹੂ ਉਸੇ ਤਰ੍ਹਾਂ ਵਿਵਹਾਰ ਕੀਤਾ ਜਾਂਦਾ ਹੈ ਜਿਵੇਂ ਉਸਨੇ ਆਪਣੇ ਪਰਿਵਾਰ ਦੇ ਜੀਆਂ ਦਾ ਦੇਖਿਆ ਹੁੰਦਾ ਹੈ। ਕਈ ਘਰਾਂ ਵਿੱਚ ਗਾਲ੍ਹਾਂ ਕੱਢਣ ਦਾ ਰਿਵਾਜ਼ ਹੁੰਦਾ ਹੈ, ਜਿਸ ਦਾ ਬੱਚੇ ਦੀ ਸ਼ਖਸੀਅਤ ਉੱਪਰ ਬਹੁਤ ਨਕਾਰਾਤਮਕ ਪ੍ਰਭਾਵ ਪੈਂਦਾ ਹੈ।

ਬਾਲ ਅਵਸਥਾ ਵਿੱਚ ਬੱਚਾ ਬਹੁਤ ਗੰਭੀਰਤਾ ਨਾਲ ਆਪਣੇ ਆਲੇ ਦੁਆਲੇ ਹੋਣ ਵਾਲੀਆਂ ਕ੍ਰਿਆਵਾਂ ਨੂੰ ਗ੍ਰਹਿਣ ਕਰਦਾ ਹੈ। ਕਈ ਵਾਰ ਬੱਚਿਆਂ ਨੂੰ ਸਹੀ ਅਗਵਾਈ ਅਤੇ ਧਿਆਨ ਨਾ ਮਿਲਣ ਕਾਰਣ ਬੱਚੇ ਅਣਆਗਿਆਕਾਰੀ ਹੋ ਜਾਂਦੇ ਹਨ। ਅਜਿਹੇ ਵਿੱਚ ਮਾਪਿਆਂ ਨੂੰ ਬੱਚਿਆਂ ਨਾਲ ਸਿੱਝਣ ਲਈ ਸੁਹਜਤਾ ਦੀ ਵਰਤੋਂ ਕਰਨੀ ਚਾਹੀਦੀ ਹੈ, ਕਦੇ ਵੀ ਬੱਚਿਆਂ ਨੂੰ ਜਰੂਰਤ ਤੋਂ ਵੱਧ ਡਾਂਟਣਾ ਨਹੀ ਚਾਹੀਦਾ, ਅਜਿਹਾ ਕਰਨ ਨਾਲ ਕਈ ਕਮਜ਼ੋਰ ਦਿਲ ਬੱਚੇ ਮਾਪਿਆਂ ਦਾ ਅਜਿਹਾ ਭੈਅ ਦਿਲ ਵਿੱਚ ਬਿਠਾ ਲੈਂਦੇ



ਹਰਕੀਰਤ ਕੌਰ
9779118066

ਹਨ ਕਿ ਉਹ ਉਮਰ ਭਰ ਆਪਣੇ ਮਾਪਿਆਂ ਨਾਲ ਖੁਲ੍ਹ ਨਹੀਂ ਪਾਉਂਦੇ ਅਤੇ ਹਮੇਸ਼ਾ ਉਹਨਾਂ ਤੋਂ ਝਿਜਕਦੇ ਰਹਿੰਦੇ ਹਨ।

ਮਾਪਿਆਂ ਨੂੰ ਬੱਚਿਆਂ ਦੇ ਸਾਹਮਣੇ ਗੁਰਬਾਣੀ, ਕਿਤਾਬਾਂ ਜਰੂਰ ਪੜ੍ਹਨੀਆਂ ਚਾਹੀਦੀ ਹੈ ਤਾਂ ਜੋ ਬੱਚਿਆਂ ਦੀ ਮਾਨਸਿਕਤਾ ਇਸ ਤਰ੍ਹਾਂ ਵਿਕਸਿਤ ਹੋਵੇ ਕਿ ਉਹਨਾਂ ਨੂੰ ਕਿਤਾਬਾਂ ਪੜ੍ਹਨਾ ਜਰੂਰੀ ਲੱਗਣ ਲੱਗੇ । ਮਾਪੇ ਬੱਚਿਆਂ ਦੇ ਸਾਮ੍ਹਣੇ ਘੱਟ ਤੋਂ ਘੱਟ ਮੋਬਾਇਲ ਦੀ ਵਰਤੋਂ ਕਰਨ। ਉਹਨਾਂ ਦਾ ਮਨ ਗੁਰਬਾਣੀ, ਕਿਤਾਬਾਂ ਤੇ ਕੁਦਰਤ ਵਿੱਚ ਲਗਾ ਕੇ ਰੱਖੋ ।

ਇਹਨਾਂ ਕੁਝ ਤਰੀਕਿਆਂ ਨਾਲ ਅਸੀਂ ਬਾਲ ਮਨਾਂ ਦੀ ਇੱਕ ਸੁਚੱਜੀ ਘਾੜਤ ਘੜ ਸਕਦੇ ਹਾਂ । ਇੱਕ ਬੱਚੇ ਦਾ ਵਿਵਹਾਰ ਵੱਡੇ ਹੋਕੇ ਕਿਵੇਂ ਦਾ ਹੋਵੇਗਾ ਇਸ ਵਿੱਚ ਉਸ ਦਾ ਬਚਪਨ ਬਹੁਤ ਵੱਡੀ ਭੂਮਿਕਾ ਨਿਭਾਉਂਦਾ ਹੈ। ਪਰਿਵਾਰ ਦੇ ਮੈਂਬਰਾਂ ਦਾ ਵਿਵਹਾਰ ਬੱਚਿਆਂ ਦੇ ਮਨ ਦੀ ਘਾੜਤ ਵਿੱਚ ਮੂਹਰਲੇ ਵਿੱਚ ਆਉਂਦਾ ਹੈ ਕਿਉਂਕਿ ਬੱਚੇ ਅਸੀਂ ਕੀ ਕਹਿੰਦੇ ਹਾਂ ਨਾਲੋਂ ਅਸੀਂ ਕੀ ਕਰਦੇ ਹਾਂ ਬਾਰੇ ਵਧੇਰੇ ਜਾਨਣਾ ਚਾਹੁੰਦੇ ਹਨ। ਬੱਚਿਆਂ ਨੂੰ ਉਹਨੇ ਦੇ ਮਨ ਦੀ ਸੁਚੱਜੀ ਘਾੜਤ ਲਈ ਮਾਪਿਆਂ ਦੇ ਸਮਰਥਨ ਦੀ ਭਰਪੂਰ ਜਰੂਰਤ ਹੁੰਦੀ ਹੈ।




# ਨਵਜੋਤ ਸਿੰਘ ਸਿੱਧੂ ਵੱਲੋਂ 13 ਸੂਤਰੀ 'ਪੰਜਾਬ ਮਾਡਲ' ਜਾਰੀ

ਚੰਡੀਗੜ੍ਹ, 13 ਫਰਵਰੀ (ਪੋਸਟ ਬਿਊਰੋ)- ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਵਿਧਾਨ ਸਭਾ ਚੋਣਾਂ ਲਈ ਆਪਣਾ ਪੰਜਾਬ ਮਾਡਲ ਜਾਰੀ ਕੀਤਾ ਹੈ, ਜਿਸ ਵਿੱਚ ਉਨ੍ਹਾ ਨੇ 13 ਸੂਤਰੀ ਏਜੰਡੇ ਸਾਂਝੇ ਕੀਤੇ ਹਨ। ਤੀਹ ਪੰਨਿਆਂ ਦੇ ਇਹ ਪੰਜਾਬ ਮਾਡਲ ਨਵਜੋਤ ਸਿੰਘ ਸਿੱਧੂ ਨੇ ਸੋਸ਼ਲ ਮੀਡੀਆ ਉੱਤੇ ਜਾਰੀ ਕਰਦਿਆਂ 'ਜਿੱਤੇਗਾ ਪੰਜਾਬ' ਦੀ ਗੱਲ ਆਖੀ ਹੈ।

ਸੋਸ਼ਲ ਮੀਡੀਆ ਉੱਤੇ ਜਾਰੀ ਕੀਤੇ 'ਪੰਜਾਬ ਮਾਡਲ' ਵਿੱਚ ਨਵਜੋਤ ਸਿੰਘ ਸਿੱਧੂ ਨੇ ਸਿਹਤ, ਸਿੱਖਿਆ, ਸਨਅਤ, ਡਿਜੀਟਲ ਪੰਜਾਬ ਤੇ ਕਿਸਾਨਾਂ ਬਾਰੇ ਜ਼ਿਕਰ ਦੇ ਨਾਲ ਵਿਧਾਨ ਸਭਾ ਇਜਲਾਸ ਦੇ ਲਾਈਵ ਪ੍ਰਸਾਰਨ ਦਾ ਵੀ ਜ਼ਿਕਰ ਕੀਤਾ ਹੈ। ਇਸ ਵਿੱਚ 13 ਪ੍ਰੋਗਰਾਮਾਂ ਵਿੱਚ ਦੱਸਿਆ ਗਿਆ ਹੈ ਕਿ ਕਿਵੇਂ ਪੰਜਾਬ ਨੂੰ ਪੈਰਾਂ ਸਿਰ ਖੜ੍ਹਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪੰਜਾਬ ਮਾਡਲ ਪੰਜਾਬ ਨੂੰ ਕਲਿਆਣਕਾਰੀ ਰਾਜ ਬਣਾਉਣ ਦੇ ਲਈ ਬਣਾਇਆ ਲੋਕਾਂ ਦਾ ਮਾਡਲ ਹੈ। ਸਿੱਧੂ ਨੇ ਪੰਜਾਬ ਮਾਡਲ ਵਿੱਚ ਲਗਭਗ ਹਰ ਖੇਤਰ, ਹਰ ਮੁੱਦੇ ਤਕ ਪਹੁੰਚ ਦੀ ਕੋਸ਼ਿਸ਼ ਕੀਤੀ ਹੈ। ਇਹ ਮਾਡਲ ਜਾਰੀ ਕਰਦਿਆਂ ਨਵਜੋਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਮੁਤਾਬਕ ਗੁਰੂ ਨਾਨਕ ਦੇਵ ਜੀ ਦੇ 'ਤੇਰਾ-ਤੇਰਾ' ਅਤੇ 'ਸਰਬੱਤ ਦਾ ਭਲਾ' ਦੇ ਫਲਸਫੇ ਤੋਂ ਪ੍ਰੇਰਤ ਪੰਜਾਬ ਮਾਡਲ ਸਾਂਝਾ ਕਰ ਰਿਹਾ ਹਾਂ। ਰਾਜੀਵ ਜੀ ਦਾ ਪੰਚਾਇਤ, ਸਥਾਨਕ ਸਰਕਾਰਾਂ ਨੂੰ ਮਜ਼ਬੂਤ ਕਰਨ ਦਾ ਨਜ਼ਰੀਆ। ਇਹ ਮਾਡਲ ਸਭ ਚੋਰਾਂ ਨੂੰ ਨੱਥ ਪਾਵੇਗਾ, ਪੰਜਾਬ ਵਿੱਚੋਂ ਮਾਫੀਏ ਦਾ ਖਾਤਮਾ ਕਰੇਗਾ ਅਤੇ ਲੋਕ ਭਲਾਈ ਲਈ ਪੰਜਾਬ ਦੇ ਖਜ਼ਾਨੇ ਨੱਕੋ-ਨੱਕ ਭਰੇਗਾ।

ਨਵਜੋਤ ਸਿੰਘ ਸਿੱਧੂ ਵੱਲੋਂ ਜਾਰੀ 13 ਸੂਤਰੀ ਪੰਜਾਬ ਮਾਡਲ ਵਿੱਚ ਪ੍ਰਸ਼ਾਸਨ ਸੁਧਾਰ, ਆਮਦਨ, ਕਿਸਾਨੀ, ਕਿਸਾਨ, ਔਰਤ ਸ਼ਕਤੀਕਰਨ, ਰੁਜ਼ਗਾਰ ਅਤੇ ਕਿਰਤ ਸੁਧਾਰ, ਸਿਹਤ ਸੰਭਾਲ, ਅਧਿਆਪਕ, ਸਿੱਖਿਆ, ਉਦਯੋਗ, ਹੁਨਰ ਅਤੇ ਉਦਮਤਾ, ਕਾਨੂੰਨ ਵਿਵਸਥਾ, ਡਿਜੀਟਲ ਪੰਜਾਬ, ਵਾਤਾਵਰਣ ਅਤੇ ਨਾਗਰਿਕ ਸਹੂਲਤਾਂ, ਸਮਾਜ ਭਲਾਈ ਆਦਿ ਨੁਕਤੇ ਸ਼ਾਮਲ ਹਨ।

# ਨਾਜਾਇਜ਼ ਮਾਈਨਿੰਗ ਦੇ ਕੇਸ ਵਿੱਚ ਮੁੱਖ ਮੰਤਰੀ ਚੰਨੀ ਨੂੰ ਕਲੀਨ ਚਿੱਟ

## * ਗਵਰਨਰ ਵੱਲੋਂ ਕਰਵਾਈ ਜਾਂਚ ਬੇਲੋੜੀ ਨਿਕਲੀ

ਰੂਪਨਗਰ, 13 ਫਰਵਰੀ (ਪੋਸਟ ਬਿਊਰੋ)- ਮੁੱਖ ਮੰਤਰੀ ਦੇ ਹਲਕੇ ਸ੍ਰੀ ਚਮਕੌਰ ਸਾਹਿਬ ਵਿੱਚ ਨਾਜਾਇਜ਼ ਮਾਈਨਿਗ ਦੇ ਕੇਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਨੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਕਲੀਨ ਚਿੱਟ ਦੇ ਦਿੱਤੀ ਹੈ।



ਵਰਨਣ ਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਆਗੂ ਰਾਘਵ ਚੱਢਾ ਨੇ ਗਵਰਨਰ ਬਨਵਾਰੀ ਲਾਲ ਪੁਰੋਹਿਤ 24 ਜਨਵਰੀ ਨੂੰ ਮੰਗ ਪੱਤਰ ਦੇ ਕੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਹਲਕੇ ਦੇ ਪਿੰਡ ਜ਼ਿੰਦਾਪੁਰ ਵਿੱਚ ਹੁੰਦੀ ਨਾਜਾਇਜ਼ ਮਾਈਨਿੰਗ ਦਾ ਮੁੱਦਾ ਚੁੱਕਿਆ ਅਤੇ ਜਾਂਚ ਦੀ ਮੰਗ ਕੀਤੀ ਸੀ। ਗਵਰਨਰ ਨੇ ਪੰਜਾਬ ਪੁਲਸ ਦੇ ਡੀ ਜੀ ਪੀ ਨੂੰ ਇਸ ਕੇਸਦੀ ਜਾਂਚ ਲਈ ਨਿਰਦੇਸ਼ ਦਿੱਤੇ ਸਨ। ਇਸ ਬਾਰੇ ਐਡੀਸ਼ਨਲ ਡੀ ਜੀ ਪੀ-ਕਮ-ਇਨਫੋਰਸਮੈਂਟ ਡਾਇਰੈਕਟਰ ਮਾਈਨਿੰਗ ਪੰਜਾਬ ਨੂੰ ਜ਼ਿਲਾ ਰੂਪਨਗਰ ਦੀ ਡਿਪਟੀ ਕਮਿਸ਼ਨਰ ਸੋਨਾਲੀ ਗਿਰੀ ਨੇ ਰਿਪੋਰਟ ਦਿੱਤੀ ਹੈ ਕਿ ਜ਼ਿੰਦਾਪੁਰ ਪਿੰਡ ਵਿੱਚ ਨਾਜਾਇਜ਼ ਮਾਈਨਿੰਗ ਨਹੀਂ ਹੋਈ ਤੇ ਨਾ ਮੁੱਖ ਮੰਤਰੀ ਦੇ ਰਿਸ਼ਤੇਦਾਰਾਂ ਦੀ ਭੂਮਿਕਾ ਦੀ ਕੋਈ ਵੀ ਸ਼ਿਕਾਇਤ ਜਾਂ ਰਿਪੋਰਟ ਮਿਲੀ ਹੈ। ਪ੍ਰਸ਼ਾਸਨ ਨੇ ਜੰਗਲਾਤ ਦੀ ਜ਼ਮੀਨ ਉੱਤੇ ਨਾਜਾਇਜ਼ ਮਾਈਨਿੰਗ, ਫਾਰੈਸਟ ਅਧਿਕਾਰੀ ਦੇ ਤਬਾਦਲੇ ਅਤੇ ਮੁੱਖ ਮੰਤਰੀ ਦੇ ਰਿਸ਼ਤੇਦਾਰਾਂ ਦੀ ਭੂਮਿਕਾ ਦੀ ਜਾਂਚ ਕੀਤੀ ਹੈ।

ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਉੱਤੇ ਚਾਰ ਦਸੰਬਰ ਨੂੰ ਆਮ ਆਦਮੀ ਪਾਰਟੀ ਦੇ ਆਗੂ ਨੇ ਨਾਜਾਇਜ਼ ਮਾਈਨਿੰਗ ਨੂੰ ਸਰਪ੍ਰਸਤੀ ਦੇਣ ਦਾ ਦੋਸ਼ ਲਾਇਆ ਸੀ ਅਤੇ ਜੰਗਲਾਤ ਰੇਂਜ ਅਫਸਰ ਰਾਜਵੰਤ ਸਿੰਘ ਨੇ ਐਸ ਐਚ ਓ ਸ੍ਰੀ ਚਮਕੌਰ ਸਾਹਿਬ ਨੂੰ 18 ਨਵੰਬਰ 2021 ਨੂੰ ਪੱਤਰ ਲਿਖਿਆ ਸੀ, ਜਿਸ ਵਿੱਚ ਇਕਬਾਲ ਸਿੰਘ ਅਤੇ ਕੁਝ ਅਣਪਛਾਤੇ ਲੋਕਾਂ ਉੱਤੇ ਦੋਸ਼ ਲਾਇਆ ਗਿਆ ਸੀ ਕਿ ਉਹ ਪੋਕ-ਲੇਨ ਮਸ਼ੀਨਾਂ ਨਾਲ ਸਰਕਾਰੀ ਜੰਗਲਾਤ ਵਿਭਾਗ ਦੀ ਜ਼ਮੀਨ ਵਿੱਚੋਂ ਸਤਲੁਜ ਦਰਿਆ ਨੇੜੇ ਰੇਤ ਚੁੱਕ ਰਹੇ ਹਨ। ਇਸ ਨਾਜਾਇਜ਼ ਮਾਈਨਿੰਗ ਕਾਰਨ 530 ਸਪਲਿੰਗਾਂ ਨੁਕਸਾਨੀਆਂ ਗਈਆਂ ਹਨ। ਰਾਜਵੰਤ ਸਿੰਘ ਨੇ ਅਜਿਹਾ ਪੱਤਰ ਚਮਕੌਰ ਸਾਹਿਬ ਦੇ ਐਸ ਡੀ ਐਮ ਨੂੰ 22 ਨਵੰਬਰ ਨੂੰ ਵੀ ਲਿਖ ਕੇ ਕਿਹਾ ਸੀ ਕਿ ਉਸ ਦੀ ਸ਼ਿਕਾਇਤ ਉੱਤੇ ਪੁਲਸ ਨੇ ਕਾਰਵਾਈ ਨਹੀਂ ਕੀਤੀ।

# ਸ਼੍ਰੋਮਣੀ ਕਮੇਟੀ ਮੈਂਬਰ ਸੁਰਜੀਤ ਸਿੰਘ ਗੜ੍ਹੀ ਭਾਜਪਾ ਵਿੱਚ ਸ਼ਾਮਲ



ਪਟਿਆਲਾ, 13 ਫਰਵਰੀ (ਪੋਸਟ ਬਿਊਰੋ)- ਅਕਾਲੀ ਦਲ ਨੂੰ ਭਾਰਤੀ ਜਨਤਾ ਪਾਰਟੀ ਨੇ ਜ਼ਿਲ੍ਹਾ ਪਟਿਆਲਾ ਵਿੱਚ ਉਸ ਸਮੇਂ ਵੱਡਾ ਝਟਕਾ ਦਿੱਤਾ ਜਦੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਾਰਜਕਾਰਨੀ ਮੈਂਬਰ ਸੁਰਜੀਤ ਸਿੰਘ ਗੜ੍ਹੀ ਭਾਜਪਾ ਦੇ ਕੌਮੀ ਪ੍ਰਧਾਨ ਜੇ ਪੀ ਨੱਢਾ ਅਤੇ ਰੋਹਤਕ ਤੋਂ ਭਾਜਪਾ ਪਾਰਲੀਮੈਂਟ ਮੈਂਬਰ ਅਰਵਿੰਦ ਸ਼ਰਮਾ ਦੀ ਅਗਵਾਈ ਹੇਠ ਭਾਜਪਾ ਵਿੱਚ ਸ਼ਾਮਲ ਹੋ ਗਏ। ਨੱਢਾ ਅਤੇ ਸ਼ਰਮਾ ਨੇ ਉਨ੍ਹਾਂ ਦੇ ਗਲ ਭਾਜਪਾ ਦਾ ਪਟਕਾ ਪਾ ਕੇ ਪਾਰਟੀ ਵਿੱਚ ਸ਼ਾਮਲ ਕੀਤਾ ਹੈ।

ਵਰਨਣ ਯੋਗ ਹੈ ਕਿ ਸੁਰਜੀਤ ਸਿੰਘ ਗੜ੍ਹੀ ਦਾ ਜ਼ਿਲ੍ਹਾ ਪਟਿਆਲਾ ਅਤੇ ਖਾਸ ਕਰ ਕੇ ਰਾਜਪੁਰਾ ਅਤੇ ਘਨੌਰ ਵਿਧਾਨ ਸਭਾ ਹਲਕਿਆਂ ਦੇ ਰਾਜਪੂਤ ਸਿੱਖ ਭਾਈਚਾਰੇ ਉੱਤੇ ਵੱਡਾ ਅਸਰ ਹੈ। ਉਹ ਸਿੱਖ ਰਾਜਪੂਤ ਭਾਈਚਾਰੇ ਵਿੱਚੋਂ ਹਨ ਅਤੇ ਦੋਵਾਂ ਹਲਕਿਆਂ ਵਿੱਚ ਸਿੱਖ ਰਾਜਪੂਤ ਭਾਈਚਾਰੇ ਦੀ ਗਿਣਤੀ ਹਜ਼ਾਰਾਂ ਵਿੱਚ ਹੈ। ਜੇ ਪੀ ਨੱਢਾ ਅਤੇ ਅਰਵਿੰਦ ਸ਼ਰਮਾ ਨੇ ਕਿਹਾ ਕਿ ਸੁਰਜੀਤ ਸਿੰਘ ਗੜ੍ਹੀ ਨੂੰ ਭਾਰਤੀ ਜਨਤਾ ਪਾਰਟੀ ਵਿੱਚ ਵੱਡਾ ਅਹੁਦਾ ਦੇ ਕੇ ਨਿਵਾ-ਜਆ ਜਾਵੇਗਾ। ਇਸ ਤੋਂ ਪਹਿਲਾਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਭਾਜਪਾ ਵਿੱਚ ਸ਼ਾਮਲ ਹੋਏ ਸਨ।

# ਡਿੰਪੇ ਦਾ ਹਰੀਸ਼ ਚੌਧਰੀ ਉਤੇ ਨਿਸ਼ਾਨਾ: ਨਾਂਅ ਲਏ ਬਿਨਾਂ 'ਠੱਗ ਆਫ ਬਾੜਮੇਰ' ਕਿਹਾ

ਜਲੰਧਰ, 13 ਫਰਵਰੀ (ਪੋਸਟ ਬਿਊਰੋ)- ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਵਿੱਚ ਸਿਰਫ ਇੱਕ ਹਫਤਾ ਰਹਿ ਗਿਆ ਹੈ, ਪਰ ਇਸ ਮੌਕੇ ਵੀ ਕਾਂਗਰਸ ਦੇ ਅੰਦਰ ਛਿੜੀ ਲੜਾਈ ਰੁਕਣ ਦੀ ਥਾਂ ਹੋਰ ਤੇਜ਼ ਹੁੰਦੀ ਜਾ ਰਹੀ ਹੈ।

ਕੱਲ੍ਹ ਪੰਜਾਬ ਕਾਂਗਰਸ ਵਿੱਚ ਨਾਰਾਜ਼ ਚੱਲ ਰਹੇ ਖਡੂਰ ਸਾਹਿਬ ਤੋਂ ਪਾਰਲੀਮੈਂਟ ਮੈਂਬਰ ਜਸਬੀਰ ਸਿੰਘ ਡਿੰਪਾ ਨੇ ਇੱਕ ਹੋਰ ਧਮਾਕਾ ਕਰਨ ਵਾਲਾ ਟਵੀਟ ਕੀਤਾ ਅਤੇ ਬਿਨਾਂ ਨਾਂਅ ਲਏ ਸੂਬਾ ਇੰਚਾਰਜ ਹਰੀਸ਼ ਚੌਧਰੀ ਨੂੰ ਨਿਸ਼ਾਨੇ ਉੱਤੇ ਰੱਖ ਲਿਆ।ਉਨ੍ਹਾਂ ਨੇ ਕੰਪੇਨਿੰਗ ਕਮੇਟੀ ਦੇ ਚੇਅਰਮੈਨ ਸੁਨੀਲ ਜਾਖੜ ਦੀ ਖਬਰ ਨੂੰ ਰੀ-ਟਵੀਟ ਕਰ ਕੇ ਕਿਹਾ: ਬਿਲਕੁਲ ਠੀਕ ਕਿਹਾ ਸੁਨੀਲ ਜਾਖੜ ਨੇ ਕਿ ਗੈਰ-ਪਰਿਪੱਕ, ਭ੍ਰਿਸ਼ਟ ਲੋਕ 'ਠੱਗ ਆਫ ਬਾੜਮੇਰ' ਵਰਗੇ ਪੰਜਾਬ ਕਾਂਗਰਸ ਵਿੱਚ ਮੌਜੂਦਾ ਗੜਬੜੀ ਲਈ ਜ਼ਿੰਮੇਵਾਰ ਹਨ।

ਵਰਨਣ ਯੋਗ ਹੈ ਕਿ ਹਰੀਸ਼ ਚੌਧਰੀ ਰਾਜਸਥਾਨ ਦੇ ਬਾੜਮੇਰ ਜ਼ਿਲ੍ਹੇ ਦੇ ਵਾਸੀ ਹਨ ਅਤੇ ਉਥੇ ਬਾਇਤੂ ਸੀਟ ਤੋਂ ਕਾਂਗਰਸ ਦੇ ਵਿਧਾਇਕ ਹਨ।ਜਸਬੀਰ ਸਿੰਘ ਡਿੰਪਾ ਆਪਣੇ ਭਰਾ ਰਾਜਨ ਗਿੱਲ ਅਤੇ ਬੇਟੇ ਉਪਦੇਸ਼ ਗਿੱਲ ਨੂੰ ਟਿਕਟ ਨਾ ਦਿੱਤੇ ਜਾਣ ਤੋਂ ਨਾਰਾਜ ਹਨ। ਕਾਂਗਰਸ ਨੇ ਖਡੂਰ ਸਾਹਿਬ ਤੋਂ ਤੀਸਰੀ ਵਾਰ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੂੰ ਮੈਦਾਨ ਵਿੱਚ ਉਤਾਰਿਆ ਹੈ।ਇੱਕ ਦਿਨ ਪਹਿਲਾਂ ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਕਾਂਗਰਸ ਦੀ ਸੀਨੀਅਰ ਨੇਤਾ ਅੰਬਿਕਾ ਸੋਨੀ ਉੱਤੇ ਹਮਲਾ ਬੋਲਿਆ ਸੀ। ਇਸ ਖਬਰ ਨੂੰ ਡਿੰਪਾ ਨੇ ਰੀ-ਟਵੀਟ ਕਰ ਕੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ।

Steinmetz & Associates

PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?

ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੇ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੌਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust

You only pay upon settlement

GURSHARAN BOBBY SIDHU
647.539.3020

1450 Meyerside Drive, Suite 308, Mississauga
2 OFFICES TO SERVE YOU
55 St. Clair Ave., West, Toronto

email: bsidhu@steinmetzlawyers.ca website: www.steinmetzlawyers.ca

# ਵਿਧਾਨ ਸਭਾ ਹਲਕਿਆਂ ਵਿੱਚ ਪ੍ਰਚਾਰ ਲਈ ਚੰਨੀ ਦੀ ਡਿਮਾਂਡ ਵਧੀ

## * ਮਜੀਠੀਆ ਦੇ ਕਾਰਨ ਨਵਜੋਤ ਸਿੱਧੂ ਆਪਣੇ ਹਲਕੇ 'ਚ ਫਸ ਕੇ ਰਹਿ ਗਏ

ਚੰਡੀਗੜ੍ਹ, 13 ਫਰਵਰੀ (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਦੇ ਚੋਣ ਪ੍ਰਚਾਰ ਵਿੱਚ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਡਿਮਾਂਡ ਕਾਂਗਰਸ ਉਮੀਦਵਾਰਾਂ ਵੱਲੋਂ ਸਭ ਤੋਂ ਵੱਧ ਹੈ। ਸਾਲ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿਸ ਤਰੀਕੇ ਨਾਲ ਉਮੀਦਵਾਰਾਂ ਵਿੱਚ ਕੈਪਟਨ ਅਮਰਿੰਦਰ ਸਿੰਘ ਦੀ ਡਿਮਾਂਡ ਸੀ, ਉਹੀ ਡਿਮਾਂਡ ਅੱਜਕੱਲ੍ਹ ਚੰਨੀ ਦੀ ਹੈ।



ਕਾਂਗਰਸ ਪਾਰਟੀ ਦੇ ਸਟਾਰ ਪ੍ਰਚਾਰਕ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਆਪਣੇ ਹਲਕੇ ਅੰਮ੍ਰਿਤਸਰ ਪੂਰਬੀ ਵਿੱਚ ਬੁਰੀ ਤਰ੍ਹਾਂ ਫਸ ਕੇ ਰਹਿ ਗਏ ਅਤੇ ਬਾਕੀ ਉਮੀਦਵਾਰਾਂ ਲਈ ਸਮਾਂ ਨਹੀਂ ਕੱਢ ਰਹੇ। ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਆਪਣੇ ਹਲਕੇ ਸ੍ਰੀ ਚਮਕੌਰ ਸਾਹਿਬ ਦੇ ਨਾਲ ਭਦੌੜ ਤੋਂ ਵੀ ਚੋਣ ਮੈਦਾਨ ਵਿੱਚ ਹਨ। ਦੋਵਾਂ ਹਲਕਿਆਂ ਵਿੱਚ ਪ੍ਰਚਾਰ ਦੇ ਨਾਲ ਉਹ ਹੋਰ ਉਮੀਦਵਾਰਾਂ ਦੀ ਸਥਿਤੀ ਮਜ਼ਬੂਤ ਕਰਨ ਲਈ ਉਨ੍ਹਾਂ ਦੇ ਹਲਕਿਆਂ ਵਿੱਚ ਵੀ ਚੋਣ ਪ੍ਰਚਾਰ ਲਈ ਲਗਾਤਾਰ ਸਮਾਂ ਕੱਢਦੇ ਹਨ। ਸਵੇਰ ਤੋਂ ਦੇਰ ਰਾਤ ਤਕ ਕੰਮ-ਕਾਜ ਨਿਪਟਾਉਣ ਲਈ ਜਾਣੇ ਜਾਂਦੇ ਚਰਨਜੀਤ ਸਿਮਘ ਚੰਨੀ ਦਾ ਪੂਰਾ ਧਿਆਨ ਆਪਣੇ ਦੋਵਾਂ ਹਲਕਿਆਂ ਦੇ ਨਾਲ ਪਾਰਟੀ ਉਮੀਦਵਾਰਾਂ ਦੇ ਹਲਕਿਆਂ ਉੱਤੇ ਵੀ ਹੈ। ਉਹ ਮਾਝੇ ਦੇ ਕਈ ਹਲਕਿਆਂ ਵਿੱਚ ਵੀ ਪ੍ਰਚਾਰ ਕਰ ਚੁੱਕੇ ਹਨ। ਪਾਰਟੀ ਨੇ ਰਾਸ਼ਟਰੀ ਨੇਤਾਵਾਂ ਨੂੰ ਪ੍ਰਚਾਰ ਲਈ ਚੋਣ ਮੈਦਾਨ ਵਿੱਚ ਉਤਾਰਿਆ ਹੈ, ਪਰ ਦਿਹਾਤੀ ਇਲਾਕਿਆਂ ਵਿੱਚ ਭਾਸ਼ਾ ਦੀ ਦਿੱਕਤ ਆਉਣ ਕਾਰਨ ਕਾਂਗਰਸ ਦੇ ਰਾਸ਼ਟਰੀ ਨੇਤਾ ਕੋਈ ਕਮਾਲ ਨਹੀਂ ਦਿਖਾ ਰਹੇ। ਅਜਿਹੇ ਵਿੱਚ ਪ੍ਰਚਾਰ ਲਈ ਨਾ ਸਿਰਫ ਚੰਨੀ ਦੀ ਡਿਮਾਂਡ ਵਧ ਰਹੀ ਹੈ, ਬਲਕਿ ਉਨ੍ਹਾਂ ਨੂੰ ਦੇਖਣ ਲਈ ਲੋਕਾਂ ਦਾ ਭਾਰੀ ਹਜੂਮ ਉਮੜ ਰਿਹਾ ਹੈ।

ਦੂਜੇ ਪਾਸੇ ਅਕਾਲੀ ਦਲ ਨੇ ਸੋਚੀ ਸਮਝੀ ਰਣਨੀਤੀ ਤਹਿਤ ਨਵਜੋਤ ਸਿੰਘ ਸਿੱਧੂ ਨੂੰ ਉਸ ਦੇ ਹਲਕੇ ਵਿੱਚ ਬੁਰੀ ਤਰ੍ਹਾਂ ਬੰਨ੍ਹ ਦਿੱਤਾ ਹੈ। ਕਾਂਗਰਸ ਦੇ ਰਾਸ਼ਟਰੀ ਬੁਲਾਰੇ ਪਵਨ ਖੇੜਾ ਨੇ ਕਿਹਾ ਕਿ ਇਹ ਹਰ ਵੱਡੇ ਨੇਤਾ ਨਾਲ ਹੁੰਦਾ ਹੈ। ਮੁੱਖ ਮੰਤਰੀ ਚੰਨੀ ਇੱਕ ਅਜਿਹੇ ਵਰਗ ਦੀ ਅਗਵਾਈ ਕਰਦੇ ਹਨ ਜਿਸ ਨੂੰ ਸਾਲਾਂ ਤਕ ਵਾਂਝਾ ਰਹਿਣਾ ਪਿਆ ਹੈ ਅਤੇ ਕਾਂਗਰਸ ਹਰ ਉਸ ਵਰਗ ਨੂੰ ਤਾਕਤ ਦੇਣ ਵਿੱਚ ਯਕੀਨ ਰੱਖਣ ਦੀ ਕੋਸ਼ਿਸ਼ ਵਿੱਚ ਰਹਿੰਦੀ ਹੈ।

# ਲੰਬੀ ਹਲਕੇ ਵਿੱਚ 1977 ਤੋਂ ਬਾਦਲਾਂ ਦੀ ਸਰਦਾਰੀ ਰਹੀ

ਲੰਬੀ, 13 ਫਰਵਰੀ (ਪੋਸਟ ਬਿਊਰੋ)- ਜ਼ਿਲਾ ਮੁਕਤਸਰ ਸਾਹਿਬ ਵਿਚਲੇ ਲੰਬੀ ਵਿਧਾਨ ਸਭਾ ਹਲਕੇ ਉੱਤੇ ਸਾਲ 1977 ਵਿੱਚ ਅਕਾਲੀ ਦਲ ਦੀ ਸਿਆਸੀ ਸਰਦਾਰੀ ਕਾਇਮ ਹੋਈ ਸੀ। ਉਸ ਪਿੱਛੋਂ ਪਿਛਲੇ 45 ਸਾਲਾਂ ਤੋਂ ਲੰਬੀ ਹਲਕੇ ਵਿੱਚ ਅਕਾਲੀ ਦਲ ਦਾ ਕਰੀਬ ਔਸਤਨ 54 ਫੀਸਦੀ ਵੋਟਾਂ ਉੱਤੇ ਸਿਆਸੀ ਵਜੂਦ ਲਗਾਤਾਰ ਕਾਇਮ ਹੈ।ਲੰਬੀ ਵਿੱਚ 2017 ਵਿੱਚ ਸਾਬਕਾ ਮੁੱਖ ਮੰਤਰੀ ਅਮਰਿੰਦਰ ਸਿੰਘ ਵੀ ਪੂਰੀ ਵਾਹ ਲਾਉਣ ਦੇ ਬਾਵਜੂਦ ਅਕਾਲੀ ਦਲ ਦੇ 50 ਫੀਸਦੀ ਵੋਟਾਂ ਤੋਂ ਵੱਧ ਵਾਲੇ ਮਾਅਰਕੇ ਨੂੰ 49.95 ਫੀਸਦੀ ਵੋਟਾਂ ਤੋਂ ਡੇਗ ਨਹੀਂ ਸਕੇ ਸਨ।



ਅਸਲ ਵਿੱਚ ਲੰਬੀ ਦਾ ਪਹਿਲਾ ਸਿਆਸੀ ਅਖਾੜਾ 1962 ਦੀ ਉਪ ਚੋਣ ਵਜੋਂ ਭਖਿਆ ਸੀ, ਜਦੋਂ ਕਾਂਗਰਸ ਦੇ ਉਮੀਦਵਾਰ ਉਜਾਗਰ ਸਿੰਘ ਨੇ ਅਕਾਲੀ ਦਲ ਦੇ ਤੇਜਾ ਸਿੰਘ ਨੂੰ 11 ਵੋਟਾਂ ਦੇ ਫਰਕ ਨਾਲ ਹਰਾਇਆ ਸੀ। ਸਾਲ 1977 ਵਿੱਚ ਐਮਰਜੈਂਸੀ ਲੱਗਣ ਮਗਰੋਂ ਲੰਬੀ ਹਲਕੇ ਦੀ ਕਮਾਨ ਬਾਦਲ ਪਰਵਾਰ ਦੇ ਹੱਥ ਆ ਗਈ ਅਤੇ 1977 ਵਿੱਚ ਪ੍ਰਕਾਸ਼ ਸਿੰਘ ਬਾਦਲ ਦੇ ਛੋਟੇ ਭਰਾ ਗੁਰਦਾਸ ਸਿੰਘ ਬਾਦਲ ਨੇ ਅਕਾਲੀ ਦਲ ਦੀ ਟਿਕਟ ਉੱਤੇ 55.51 ਫੀਸਦੀ ਵੋਟਾਂ ਨਾਲ ਕਾਂਗਰਸ ਪਾਰਟੀ ਦੇ ਗੁਰਦਰਸ਼ਨ ਸਿੰਘ ਨੂੰ ਹਰਾਇਆ ਸੀ। 1980 ਵਿੱਚ ਅਕਾਲੀ ਦਲ ਵੱਲੋਂ ਪ੍ਰਕਾਸ਼ ਸਿੰਘ ਬਾਦਲ ਦੇ ਚਚੇਰੇ ਭਰਾ ਹਰਦੀਪਇੰਦਰ ਸਿੰਘ ਬਾਦਲ ਨੇ ਅੱਜ ਤਕ ਸਭ ਤੋਂ ਵੱਧ ਫੀਸਦੀ 59.33 ਵੋਟਾਂ ਨਾਲ ਕਾਂਗਰਸ ਦੇ ਗੁਰਦਰਸ਼ਨ ਸਿੰਘ ਨੂੰ ਹਾਰ ਦਿੱਤੀ ਸੀ।ਸਾਲ 1997 ਵਿੱਚ ਪ੍ਰਕਾਸ਼ ਸਿੰਘ ਬਾਦਲ ਵੱਲੋਂ ਗਿੱਦੜਬਾਹਾ ਤੋਂ ਲੰਬੀ ਵੱਲ ਰੁਖ਼ ਕਰਨ ਨਾਲ ਇੱਥੋਂ ਦੀ ਸਿਆਸੀ ਫਿਜ਼ਾ ਵੱਕਾਰੀ ਹੋ ਗਈ। ਲੰਬੀ ਦੇ ਚੋਣ ਪਿੜ ਵਿੱਚ ਕਾਂਗਰਸ ਦੇ ਮਹੇਸ਼ਇੰਦਰ ਸਿੰਘ ਤੋਂ ਵੱਡੇ ਬਾਦਲ ਨੂੰ ਸਖਤ ਮੁਕਾਬਲਾ ਮਿਲਿਆ ਤਾਂ ਇਸ ਪਰਵਾਰ ਨੂੰ 51.4 ਫੀਸਦੀ ਵੋਟ ਮਿਲੇ। ਐਤਕੀਂ 2022 ਦੀ ਛੇਵੀਂ ਚੋਣ ਵਿੱਚ ਪ੍ਰਕਾਸ਼ ਸਿੰਘ ਬਾਦਲ ਦਾ ਮੁਕਾਬਲਾ ਆਮ ਆਦਮੀ ਪਾਰਟੀ ਕਾਂਗਰਸ, ਭਾਜਪਾ ਸਮੇਤ ਛੇ ਉਮੀਦਵਾਰਾਂ ਨਾਲ ਹੈ, ਪਰ ਸਿੱਧਾ ਮੁਕਾਬਲਾ ਆਮ ਆਦਮੀ ਪਾਰਟੀ ਨਾਲ ਜਾਪਦਾ ਹੈ।

# ਭਾਜਪਾ ਉਮੀਦਵਾਰ ਦੀ ਪਤਨੀ ਵੱਲੋਂ ਅਕਾਲੀਆਂ ਉੱਤੇ ਗੰਭੀਰ ਦੋਸ਼

## *ਬਿਕਰਮ ਮਜੀਠੀਆ ਦੇ ਖਿਲਾਫ ਪਰਿਵਾਰ ਸਮੇਤ ਧਰਨਾ

ਅੰਮ੍ਰਿਤਸਰ, 13 ਫਰਵਰੀ (ਪੋਸਟ ਬਿਊਰੋ)- ਅੰਮ੍ਰਿਤਸਰ ਪੂਰਬੀ ਹਲਕੇ ਤੋਂ ਭਾਜਪਾ ਉਮੀਦਵਾਰ ਅਤੇ ਸਾਬਕਾ ਆਈ ਏ ਐਸ ਡਾਕਟਰ ਜਗਮੋਹਨ ਸਿੰਘ ਰਾਜੂ ਨੇ ਵਿਰੋਧੀ ਉਮੀਦਵਾਰ ਤੋਂ ਆਪਣੀ ਅਤੇਆਪਣੇ ਪਰਵਾਰ ਨੂੰ ਜਾਨ ਦਾ ਖਤਰਾ ਦੱਸਿਆ ਅਤੇ ਰੋਸ ਪ੍ਰਗਟ ਕੀਤਾ ਹੈ।

ਡਾਕਟਰ ਰਾਜੂ ਕੱਲ੍ਹ ਆਪਣੀ ਪਤਨੀ ਅਨੂ, ਧੀ ਤੇ ਭਾਜਪਾ ਨੇਤਾਵਾਂ ਨਾਲ ਹਾਲ ਗੇਟ ਉੱਤੇ ਧਰਨੇ ਉੱਤੇ ਬੈਠ ਗਏ। ਉਨ੍ਹਾ ਨੇ ਦੋਸ਼ ਲਾਇਆ ਕਿ ਅਕਾਲੀਉਮੀਦਵਾਰ ਬਿਕਰਮ ਸਿੰਘ ਮਜੀਠੀਆ ਦੇ ਗੁੰਡੇ ਉਨ੍ਹਾਂ ਦੇ ਪਰਵਾਰ ਨੂੰ ਧਮਕੀਆਂ ਦੇ ਰਹੇ ਹਨ। ਕੱਲ੍ਹ ਸਵੇਰੇ ਕਰੀਬ ਸਵਾ ਗਿਆਰਾਂ ਵਜੇ ਉਨ੍ਹਾਂ ਦੀ ਪਤਨੀ ਅਨੂ ਏਅਰਪੋਰਟ ਰੋਡ ਤੋਂ ਕਾਰ ਉੱਤੇ ਅੰਮ੍ਰਿਤਸਰ ਜਾ ਰਹੀ ਸੀ ਤਾਂ ਇਸ ਦੌਰਾਨ ਰਸਤੇ ਵਿੱਚ ਕਾਰ ਸਵਾਰ ਕੁਝ ਗੁੰਡਿਆਂ ਨੇ ਉਨ੍ਹਾਂ ਦੀ ਕਾਰ ਰੋਕੀ ਤੇ ਉਨ੍ਹਾਂ ਦੀ ਪਤਨੀ ਦੇ ਗਲੇ ਤੋਂ ਦੁਪੱਟਾ ਖਿੱਚ ਲਿਆ।ਅਨੂ ਦੇ ਦੱਸਣ ਅਨੁਸਾਰ ਉਹ ਅਚਾਨਕ ਹੋਏ ਹਮਲੇ ਨਾਲ ਸਹਿਮ ਗਈ। ਇਨ੍ਹਾਂ ਗੁੰਡਿਆਂ ਨੇ ਡਰਾਈਵਰ ਨੂੰ ਧਮਕਾਇਆ ਕਿ ਉਹ ਕਾਰ ਵਿੱਚੋਂ ਬਾਹਰ ਨਿਕਲ ਜਾਵੇ। ਅਨੂ ਨੇ ਦੱਸਿਆ ਕਿ ਉਸ ਵਕਤ ਉਹ ਚੋਣ ਆਬਜ਼ਰਵਰ ਨਾਲ ਫੋਨ ਉੱਤੇ ਗੱਲ ਕਰ ਰਹੇ ਸੀ। ਏਅਰਪੋਰਟ ਰੋਡ ਉੱਤੇ ਜੋ ਕੁਝ ਹੋਇਆ, ਉਹ ਚੋਣ ਆਬਜ਼ਰਵਰ ਨੇ ਵੀ ਸੁਣਿਆ। ਇਹ ਗਨੀਮਤ ਸੀ ਕਿ ਡਰਾਈਵਰ ਨੇ ਫੁਰਤੀ ਵਿਖਾਈ ਅਤੇ ਕਾਰ ਕੱਢ ਲਈ। ਸ਼ਾਮ ਨੂੰ ਉਹ ਆਪਣੀ ਧੀ ਤੇ ਨੂੰਹ ਨਾਲ ਮੋਹਕਮ-ਪੁਰਾ ਇਲਾਕੇ ਵਿੱਚ ਚੋਣ ਪ੍ਰਚਾਰ ਕਰ ਰਹੇ ਅਤੇ ਗਲੀਆਂ ਵਿੱਚ ਸਟਿੱਕਰ ਲਗਾ ਰਹੇ ਸਨ। ਉਦੋਂ ਵੀ ਚਾਰ ਗੁੰਡੇ ਉਨ੍ਹਾਂ ਦਾ ਪਿੱਛਾ ਕਰ ਰਹੇ ਸਨ। ਕੁਝ ਦੂਰਕਾਰ ਵਿੱਚ ਬੈਠੇ ਉਨ੍ਹਾਂ ਦੇ ਡਰਾਈਵਰ ਨੂੰ ਗੁੰਡਿਆਂ ਨੇ ਧਮਕਾਇਆ ਅਤੇ ਕਾਰ ਦੀ ਚਾਬੀ ਖੋਹ ਲਈ। ਗੁੰਡਿਆਂ ਨੇ ਕਿਹਾ ਕਿ ਸਾਨੂੰ ਰੋਕਣ ਦੀ ਜੁਰਅੱਤ ਨਾ ਕਰਨਾ। ਉਦੋਂ ਉਥੇ ਇੱਕ ਏ ਐਸ ਆਈ ਆਇਆ ਤਾਂ ਗੁੰਡਿਆਂ ਨੇ ਉਸ ਨੂੰ ਵੀ ਧਮਕਾਇਆ।

ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਭਾਜਪਾ ਉਮੀਦਵਾਰ ਜਗਮੋਹਨ ਸਿੰਘ ਰਾਜੂ ਦੇ ਦੋਸ਼ਾਂ ਨੂੰ ਗਲਤ ਦੱਸਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਹੈ। ਰਾਜੂ ਮੇਰੇ ਲਈ ਆਦਰਯੋਗ ਹਨ, ਪਰ ਉਹ ਗਲਤ ਦੋਸ਼ ਲਾ ਰਹੇ ਹਨ। ਮੈਂ ਉਨ੍ਹਾਂ ਕੋਲ ਜਾ ਕੇ ਪਹਿਲਾਂ ਉਨ੍ਹਾਂ ਨੂੰ ਮਨਾਵਾਂਗਾ ਫਿਰ ਧਰਨੇ ਤੋਂ ਉਠਾਂਗਾ।

# ਕਾਂਗਰਸ ਦੀ ਅੰਦਰੂਨੀ ਸਿਆਸਤ ਪੱਖੋਂ ਨਤੀਜੇ ਵੀ ਅਹਿਮ ਹੋਣਗੇ

### * ਉਤਰਾਖੰਡ ਤੇ ਗੋਆ ਵਿੱਚ ਕਾਂਗਰਸ ਨੇ ਪੂਰਾ ਜ਼ੋਰ ਲਾਇਆ




ਨਵੀਂ ਦਿੱਲੀ, 13 ਫਰਵਰੀ (ਪੋਸਟ ਬਿਊਰੋ)- ਉਤਰਾਖੰਡ ਅਤੇ ਗੋਆ ਦੀਆਂ ਵਿਧਾਨ ਸਭਾ ਚੋਣਾਂ ਦੇ ਬਾਰੇ ਇਸ ਵਾਰ ਸਿਆਸੀ ਕਿਸਮਤ ਪਲਟਣ ਦੀ ਉਮੀਦ ਲਾ ਰਹੀ ਕਾਂਗਰਸ ਨੇ ਪ੍ਰਚਾਰ ਦੇ ਆਖਰੀ ਦੋ ਦਿਨਾਂ ਵਿੱਚ ਇਨ੍ਹਾਂ ਦੋਵਾਂ ਰਾਜਾਂ ਵਿੱਚ ਪੂਰਾ ਜ਼ੋਰ ਲਾਇਆ ਹੈ। ਸਾਬਕਾ ਕਾਂਗਰਸ ਪ੍ਰਧਾਨ ਰਾਹੁਲ ਗਾਂਧੀ ਨੇ ਬੀਤੇ ਦਿਨੀਂ ਵੋਟਾਂ ਦੇ ਆਖਰੀ ਦਿਨ ਅਤੇ ਪ੍ਰਿਅੰਕਾ ਗਾਂਧੀ ਨੇ ਵੀ ਉਤਰਾਖੰਡ ਵਿੱਚ ਤਿੰਨ ਅਹਿਮ ਥਾਵਾਂ ਉੱਤੇ ਚੋਣ ਰੈਲੀ ਕਰ ਕੇ ਪਾਰਟੀ ਦੇ ਪ੍ਰਚਾਰ ਕਰਨ ਵਿੱਚ ਅੰਤਿਮ ਜ਼ੋਰ ਲਾ ਦਿੱਤਾ। ਪੰਜਾਬ ਚੋਣਾਂ ਵਿੱਚ ਸੰਗਠਨ ਦੀ ਅੰਦਰੂਨੀ ਰੱਸਾਕਸ਼ੀ ਕਾਰਨ ਪਾਰਟੀ ਦੀਆਂ ਵਧਦੀਆਂ ਚੋਣ ਚੁਣੌਤੀਆਂ ਦਰਮਿਆਨ ਕਾਂਗਰਸ ਲਈ ਉਤਰਾਖੰਡ ਅਤੇ ਗੋਆ ਦੀਆਂ ਚੋਣਾਂ ਵਿੱਚ ਬਿਹਤਰ ਪ੍ਰਦਰਸ਼ਨ ਪਾਰਟੀ ਦੀ ਸਿਆਸਤ ਲਈ ਬੇਹੱਦ ਅਹਿਮ ਹੋ ਗਿਆ ਹੈ।

ਉੱਤਰ ਪ੍ਰਦੇਸ਼ ਦੀਆਂ ਚੋਣਾਂ ਵਿੱਚ ਭਾਜਪਾ ਅਤੇ ਸਮਾਜਵਾਦੀ ਪਾਰਟੀ ਵਿਚਾਲੇ ਮੁੱਖ ਮੁਕਾਬਲੇ ਵਿੱਚ ਕਾਂਗਰਸ ਆਪਣੇ ਲਈ ਤਸੱਲੀਬਖਸ਼ ਪ੍ਰਦਰਸ਼ਨ ਤੋਂ ਵੱਧ ਦੀ ਗੁੰਜਾਇਸ਼ ਨਹੀਂ ਦੇਖਦੀ। ਮਣੀਪੁਰ ਵਿੱਚ ਪਾਰਟੀ ਆਪਣੇ ਸਾਬਕਾ ਮੁੱਖ ਮੰਤਰੀ ਇਬੋਬੀ ਸਿੰਘ ਦੇ ਕ੍ਰਿਸ਼ਮੇ ਉੱਤੇ ਵੱਧ ਨਿਰਭਰ ਹੈ, ਪਰ ਸੂਬੇ ਵਿੱਚ ਅੰਦਰੂਨੀ ਖਿੱਚੋਤਾਣ ਪ੍ਰੇਸ਼ਾਨੀ ਵਧਾ ਰਹੀ ਹੈ।ਪੰਜਾਬ ਵਿੱਚ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਉਮੀਦਵਾਰ ਐਲਾਨ ਕਰਨ ਦੇ ਬਾਅਦ ਕਾਂਗਰਸ ਸੱਤਾ ਬਚਾਉਣ ਦੀ ਉਮੀਦ ਕਰ ਰਹੀ ਹੈ, ਪਰ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੀ ਉਦਾਸੀਨਤਾ ਪਾਰਟੀ ਦੀ ਚਿੰਤਾ ਵਧਾ ਰਹੀ ਹੈ। ਕਾਂਗਰਸ ਲੀਡਰਸ਼ਿਪ ਲਈ ਇਸ ਹਾਲਾਤ ਵਿੱਚ ਉਤਰਾਖੰਡ ਅਤੇ ਗੋਆ ਦੇ ਨਤੀਜੇ ਬੇਹੱਦ ਮਹੱਤਵਪੂਰਨ ਹਨ, ਕਿਉਂਕਿ ਪਾਰਟੀ ਦੀਆਂ ਸੰਗਠਨ ਚੋਣਾਂ ਮਾਰਚ ਤੋਂ ਸ਼ੁਰੂ ਹੋਣਗੀਆਂ। ਚੋਣਾਂ ਰਾਹੁਲ ਲਈ ਵਿਸ਼ੇਸ਼ ਰੂਪ ਤੋਂ ਮਾਇਨੇ ਰੱਖਦੀਆਂ ਹਨ। ਪੰਜਾਬ ਦੀ ਸੱਤਾ ਬਚਾਉਂਦੇ ਹੋਏ ਕਾਂਗਰਸ ਉਤਰਾਖੰਡ ਤੇ ਗੋਆ ਵਿੱਚ ਜਿੱਤ ਹਾਸਲ ਕਰਦੀ ਹੈ ਤਾਂ ਸੀਨੀਅਰ ਨੇਤਾਵਾਂ ਲਈ ਵਿਰੋਧ ਦੇ ਸੁਰ ਨੂੰ ਅੱਗੇ ਵਧਾਉਣਾ ਮੁਸ਼ਕਲ ਹੋਵੇਗਾ।

### ਟੈਸਲਾ ਬਾਰੇ ਗਡਕਰੀ ਦੀ ਦੋ-ਟੁੱਕ:

# ਚੀਨ ਵਿੱਚ ਕਾਰ ਬਣਾ ਕੇ ਭਾਰਤ ਵਿੱਚ ਵੇਚਣ ਦਾ ਕੰਮ ਨਹੀਂ ਚੱਲੇਗਾ






ਨਵੀਂ ਦਿੱਲੀ, 13 ਫਰਵਰੀ (ਪੋਸਟ ਬਿਊਰੋ)- ਅਮਰੀਕੀ ਕਾਰ ਨਿਰਮਾਤਾ ਕੰਪਨੀ ਟੈਸਲਾ ਭਾਰਤ ਵਿੱਚ ਆਉਣ ਲਈ ਤਿਆਰ ਹੈ, ਪਰ ਇਸ ਬਾਰੇ ਕੇਂਦਰੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨੇ ਸਖਤ ਅਤੇ ਦੋ-ਟੁੱਕ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਟੈਸਲਾ ਦਾ ਭਾਰਤ ਵਿੱਚ ਸਵਾਗਤ ਹੈ, ਪਰ ਕੰਪਨੀ ਵੱਲੋਂ ਚੀਨ ਵਿੱਚ ਗੱਡੀਆਂ ਬਣਾ ਕੇ ਭਾਰਤ ਵਿੱਚ ਵੇਚਣ ਦੀ ਧਾਰਨਾ ਪਚਣ ਵਾਲੀ ਨਹੀਂ, ਭਾਰਤ ਬਹੁਤ ਵੱਡਾ ਬਾਜ਼ਾਰ ਹੈ ਅਤੇ ਟੈਸਲਾ ਦਾ ਪਲਾਂਟ ਇੱਥੇ ਲੱਗਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਬਾਰੇ ਭਾਰਤ ਵਿੱਚ ਕੰਪਨੀ ਦੇ ਮੁਖੀ ਦੇ ਨਾਲ ਗੱਲਬਾਤ ਹੋਈ ਸੀ।

ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਕਿ ਭਾਰਤੀ ਆਟੋ-ਮੋਬਾਈਲ ਉਦਯੋਗ ਦਾ ਕਾਰੋਬਾਰ 7.5 ਲੱਖ ਕਰੋੜ ਰੁਪਏ ਦਾ ਹੈ। ਪੂਰੀ ਦੁਨੀਆ ਦੇ ਸਾਰੇ ਵੱਕਾਰੀ ਬ੍ਰਾਂਡ (ਬੀ ਐਮ ਡਬਲਿਊ, ਮਰਸੀਡੀਜ਼, ਹੁੰਡਾਈ, ਟੋਇਟਾ, ਵੋਲਵੋ, ਹੋਂਡਾ) ਇੱਥੇ ਕਾਰਾਂ ਬਣਾਉਂਦੇ ਹਨ। ਗਡਕਰੀ ਦੇ ਮੁਤਾਬਕ ਐਲਨ ਮਸਕ ਕਾਰ ਬਣਾਉਣ ਦਾ ਆਪਣਾ ਪਲਾਂਟ ਇੱਥੇ ਸ਼ੁਰੂ ਕਰ ਸਕਦੇ ਹਨ, ਇਸ ਲਈ ਉਨ੍ਹਾਂ ਨੂੰ ਸਭ ਤਰ੍ਹਾਂ ਦੇ ਸਹਾਇਕ ਜੰਤਰ ਮਿਲਣਗੇ। ਜੇ ਟੈਸਲਾ ਭਾਰਤ ਵਿੱਚ ਕਾਰਾਂ ਬਣਾ ਕੇ ਉਸ ਨੂੰ ਇੱਥੇ ਵੇਚਦੀ ਹੈ ਤਾਂ ਉਸ ਦੀ ਚੰਗੀ ਵਿਕਰੀ ਹੋਵੇਗੀ।ਗਡਕਰੀ ਨੇ ਕਿਹਾ ਕਿ ਅਗਲੇ ਦੋ ਸਾਲਾਂ ਵਿੱਚ ਇਲੈਕਟ੍ਰਾਨਿਕ ਵਾਹਨਾਂ ਦੀ ਮੈਨਿਊਫੈਕਚਰਿੰਗ ਦਾ ਵਾਧਾ ਹੁੰਦੇ ਹੀ ਇਲੈਕਟ੍ਰਿਕ ਟੂ, ਥ੍ਰੀ ਅਤੇ ਫੋਰ ਵ੍ਹੀਲਰ ਦੀਆਂ ਕੀਮਤਾਂ ਪੈਟਰੋਲ ਗੱਡੀਆਂ ਦੇ ਬਰਾਬਰ ਹੋ ਜਾਣਗੀਆਂ। ਦਿੱਲੀ, ਮੁੰਬਈ ਤੇ ਪੁਣੇ ਵਰਗੇ ਸ਼ਹਿਰਾਂ ਵਿੱਚ ਈ-ਗੱਡੀਆਂ ਦਾ ਰੁਝਾਨ ਵਧਿਆ ਹੈ।ਭਾਰਤ ਵਿੱਚ ਲਿਥੀਅਮ ਆਇਨ ਬੈਟਰੀ ਵੀ ਬਣ ਰਹੀ ਹੈ ਅਤੇ ਦੇਸ਼ ਗਰੀਨ ਹਾਈਡਰੋਜਨ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹੀ ਭਵਿੱਖ ਦਾ ਤੇਲ ਹੈ ਅਤੇ ਇਸ ਨੂੰ ਪੂਰੀ ਦੁਨੀਆ ਵਿੱਚ ਭੇਜਣਾ ਹੈ। ਭਾਰਤ ਅੱਠ ਲੱਖ ਕਰੋੜ ਰੁਪਏ ਦੇ ਕੱਚੇ ਤੇਲ, ਗੈਸ ਅਤੇ ਪੈਟਰੋਲੀਅਮ ਦੀ ਦਰਾਮਦ ਕਰ ਰਿਹਾ ਹੈ।

## ਰਿਸ਼ਵਤਖੋਰ ਰੇਲਵੇ ਅਧਿਕਾਰੀ ਨੂੰ ਸੀ ਬੀ ਆਈ ਨੇ ਫੜਿਆ, 1.22 ਕਰੋੜ ਰੁਪਏ ਬਰਾਮਦ

ਨਵੀਂ ਦਿੱਲੀ, 13 ਫਰਵਰੀ (ਪੋਸਟ ਬਿਊਰੋ)- ਸੀ ਬੀ ਆਈ ਨੇ ਚਿਤਰੰਜਨ ਲੋਕੋਮੋਟਿਵ ਵਰਕਸ ਦੇ ਚੇਅਰਮੈਨ ਅਤੇ ਚੀਫ ਮਟੀਰੀਅਲ ਮੈਨੇਜਰ ਰਵੀ ਸ਼ੇਖਰ ਸਿਨਹਾ ਨੂੰ 1.80 ਲੱਖ ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਵੱਖ-ਵੱਖ ਟਿਕਾਣਿਆਂ ਦੀ ਤਲਾਸ਼ੀ ਤੋਂ 1.22 ਕਰੋੜ ਰੁਪਏ ਬਰਾਮਦ ਕੀਤੇ ਹਨ।

ਸੀ ਬੀ ਆਈ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੇਸ ਵਿੱਚ ਸਿਨਹਾ ਦੇ ਇਲਾਵਾ ਪੰਜ ਹੋਰਨਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਾਲ ਵਿਛਾ ਕੇ ਚਲਾਈ ਮੁਹਿੰਮ ਵਿੱਚ ਇਸ ਗ੍ਰਿਫਤਾਰੀ ਦੇ ਬਾਅਦ ਸੀ ਬੀ ਆਈ ਨੇ ਦਿੱਲੀ, ਪੰਚਕੂਲਾ, ਚੰਡੀਗੜ੍ਹ, ਵਾਰਾਣਸੀ ਅਤੇ ਪੱਛਮੀ ਬੰਗਾਲ ਦੇ ਚਿਤਰੰਜਨ ਸ਼ਹਿਰ ਦੇ ਸਮੇਤ ਲੋਕੋਮੋਟਿਵ ਵਰਕਸ ਦੇ ਅਧਿਕਾਰੀ ਦੇ 17 ਟਿਕਾਣਿਆਂ ਉੱਤੇ ਛਾਪੇਮਾਰੇ ਅਤੇ ਕਰੀਬ 1.22 ਕਰੋੜ ਰੁਪਏ ਦੀ ਨਕਦ ਰਾਸ਼ੀ, ਪੰਜ ਸੌ ਗਰਾਮ ਸੋਨਾ ਅਤੇ ਦਿੱਲੀ, ਨੋਇਡਾ, ਗੁਰੂਗਰਾਮ, ਹੈਦਰਾਬਾਦ, ਪਟਨਾ ਤੇ ਰਾਂਚੀ ਵਿੱਚ ਜਾਇਦਾਦਾਂ ਦੇ ਬਰਾਮਦ ਕੀਤੇ ਗਏ ਹਨ।

## ਪ੍ਰੇਮਿਕਾ ਵੱਲੋਂ ਵਿਆਹ ਤੋਂ ਨਾਂਹ, ਪ੍ਰੇਮੀ ਕਰਾਉਣ ਲੱਗਾ ਜੈਂਡਰ ਚੇਂਜ

ਨਵੀਂ ਦਿੱਲੀ, 12 ਫਰਵਰੀ (ਪੋਸਟ ਬਿਊਰੋ)- ਇਸ਼ਕ ਵਿੱਚ ਇਨਸਾਨ ਇੰਨਾ ਅੰਨਾ ਹੋ ਜਾਂਦਾ ਹੈ ਕਿ ਕਈ ਅਜੀਬੋ ਗਰੀਬ ਮਾਮਲੇ ਸਾਹਮਣੇ ਆਉਂਦੇ ਹਨ। ਇਸੇ ਤਰ੍ਹਾਂ ਦਾ ਇੱਕ ਕੇਸ ਹੋਰ ਸਾਹਮਣੇ ਆਇਆ ਹੈ। ਇਹ ਮਾਮਲਾ 32 ਸਾਲ ਦੇ ਇੱਕ ਨੌਜਵਾਨ ਦਾ ਹੈ, ਜੋ ਦਿੱਲੀ ਵਿੱਚ ਮਲਟੀਨੈਸ਼ਨਲ ਕੰਪਨੀ ਵਿੱਚ ਕੰਮ ਕਰਦਾ ਹੈ। ਇਸ ਨੌਜਵਾਨ ਨੂੰ ਇੱਕ ਮਹਿਲਾ ਨਾਲ ਪ੍ਰੇਮ ਹੋ ਗਿਆ, ਜਿਸ ਦੇ ਪਤੀ ਦੀ ਕੋਰੋਨਾ ਨਾਲ ਮੌਤ ਹੋ ਗਈ ਸੀ। ਇਸ ਮਹਿਲਾ ਦੀ ਇੱਕ ਬੇਟੀ ਹੈ। ਦੋਵੇਂ ਕਰੀਬ ਛੇ ਮਹੀਨੇ ਪਹਿਲਾਂ ਮਿਲੇ। ਉਹ ਆਪਣੇ ਘਰ ਨਹੀਂ ਜਾਣਾ ਚਾਹੁੰਦਾ। ਔਰਤ ਇਕੱਲੀ ਰਹਿੰਦੀ ਹੈ। ਇੱਥੋਂ ਉਨ੍ਹਾਂ ਦੀ ਦੋਸਤੀ ਸ਼ੁਰੂ ਹੋਈ ਅਤੇ ਪਿਆਰ ਹੋ ਗਿਆ। ਉਕਤ ਨੌਜਵਾਨ ਨੇ ਜਦ ਵਿਆਹ ਦੀ ਗੱਲ ਚਲਾਈ ਤਾਂ ਵਿਧਵਾ ਪ੍ਰੇਮਿਕਾ ਨੇ ਇਨਕਾਰ ਕਰ ਦਿੱਤਾ। ਪ੍ਰੇਮੀ ਦਾ ਦਿਲ ਇਸੇ ਮਹਿਲਾ ਨਾਲ ਰਹਿਣ ਨੂੰ ਕਰ ਰਿਹਾ ਸੀ। ਫਿਰ ਨੌਜਵਾਨ ਨੇ ਫੈਸਲਾ ਕਰ ਲਿਆ ਕਿ ਉਹ ਆਪਣਾ ਜੈਂਡਰ ਚੇਂਜ ਕਰਵਾ ਦੇਵੇਗਾ। ਜਦੋਂ ਨੌਜਵਾਨ ਨੇ ਟ੍ਰੀਟਮੈਂਟ ਸ਼ੁਰੂ ਕਰਾਇਆ ਤਾਂ ਪਰਵਾਰ ਵਾਲੇ ਵਿਰੋਧ ਕਰਨ ਲੱਗੇ। ਐਡਵੋਕੇਟ ਸਰਿਤਾ ਕੋਲ ਕੌਂਸਲਿੰਗ ਦੌਰਾਨ ਨੌਜਵਾਨ ਨੇ ਦੱਸਿਆ ਕਿ ਜੈਂਡਰ ਚੇਂਜ ਕਰਾਉਣ ਲਈ ਪਹਿਲੇ ਸਟੈਪ ਵਿੱਚ ਹਾਰਮੋਨਲ ਚੇਂਜ ਕਰਨ ਦੀ ਦਵਾਈ ਲਈ ਸੀ। ਉਹ ਕਰੀਬ ਇੱਕ ਮਹੀਨੇ ਤੋਂ ਇਹ ਦਵਾਈ ਲੈ ਰਿਹਾ ਸੀ। ਇਸ ਕਾਰਨ ਉਸ ਵਿੱਚ ਕਾਫੀ ਬਦਲਾਅ ਆ ਗਏ ਹਨ।

# ਵੀਡੀਓ ਗੇਮ ’ਚ ਬਿਲਡਿੰਗ ਉਡਾਉਣ ਦੀ ਸਾਜ਼ਿਸ਼ ਰਚਣ ’ਤੇ ਨਾਬਾਲਗ ਨੂੰ ਜੇਲ੍ਹ ਜਾਣਾ ਪਿਆ



ਮਾਸਕੋ, 13 ਫਰਵਰੀ (ਪੋਸਟ ਬਿਊਰੋ)- ਇੱਕ 16 ਸਾਲਾ ਰੂਸੀ ਲੜਕੇ ਉੱਤੇ ਵੀਡੀਓ ਗੇਮ ਵਿੱਚ ਵਰਚੁਅਲ ਬਿਲਡਿੰਗ ਨੂੰ ਉਡਾਉਣ ਦੀ ਯੋਜਨਾ ਬਣਾਉਣ ਦਾ ਦੋਸ਼ ਲੱਗਾ ਹੈ। ਇਸ ਕੇਸ ਵਿੱਚ ਲੜਕੇ ਨੂੰ ਮਿਲਟਰੀ ਕੋਰਟ ਨੇ ਪੰਜ ਸਾਲ ਦੀ ਜੇਲ੍ਹ ਸੁਣਾਈ ਹੈ। ਇਸ ਉੱਤੇ ਵਿਰੋਧੀ ਧਿਰ ਰੂਸੀ ਸਰਕਾਰ ਉੱਤੇ ਸਵਾਲ ਖੜ੍ਹੇ ਕੀਤੇ ਹਨ।

ਡੇਲੀ ਮੇਲ ਦੀ ਰਿਪੋਰਟ ਮੁਤਾਬਕ 16 ਸਾਲਾ ਲੜਕੇ ਦਾ ਨਾਅ ਨਿਕਿਤਾ ਉਵਾਰੋਵ ਹੈ, ਜਿਸ ਨੂੰ ਮਾਈਨਕਰਾਫਟ ਵੀਡੀਓ ਗੇਮ ਵਿੱਚ ਬਣਾਈ ਗਈ ਐਫ ਐਸ ਬੀ (ਫੈਡਰਲ ਸਕਿਓਰਿਟੀ ਸਰਵਿਸ) ਦੀ ਇੱਕ ਵਰਚੁਅਲ ਬਿਲਡਿੰਗ ਨੂੰ ਉਡਾਉਣ ਦੀ ਪਲਾਨਿੰਗ ਦੇ ਦੋਸ਼ ਵਿੱਚ ਪੰਜ ਸਾਲ ਜੇਲ੍ਹ ਹੋਈ ਹੈ। ਵਕੀਲ ਪਾਵੇਲ ਚਿਕੋਵ ਨੇ ਦੱਸਿਆ ਕਿ ਉਵਾਰੋਵ ਨੂੰ ਸਾਇਬੇਰੀਆ ਵਿੱਚ ਮਿਲਟਰੀ ਕੋਰਟ ਨੇ ਅੱਤਵਾਦੀ ਗਤੀਵਿਧੀਆਂ ਲਈ ਟਰੇਨਿੰਗ ਦੇ ਦੋਸ਼ ਵਿੱਚ ਸਜ਼ਾ ਸੁਣਾਈ ਹੈ। ਓਧਰ ਦੋ ਹੋਰਾਂ ਦੋਸ਼ੀਆਂ ਨੂੰ ਅਪਰਾਧਕ ਦੋਸ਼ਾਂ ਤੋਂ ਮੁਕਤ ਕਰ ਦਿੱਤਾ ਗਿਆ ਹੈ। ਉਨ੍ਹਾਂ ਨੂੰ ਸਸਪੈਂਡਿਡ ਸਜ਼ਾ ਦਿੱਤੀ ਗਈ ਹੈ, ਕਿਉਂਕਿ ਉਨ੍ਹਾਂ ਨੇ ਕੇਸ ਵਿੱਚ ਜਾਂਚ ਟੀਮ ਨਾਲ ਸਹਿਯੋਗ ਕੀਤਾ ਸੀ।

## ਮਹਾ ਵਿਕਾਸ ਅਘਾੜੀ ਬਨਾਮ ਭਾਜਪਾ ਮਾਮਲਾ ਰਾਸ਼ਟਰਪਤੀ ਕੋਲ ਪੁੱਜਾ

### * ਸੁਪਰੀਮ ਕੋਰਟ ਦਾ ਦਖਲ ਰੋਕਣ ਦੀ ਮੰਗ

ਮੁੰਬਈ, 13 ਫਰਵਰੀ (ਪੋਸਟ ਬਿਊਰੋ)- ਮਹਾਰਾਸ਼ਟਰ ਵਿਧਾਨ ਸਭਾ ਵੱਲੋਂ ਭਾਜਪਾ ਦੇ 12 ਵਿਧਾਇਕਾਂ ਨੂੰ ਸਸਪੈਂਡ ਕਰਨ ਦਾ ਮੁੱਦਾ ਆਖਰ ਨੂੰ ਰਾਸ਼ਟਰਪਤੀ ਕੋਲ ਪਹੁੰਚ ਗਿਆ ਹੈ। ਵਿਧਾਨ ਪ੍ਰੀਸ਼ਦ ਦੇ ਚੇਅਰਮੈਨ ਤੇ ਡਿਪਟੀ ਸਪੀਕਰ ਨੇ ਰਾਸ਼ਟਰਪਤੀ ਨੂੰ ਮਿਲ ਕੇ ਵਿਧਾਇਕਾਂ ਵਿੱਚ ਸੁਪਰੀਮ ਕੋਰਟ ਦਾ ਦਖਲ ਰੋਕਣ ਦੀ ਮੰਗ ਕੀਤੀ ਹੈ।

ਰਾਸ਼ਟਰਪਤੀ ਰਾਮਨਾਥ ਕੋਵਿੰਦ ਨਾਲ ਬੈਠਕ ਦੇ ਬਾਅਦ ਮਹਾਰਾਸ਼ਟਰ ਵਿਧਾਨ ਪ੍ਰੀਸ਼ਦ ਦੇ ਚੇਅਰਮੈਨ ਰਾਮਰਾਜੇ ਨਾਇਕ ਨਿੰਬਾਲਕਰ, ਡਿਪਟੀ ਸਪੀਕਰ ਨੀਲਮ ਗੋਰਹੇ ਅਤੇ ਵਿਧਾਨ ਸਭਾ ਦੇ ਡਿਪਟੀ ਸਪੀਕਰ ਨਰਹਰੀ ਜਿਰਵਾਲ ਨੇ ਮਹਾਰਾਸ਼ਟਰ ਵਿਧਾਨ ਸਭਾ ਤੋਂ ਬਰਖਾਸਤ 12 ਭਾਜਪਾ ਵਿਧਾਇਕਾਂ ਦਾ ਮੁੱਦਾ ਉਠਾਇਆ। ਪਿਛਲੇ ਮਹੀਨੇ ਸੁਪਰੀਮ ਕੋਰਟ ਨੇ ਇਸ ਬਰਖਾਸਤਗੀ ਨੂੰ ਅਸੰਵਿਧਾਨਕ ਕਰਾਰ ਦੇਣ ਦੇ ਬਾਅਦ ਰੱਦ ਕਰ ਦਿੱਤਾ ਸੀ। ਮਹਾਰਾਸ਼ਟਰ ਵਿਧਾਨ ਸਭਾ ਦੇ ਪ੍ਰਤੀਨਿਧੀ ਮੰਡਲ ਨੇ ਰਾਸ਼ਟਰਪਤੀ ਨਾਲ ਮੁਲਾਕਾਤ ਕਰ ਕੇ ਵਿਧਾਇਕਾਂ ਵਿੱਚ ਅਦਾਲਤੀ ਦਖਲ ਨੂੰ ਰੋਕਣ ਦਾ ਅਪੀਲ ਕੀਤੀ। ਇਸ ਮਾਮਲੇ ਉੱਤੇ ਮਹਾਰਾਸ਼ਟਰ ਵਿਧਾਨ ਪ੍ਰੀਸ਼ਦ ਦੇ ਡਿਪਟੀ ਸਪੀਕਰ ਨੀਲਮ ਗੋਰਹੇ ਨੇ ਕਿਹਾ ਕਿ ਮੁੱਦਾ ਇਹੀ ਹੈ ਕਿ ਕਿਸ ਹੱਦ ਤੱਕ ਵਿਧਾਨ ਮੰਡਲ ਦਾ ਜੋ ਅਧਿਕਾਰ ਹੈ, ਉਸ ਦੀ ਸੁਰੱਖਿਆ ਕੀਤੀ ਜਾਏ।ਸੁਪਰੀਮ ਕੋਰਟ ਦੇ ਨਤੀਜੇ ਨੂੰ ਵੀ ਰਾਸ਼ਟਰਪਤੀ ਪਲਟ ਸਕਦੇ ਹਨ। ਅਸੀਂ ਸਾਰੀਆਂ ਵਿਧਾਨ ਸਭਾ ਦੇ ਅਧਿਕਾਰਾਂ ਨੂੰ ਕਹਿੰਦੇ ਹਾਂ ਕਿ ਇਹ ਤੈਅ ਕਰਨ ਕਿ ਦਖਲ ਕਿੱਥੋਂ ਤਕ ਮਨਜ਼ੂਰ ਹੈ।

## ਬੀਮਾ ਕੰਪਨੀ ਨੂੰ ਸੂਚਨਾ ਵਿੱਚ ਦੇਰੀ ਕਾਰਨ ਦਾਅਵੇ ਤੋਂ ਇਨਕਾਰ ਨਹੀਂ ਹੋ ਸਕਦਾ: ਸੁਪਰੀਮ ਕੋਰਟ



ਨਵੀਂ ਦਿੱਲੀ, 13 ਫਰਵਰੀ (ਪੋਸਟ ਬਿਊਰੋ)- ਸੁਪਰੀਮ ਕੋਰਟ ਨੇ ਕੱਲ੍ਹ ਕਿਹਾ ਕਿ ਬੀਮਾ ਕੰਪਨੀ ਨੂੰ ਚੋਰੀ ਦੀ ਸੂਚਨਾ ਦੇਣ ਵਿੱਚ ਦੇਰੀ ਕਾਰਨ ਦਾਅਵੇ ਤੋਂ ਇਨਕਾਰ ਕੀਤਾ ਜਾ ਸਕਦਾ, ਜੇ ਚੋਰੀ ਦੀ ਘਟਨਾ ਦੀ ਸ਼ਿਕਾਇਤ ਦਰਜ ਕਰਾ ਦਿੱਤੀ ਹੈ। ਇਹ ਮਹੱਤਵਪੂਰਨ ਫੈਸਲਾ ਇੱਕ ਕੰਪਨੀ ਦੀ ਉਸ ਅਪੀਲ ਉੱਤੇ ਆਇਆ ਹੈ, ਜਿਸ ਵੱਲੋਂ ਬੀਮੇ ਵਾਲਾ ਟਰੱਕ ਨੂੰ ਚਾਰ ਨਵੰਬਰ 2007 ਨੂੰ ਲੁੱਟਿਆ ਗਿਆ ਸੀ ਅਤੇ ਪੁਲਸ ਨੇ ਅਗਲੇ ਦਿਨ ਦਰਜ ਕੀਤੀ ਸ਼ਿਕਾਇਤ ਉੱਤੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਸੀ, ਪ੍ਰੰਤੂ ਟਰੱਕ ਬਰਾਮਦ ਨਹੀਂ ਹੋ ਸਕਿਆ ਸੀ।

ਓਰੀਐਂਟਲ ਇੰਸ਼ੋਰੈਂਸ ਕੰਪਨੀ ਲਿਮਟਿਡ ਨੇ ਬੀਮਾ ਦਾਅਵੇ ਨੂੰ ਇਸ ਆਧਾਰ ਉੱਤੇ ਰੱਦ ਕੀਤਾ ਸੀ ਕਿ ਟਰੱਕ ਚੋਰੀ ਦੀ ਘਟਨਾ ਦੀ ਸੂਚਨਾ ਇੱਕ ਦਿਨ ਬਾਅਦ ਦਿੱਤੀ ਸੀ। ਬੀਮਾ ਕੰਪਨੀ ਨੇ ਕੌਮੀ ਖਪਤਕਾਰ ਵਿਵਾਦ ਨਿਵਾਰਣ ਕਮਿਸ਼ਨ (ਐਨ ਸੀ ਡੀ ਆਰ ਸੀ) ਤੋਂ ਮੁਕੱਦਮਾ ਜਿੱਤ ਲਿਆ ਸੀ। ਸੁਪਰੀਮ ਕੋਰਟ ਦੇ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਬੇਲਾ ਐਮ ਤ੍ਰਿਵੇਦੀ ਦੀ ਬੈਂਚ ਨੇ ਐਨ ਸੀ ਡੀ ਆਰ ਸੀ ਦਾ ਫੈਸਲਾ ਰੱਦ ਕਰ ਕੇ ਕਿਹਾ ਸੀ ਕਿ ਜੇ ਤੁਰੰਤ ਸ਼ਿਕਾਇਤ ਦਰਜ ਕਰਾਈ ਹੋਵੇ ਤਾਂ ਬੀਮਾ ਕੰਪਨੀ ਨੂੰ ਸੂਚਨਾ ਦੇਣ ਵਿੱਚ ਦੇਰੀ ਕਾਰਨ ਦਾਅਵਾ ਰੱਦ ਨਹੀਂ ਹੋ ਸਕਦਾ। ਬੈਂਚ ਵੱਲੋਂ ਜਸਟਿਸ ਤ੍ਰਿਵੇਦੀ ਵੱਲੋਂ ਲਿਖੇ ਇਸ ਫੈਸਲੇ ਮੁਤਾਬਕ ਕੇਸ ਦੇ ਤੱਥਾਂ ਉੱਤੇ ਵਿਚਾਰ ਕਰਦੇ ਹੋਏ ਕਿਹਾ ਗਿਆ ਹੈ ਕਿ ਆਈਨਾ ਕੰਸਟ੍ਰਕਸ਼ਨ ਕੰਪਨੀ ਨੇ ਟਰੱਕ ਚੋਰੀ ਦੀ ਸ਼ਿਕਾਇਤ ਅਗਲੇ ਦਿਨ ਤੁਰੰਤ ਦਰਜ ਕਰਾਈ ਗਈ ਸੀ ਤੇ ਦੋਸ਼ੀ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਤੇ ਦੋਸ਼ ਪੱਤਰ ਵੀ ਦਾਇਰ ਕੀਤੇ ਗਏ ਸਨ।

# ਪ੍ਰਦਰਸ਼ਨਕਾਰੀਆਂ ਨੂੰ ਹਟਾਉਣ ਲਈ ਨਿਊਜ਼ੀਲੈਂਡ ਪੁਲਸ ਦਾ ਅਨੋਖਾ ਤਰੀਕਾ




ਵੈਲਿੰਗਟਨ, 13 ਫਰਵਰੀ (ਪੋਸਟ ਬਿਊਰੋ)- ਨਿਊਜ਼ੀਲੈਂਡ ਵਿੱਚ ਲਾਜ਼ਮੀ ਕੋਵਿਡ-19 ਟੀਕਾਕਰਨ ਦਾ ਵਿਰੋਧ ਕਰਦੇ ਲੋਕਾਂ ਨੂੰ ਖਿੰਡਾਉਣ ਲਈ ਪੁਲਸ ਨੇ ਪਾਣੀ ਦੀਆਂ ਤੋਪਾਂ ਚਲਾਉਣ ਤੋਂ ਇਲਾਵਾ ਇੱਕ ਅਨੋਖਾ ਤਰੀਕਾ ਅਪਣਾਉਂਦੇ ਹੋਏ ਅਮਰੀਕੀ ਗਾਇਕ ਬੇਰੀ ਮੈਨੀਲੋ ਦੇ ਗੀਤਾਂ ਦਾ ਸਹਾਰਾ ਲਿਆ।

ਪਾਰਲੀਮੈਂਟ ਦੇ ਘਾਹ ਵਾਲੇ ਮੈਦਾਨ ਵਿੱਚ ਡੇਰਾ ਲਾਈ ਬੈਠੇ ਹੋਏ ਹਜ਼ਾਰਾਂ ਪ੍ਰਦਰਸ਼ਨਕਾਰੀਆਂ ਨੂੰ ਹਟਾਉਣ ਲਈ ਪੁਲਸ ਨੇ ਮੰਗਲਵਾਰ ਨੂੰ ਪਾਣੀ ਦੀਆਂ ਤੋਪਾਂ ਚਲਾਈਆਂ। ਇਸ ਦਾ ਬਹੁਤਾ ਅਸਰ ਨਹੀਂ ਹੋਇਆ, ਸਗੋਂ ਜਵਾਬ ਵਿੱਚ ਪ੍ਰਦਰਸ਼ਨਕਾਰੀਆਂ ਨੇ ਜ਼ਮੀਨ ਵਿੱਚ ਟੋਏ ਪੁੱਟ ਕੇ ਪਾਣੀ ਦੀ ਨਿਕਾਸੀ ਲਈ ਆਰਜ਼ੀ ਪਾਈਪਾਂ ਪਾ ਦਿੱਤੀਆਂ।ਕੱਲ੍ਹ ਜਦੋਂ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ ਤਾਂ ਪ੍ਰਦਰਸ਼ਨਕਾਰੀਆਂ ਦੀ ਗਿਣਤੀ ਘਟਣ ਦੀ ਥਾਂ ਵਧ ਗਈ। ਇਸ ਤੋਂ ਬਾਅਦ ਪਾਰਲੀਮੈਂਟ ਦੇ ਸਪੀਕਰ ਟਰੈਵਰ ਮੈਲਾਰਡ ਨੇ ਪ੍ਰਦਰਸ਼ਨਕਾਰੀਆਂ ਨੂੰ ਬੇਚੈਨ ਕਰਨ ਦਾ ਨਵਾਂ ਤਰੀਕਾ ਲੱਭਿਆ। ਉਨ੍ਹਾਂ ਨੇ ਲਾਊਡ ਸਪੀਕਰ ਲਾ ਕੇ ਟੀਕੇ ਦੇ ਸੰਦੇਸ਼ ਉੱਚੀ ਆਵਾਜ਼ ਵਿੱਚ ਕਈ ਵਾਰ ਚਲਾਏ ਅਤੇ ਬੈਰੀ ਮੈਨੀਲੋ ਦਾ ਪ੍ਰਸਿੱਧ ਗੀਤ 'ਮਾਕਰੇਨਾ' ਨੂੰ ਵਾਰ ਵਾਰ ਚਲਾਇਆ। ਇਸ ਦੇ ਜਵਾਬ ਵਿੱਚ ਪ੍ਰਦਰਸ਼ਨਕਾਰੀਆਂ ਨੇ ਟਵਿਸਟਰ ਸਿਸਟਰ ਦਾ ਗੀਤ 'ਵੀ ਆਰ ਨਾਟ ਗੋਨਾ ਟੇਕ ਇਟ' ਵਜਾਇਆ।ਪੁਲਸ ਨੇ ਵੀਰਵਾਰ ਤੋਂ ਕੱਲ੍ਹ ਤਕ ਵੈਲਿੰਗਟਨ ਵਿੱਚ ਪਾਰਲੀਮੈਂਟ ਭਵਨ ਦੇ ਬਾਹਰ ਸੜਕ ਉੱਤੇ ਡੇਰੇ ਲਾਈ ਬੈਠੇ 122 ਪ੍ਰਦਰਸ਼ਨਕਾਰੀਆਂ ਨੂੰ ਗ੍ਰਿਫਤਾਰ ਕੀਤਾ ਹੈ।

ਇਸ ਦੌਰਾਨ ਪੁਲਸ ਮੁਲਾਜ਼ਮਾਂ ਨੇ ਰੱਖਿਆ ਜੈਕੇਟਾਂ ਪਾਈਆਂ ਹੋਈਆਂ ਸਨ, ਪਰ ਉਨ੍ਹਾਂ ਦੇ ਹੱਥਾਂ ਵਿੱਚ ਦੰਗਾ ਵਿਰੋਧੀ ਸ਼ੀਲਡਾਂ ਜਾਂ ਬੰਦੂਕਾਂ ਨਹੀਂ ਸਨ। ਪੁਲਸ ਨੇ ਕਿਹਾ ਕਿ ਉਨ੍ਹਾਂ ਨੇ ਸਾਰੇ ਪ੍ਰਦਰਸ਼ਨਕਾਰੀਆਂ ਨੂੰ ਚਿਤਾਵਨੀ ਦਿੱਤੀ ਸੀ ਕਿ ਉਹ ਉੱਥੇ ਗੈਰ ਕਾਨੂੰਨੀ ਤੌਰ ਉੱਤੇ ਮੌਜੂਦ ਹਨ। ਨਿਊਜ਼ੀਲੈਂਡ ਵਿੱਚ ਮੰਗਲਵਾਰ ਨੂੰ ਪ੍ਰਦਰਸ਼ਨ ਸ਼ੁਰੂ ਹੋਏ, ਜਦੋਂ ਕੋਵਿਡ-19 ਰੋਕਥਾਮ ਦਿਸ਼ਾ ਨਿਰਦੇਸ਼ਾਂ ਬਾਰੇ ਕੈਨੇਡਾ ਸਮੇਤ ਹੋਰ ਦੇਸ਼ਾਂ ਵਿੱਚ ਜਾਰੀ ਪ੍ਰਦਰਸ਼ਨਾਂ ਤੋਂ ਪ੍ਰੇਰਿਤ ਕਾਰ ਅਤੇ ਟਰੱਕ ਸਵਾਰ 1000 ਲੋਕਾਂ ਦਾ ਕਾਫਲਾ ਪਾਰਲੀਮੈਂਟਮੂਹਰੇ ਦੀਆਂ ਸੜਕਾਂ ਉੱਤੇ ਇਕੱਠਾ ਹੋ ਗਿਆ।ਪ੍ਰਦਰਸ਼ਨਕਾਰੀ ਨਿਊਜ਼ੀਲੈਂਡ ਵਿੱਚ ਟੀਚਰਾਂ, ਡਾਕਟਰਾਂ, ਨਰਸਾਂ, ਪੁਲਸ ਅਤੇ ਫੌਜੀ ਕਰਮਚਾਰੀਆਂ ਸਮੇਤ ਕੁਝ ਹੋਰ ਕਰਮਚਾਰੀਆਂ ਲਈ ਕੋਵਿਡ-19 ਟੀਕਾਕਰਨ ਨੂੰ ਲਾਜ਼ਮੀ ਬਣਾਉਣ ਦਾ ਵਿਰੋਧ ਕਰ ਰਹੇ ਹਨ।

## ਨਰਿੰਦਰ ਮੋਦੀ ਨੂੰ ਰਾਮ ਦਾ ਅਵਤਾਰ ਦੱਸਣ ਵਾਲਾ ਵਿਧਾਇਕ ਭਾਜਪਾ ਦੇ ਵਿਰੁੱਧ ਤੁਰ ਪਿਆ



ਬਲੀਆ, 13 ਫਰਵਰੀ (ਪੋਸਟ ਬਿਊਰੋ)- ਕਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਭਗਵਾਨ ਰਾਮ ਦਾ ਅਵਤਾਰ ਦੱਸਣ ਤੇ ਭਾਜਪਾ ਦਾ ਵਿਰੋਧ ਕਰਨ ਵਾਲਿਆਂ ਨੂੰ ਪਾਕਿਸਤਾਨ ਭੇਜਣ ਦੀ ਗੱਲ ਕਰਨ ਲਈ ਚਰਚਿਤ ਸੁਰਿੰਦਰ ਸਿੰਘ ਅੱਜ ਕੱਲ੍ਹ ਟਿਕਟ ਕੱਟੇ ਜਾਣ ਪਿੱਛੋਂ ਦੂਜੀ ਪਾਰਟੀ ਤੋਂ ਚੋਣ ਲੜਦੇ ਅਤੇ ਭਾਜਪਾ ਵਿਰੁੱਧ ਬੋਲ ਰਹੇ ਹਨ।

ਸਾਲ 2017 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਬੈਰੀਆ ਖੇਤਰ ਤੋਂ ਵਿਧਾਇਕ ਚੁਣੇ ਗਏ ਸੁਰਿੰਦਰ ਸਿੰਘ ਨੇ ਪਿਛਲੇ ਦਿਨੀਂ ਆਪਣਾ ਟਿਕਟ ਕੱਟੇ ਜਾਣ ਉੱਤੇ ਬਗਾਵਤ ਦਾ ਝੰਡਾ ਚੁੱਕ ਲਿਆ ਅਤੇ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦਾ ਐਲਾਨ ਕਰ ਦਿੱਤਾ ਸੀ। ਕੁਝ ਦਿਨ ਪਹਿਲਾਂ ਉਹ ਬਿਹਾਰ ਦੀ ਸਰਕਾਰ ਵਿੱਚ ਸ਼ਾਮਲ ਵਿਕਾਸਸ਼ੀਲ ਇਨਸਾਨ ਪਾਰਟੀ (ਵੀ ਆਈ ਪੀ) ਵਿੱਚ ਸ਼ਾਮਲ ਹੋ ਗਏ ਅਤੇ ਉਨ੍ਹਾਂ ਨੂੰ ਪਾਰਟੀ ਨੇ ਬੈਰੀਆ ਸੀਟ ਤੋਂ ਟਿਕਟ ਵੀ ਦੇ ਦਿੱਤਾ ਹੈ।ਭਾਜਪਾ ਪ੍ਰਤੀ ਨਾਰਾਜ਼ਗੀ ਜ਼ਾਹਰ ਕਰਦੇ ਹੋਏ ਸੁਰਿੰਦਰ ਸਿੰਘ ਨੇ ਕਿਹਾ ਕਿ ਭਾਜਪਾ ਕਦੇ-ਕਦੇ ਜ਼ਮੀਨੀ ਸੱਚਾਈ ਜਾਣੇ ਬਿਨਾਂ ਟਿਕਟ ਵੰਡਦੀ ਹੈ। ਉਨ੍ਹਾਂ ਕਿਹਾ, ''ਭਾਜਪਾ ਦੇ ਲੋਕ ਦਿੱਲੀ ਵਿੱਚ ਏ ਸੀ ਕਮਰਿਆਂ ਵਿੱਚ ਬੈਠ ਕੇ ਨੈਤਿਕਤਾ ਅਤੇ ਸਖਤ ਮਿਹਨਤ ਦੀਆਂ ਗੱਲਾਂ ਕਰਦੇ ਹਨ। ਉਨ੍ਹਾਂ ਨੂੰ ਜ਼ਮੀਨੀ ਸੱਚਾਈ ਬਾਰੇ ਕੁਝ ਨਹੀਂ ਪਤਾ।''

ਕੀ ਤੁਸੀਂ ਕਰਜ਼ੇ ਵਿੱਚ ਹੋ?
ਕੀ ਤੁਸੀਂ ਕਲੈਕਸ਼ਨ ਕਾਲ ਤੋਂ ਅੱਕ ਚੁੱਕੇ ਹੋ?

BOOK YOUR FREE CONSULTATION

ਹੁਣ ਘਬਰਾਉਣ ਦੀ ਜ਼ਰੂਰਤ ਨਹੀਂ
ਹੁਣ ਗੋਮਾ ਸੰਧੂ ਕਰਨਗੇ ਤੁਹਾਡੇ ਕਰੈਡਿਟ ਕਾਰਡ, ਲੋਨ ਤੇ ਟੈਕਸ ਦੇ ਕਰਜ਼ੇ ਦਾ ਹੱਲ ਤੇ ਤੁਹਾਡੇ ਕਰਜ਼ੇ ਦਾ ਲਗਭਗ 75% ਘਟਾਉਣ ਵਿੱਚ ਮਦਦ ਕਰਨਗੇ
ਜੇਕਰ ਤੁਸੀਂ ਸੂ ਹੋ ਚੁੱਕੇ ਹੋ ਤੇ ਤੁਸੀਂ ਘਰ ਤੇ ਲੀਨ ਪੈਣ ,ਵੇਜ ਗਾਰਨੀਸ਼ਮੈਂਟ ਅਤੇ ਬੈਂਕ ਅਕਾਊਂਟ ਨੂੰ ਫ੍ਰੀਜ਼ ਹੋਣ ਤੋਂ ਬਚਾਉਣਾ ਚਾਹੁੰਦੇ ਹੋ ,ਅਤੇ ਤੁਸੀਂ ਆਪਣੀ ਕਾਰ ਤੇ ਟਰੱਕ ਦੀ ਕਿਸ਼ਤ ਨਹੀਂ ਦਿੱਤੀ ਤੇ ਤੁਹਾਡਾ ਐਸੇਟ ਸਰਨਡਰ ਹੋ ਗਿਆ ਹੈ ਤਾ
ਹੁਣ ਹੀ ਮੁਫ਼ਤ ਸਲਾਹ ਲਈ ਕਾਲ ਕਰੋ ਗੋਮਾ ਸੰਧੂ 4167316382
-Collection Calls
-Personal Taxes
-GST/HST
-Credit Card Debts
-Personal Loans
-Pay Day Loans
-Student Loans
-Wage Garnishment
-Writ on your property
-Frozen Bank Accounts
CONTACT US:
Goma Sandhu
(416)-731-6382
gomasandhu@hotmail.com
WE HELP...
-Save your Assets
-Avoid Bankruptcy
-Small monthly payments
-Rebuild your credit
YOUR DEBT MY SOLUTION

ਆਪਣੇ ਮਨ ਪਸੰਦ ਦੇ ਸੂਟ, ਸ਼ਾਲ, ਲਹਿੰਗਾ ਅਤੇ ਡੀਜ਼ਾਈਨਰ ਸੂਟ ਲੈਣ ਲਈ ਸੰਪਰਕ ਕਰੋ:
01191-9779100149














## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769










## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013






## ਲੜਕੀ ਦੀ ਲੋੜ

ਜੱਟ ਸਿੱਖ ਲੜਕਾ, 29, ਕੱਦ 5 ਫੁੱਟ, 9 ਇੰਚ, ਅਮਰੀਕਾ ਜੰਮਪਲ, ਸਾਰਾ ਪਰਿਵਾਰ ਵੈਲ ਸੈਟਲਡ, Residency doctor ਕਰ ਰਹੇ ਲੜਕੇ ਲਈ ਅਮਰੀਕਨ ਜਾਂ ਕੈਨੇਡੀਅਨ ਜੰਮਪਲ ਲੜਕੀ ਦੀ ਲੋੜ ਹੈ। ਸੰਪਰਕ:+12627165859, email: karan2@sbcglobal.net

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

Sikh Ramgarhiya family seeking match for their son 29 years, 6ft. Masters in Computer Science, working as a Software developer in a US based company. Boy is a PR and well settled in Canada. Preference will be given to someone already in Canada. Please contact +1-613-769-2680 or +91-97799-21292.

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੈਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013







## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com








Other Realtors only Promise
But JAG AUJLA SOLD YOUR HOME WITH
GUARANTEE

Advertisement
GUARANTEED
Till SOLD

# JAG AUJLA
REAL ESTATE BROKER

DIR: 416-371-7777
j.aujla@rogers.com www.jagaujla.com

RE/MAX Realty Specialist Inc., Brokerage (Independently Owned and Operated)
Off: 905-456-3232
www.BramptonTopRelator.com

Top 1% Broker
Call For a Quick & Free Home Evaluation
www.BramptonQuickHomeEvaluation.com

**2016,2015,2014,2013 **(2009,2008) 2012,2011,2010) **(RE/MAX International) **(2010) **(2014)

ਘਰਾਂ ਦੀਆਂ ਨਵੀਆਂ
ਲਿਸਟਿੰਗਾਂ (Listings)
ਦੀ ਬਹੁਤ ਲੋੜ ਹੈ




ਕੈਨੇਡੀ / ਦੁੱਗਲ

ਬਰੈਂਡ ਨੀਊ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਡਰੂਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਈਨਿੰਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਊਂਟਰ ਟਾਪ। ਮੈਨ ਫਲੋਰ ਲਾਂਡਰੀ ਹੈ।
ਵਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇ ਸੰਪਰਕ ਕਰ ਸਕਦੇ ਹੋ।




Queen St / West Drive $514,905

12 laurelcrest St. 411
Queen St./West Drive
ਕੁਈਨ ਸਟਰੀਟ ਤੇ ਵੈਸਟ ਡਰਾਈਵ ਉਤੇ ਬਹੁਤ ਹੀ ਸੋਹਣਾ ਕੋਂਡੋ ਆਰਟਮੈਂਟ। 24 ਘੰਟੇ ਸਿਕਿਓਰਟੀ ਦੇ ਨਾਲ ਫੁਲੀ ਰੈਨੋਵੇਟਡ ਘਰ। ਜਿਸ ਵਿਚ ਮਾਸਟਰ ਬੈਡਰੂਮ, 4 ਪੀਸੀ ਵਾਸ਼ਰੂਮ ਇਨਸੂਟ ਹਨ। ਇਹ ਘਰ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ ਹਾਈਵੇ 410 ਦੇ ਨੇੜੇ ਹੈ।




$ 1,199,905 Bramlea Rd./Bovaird Dr.
2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈਂਡਰੂਮ, 3 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।
ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777




24 Youngstar Tr
Hwy 50/Cottrelle
2+1 ਬੈਡਰੂਮ, 3 ਵਾਸ਼ਰੂਮ ਦਾ ਬਹੁਤ ਹੀ ਵਧੀਆ ਘਰ। ਜਿਸ ਵਿਚ ਫਿਨਿਸ਼ਡ ਵਾਕ ਆਊਟ, ਬੇਸਮੈਂਟ, ਡਬਲ ਡੋਰ ਐਂਟਰੀ, ਹਾਰਡਵੁੱਡ ਫਲੋਰ, 2 ਫਰਿਜ, 2 ਡਰਾਇਰ, 2 ਸਟੋਵ, 2 ਵਾਸ਼ਰ ਹਾਈਵੇ ਹਨ। ਇਹ ਘਰ ਹਾਈਵੇ 50, 427, 407 ਦੇ ਨੇੜੇ ਸਥਿਤ ਹੈ ਤੇ ਨਾਲ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਹਨ। ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:
416-371-7777




34 Winterfold Dr
CREDITVIEW & BOVAIRD
(MOUNT PLEASANT)
ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ ਦੇ ਨਾਲ, ਖੁੱਲ੍ਹਾ ਮਾਸਟਰ ਬੈਂਡਰੂਮ ਇਨਸੂਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।




Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777

FREE ONLINE PROGRAM

JVS TORONTO

# Job Search Workshop for Newcomers



## Looking for information on how to enter your field in Canada?

Give us four days and we will give you more confidence and an understanding of your occupation in Canada. You will learn what skills and qualifications companies want and where the jobs are.

**This free workshop offers:**

- An assessment of your unique needs
- Info on Canadian business perspectives
- One-on-one coaching and resume building
- Job search strategies and support
- A personalized action plan

**New registrants must have an assessment prior to the start of the program.**

Open to permanent residents, convention refugees or live-in caregivers – internationally trained professionals who are able to work and can communicate in English.

Your First Steps to Employment in Canada

**Now accepting applications.**
**For more info and to register, contact JSW@jvstoronto.org**
www.jvstoronto.org

Funded by: Immigration, Refugees and Citizenship Canada
Financé par : Immigration, Réfugiés et Citoyenneté Canada
United Way Greater Toronto
UJA FEDERATION of Greater Toronto




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

621 Wanless drive, # 122
Brampton ON L7A 0A9
905-495-3336

80 Pertosa Drive
Brampton ON L5X-5E9
905-460-0009

2120 North park Drive
Brampton ON L6S 0C9
905-793-1338

21 Lacoste Blvd,
Brampton, ON L6P 2K2
905 794-8109

1075 Ceremonial Drive
Mississauga ON L5R 2Z4
905-502-1600

10510 Torbram Road,
Brampton
905-790-0030

10 Pannahill Dr,
Brampton
905 913-8017